ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 16 ਮਈ 2025 (ਨਾਨਕਸ਼ਾਹੀ ਸੰਮਤ : ੫੫੭, ੩ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243





## ਨਹੀਂ ਰੁੱਕ ਰਿਹਾ ਜ਼ਹਿਰੀਲੀ ਸ਼ਰਾਬ ਨਾਲ ਮਰਨ ਵਾਲਿਆਂ ਦਾ ਸਿਲਸਿਲਾ, ਹੁਣ ਤੱਕ ਹੋਈਆਂ 25 ਮੌਤਾਂ


ਅੰਮ੍ਰਿਤਸ, 15 ਮਈ (ਆਵਾਜ਼ਿ ਕੌਮ ਬਿਊਰੋ)– ਅੰਮ੍ਰਿਤਸਰ ਦੇ ਮਜੀਠਾ ਇਲਾਕੇ ਵਿੱਚ ਜ਼ਿਹਰੀਲੀ ਸ਼ਰਾਬ ਪੀਣ ਨਾਲ ਮਰਨ ਵਾਲਿਆਂ ਦੀ ਗਿਣਤੀ 25 ਹੋ ਗਈ ਹੈ, ਜਦ ਕਿ 10 ਲੋਕਾਂ ਦੀ ਹਾਲਤ ਗੰਭੀਰ ਬਣੀ ਹੋਈ ਹੈ। ਪੁਲਿਸ ਨੇ ਇਸ ਮਾਮਲੇ ਵਿੱਚ 18 ਲੋਕਾਂ ਖ਼ਿਲਾਫ਼ ਕਤਲ ਅਤੇ ਆਬਕਾਰੀ ਦਾ ਮਾਮਲਾ ਦਰਜ ਕੀਤਾ ਹੈ। 16 ਲੋਕਾਂ ਨੂੰ ਗ੍ਰਿਫ਼ਤਾਰ ਵੀ ਕੀਤਾ ਗਿਆ ਹੈ। ਜਾਂਚ ਨੂੰ ਅੱਗੇ ਵਧਾਉਂਦਿਆਂ ਹੋਇਆਂ ਹੁਣ ਲੁਧਿਆਣਾ ਵਿੱਚ ਫੜੇ ਗਏ ਸਾਹਿਬ ਕੈਮੀਕਲਜ਼ ਦੇ ਮਾਲਕ ਅਤੇ ਉਸ ਦੇ ਪੁੱਤਰ ਤੋਂ ਜਾਂਚ ਕੀਤੀ ਜਾ ਰਹੀ ਹੈ। ਹੁਣ ਤੱਕ ਇਹ ਗੱਲ ਸਾਹਮਣੇ ਆਈ ਹੈ ਕਿ ਮੁੱਖ ਦੋਸ਼ੀ ਸਾਹਿਬ ਸਿੰਘ ਨੇ ਲੁਧਿਆਣਾ ਦੇ ਸੁੱਖ ਐਨਕਲੇਵ ਵਿੱਚ ਸਥਿਤ ਸਾਹਿਲ ਕੈਮੀਕਲਜ਼ ਦੇ ਮਾਲਕਾਂ ਪੰਕਜ ਕੁਮਾਰ ਉਰਫ ਸਾਹਿਲ ਅਤੇ ਅਰਵਿੰਦ ਕੁਮਾਰ ਤੋਂ 50 ਲੀਟਰ ਮੈਥੇਨੌਲ ਮੰਗਵਾਇਆ ਸੀ ਪੰਕਜ ਅਤੇ ਅਰਵਿੰਦ ਨੇ ਪੁਲਿਸ ਨੂੰ ਦੱਸਿਆ ਕਿ ਦੋਸ਼ੀ ਨੇ ਸਾਬਣ ਬਣਾਉਣ ਦੇ ਨਾਮ 'ਤੇ ਉਨ੍ਹਾਂ ਤੋਂ ਇਹ ਮੈਥੇਨੌਲ ਮੰਗਵਾਇਆ ਸੀ, ਪਰ ਉਸ ਨੇ ਇਸਦੀ ਵਰਤੋਂ ਸ਼ਰਾਬ ਬਣਾਉਣ ਲਈ ਕੀਤੀ। ਦੋਵਾਂ ਦੀ ਗ੍ਰਿਫ਼ਤਾਰੀ ਤੋਂ ਬਾਅਦ ਲੁਧਿਆਣਾ ਦਾ ਆਬਕਾਰੀ ਵਿਭਾਗ ਅਤੇ ਈਟੀਓ–ਜੀਐਸਟੀ ਵੀ ਸਰਗਰਮ ਹੋ ਗਏ ਹਨ। ਸਾਹਿਬ ਕੈਮੀਕਲਜ਼ ਦਾ ਰਿਕਾਰਡ ਜ਼ਬਤ ਕਰ ਲਿਆ ਗਿਆ ਹੈ।

### ਭਾਰਤ ਨਾਲ ਪੰਗਾ ਲੈਣ ਵਾਲੇ ਦੋਵੇਂ ਪਾਕਿਸਤਾਨੀ 'ਕਪਤਾਨ' ਪੰਜਾਬੀ !

# ਸ਼ਰੀਫ ਦਾ ਤਰਨ ਤਾਰਨ ਤੇ ਜਨਰਲ ਮੁਨੀਰ ਦਾ ਜਲੰਧਰ ਨਾਲ ਜੁੜਿਆ ਪਿਛੋਕੜ

### ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ

ਭਾਰਤ ਤੇ ਪਾਕਿਸਤਾਨ ਵਿਚਕਾਰ ਵਧਦੇ ਫੌਜੀ ਤਣਾਅ ਦੇ ਵਿਚਕਾਰ ਪਾਕਿਸਤਾਨ ਦੇ ਦੋ ਸ਼ਖਸ ਕਾਫੀ ਚਰਚਾ ਵਿੱਚ ਹਨ। ਇੱਕ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਤੇ ਦੂਜੇ ਫੌਜ ਮੁਖੀ ਜਨਰਲ ਅਸੀਮ ਮੁਨੀਰ। ਇਹ ਦੋਵੇਂ ਪੰਜਾਬੀ ਹਨ ਤੇ ਇਨ੍ਹਾਂ ਦਾ ਪਿਛੋਕੜ ਵੀ ਭਾਰਤ ਨਾਲ ਜੁੜਿਆ ਹੋਇਆ ਹੈ। ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਦਾ ਪਰਿਵਾਰ ਤਰਨ ਤਾਰਨ ਤੇ ਜਨਰਲ ਅਸੀਮ ਮੁਨੀਰ ਦਾ ਪਰਿਵਾਰ ਜਲੰਧਰ ਵਿੱਚ ਰਹਿੰਦਾ ਸੀ। ਜਾਨੀ ਭਾਰਤ ਨਾਲ ਟਕਰਾਉਣ ਵਾਲੇ ਦੋਵੇਂ ਪੰਜਾਬੀ ਹੀ ਸਨ। ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਤੇ ਸਾਬਕਾ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ ਦੀਆਂ ਜੜ੍ਹਾਂ ਪੰਜਾਬ ਦੇ ਤਰਨ ਤਾਰਨ ਦੇ ਪਿੰਡ ਜਾਤੀ ਉਮਰਾ ਵਿੱਚ ਹਨ। ਇਹ ਉਨ੍ਹਾਂ ਦਾ ਜੱਦੀ ਪਿੰਡ ਹੈ, ਜੋ ਅੰਮ੍ਰਿਤਸਰ ਤੋਂ ਸਿਰਫ਼ 35–40 ਕਿਲੋਮੀਟਰ ਦੂਰ ਹੈ। ਜਾਤੀ ਉਮਰਾ ਪਿੰਡ ਪੰਜਾਬ ਦੇ ਤਰਨ ਤਾਰਨ ਜ਼ਿਲ੍ਹੇ ਵਿੱਚ ਸਥਿਤ ਹੈ। ਇੱਥੋਂ ਦਾ ਸ਼ਰੀਫ ਪਰਿਵਾਰ ਦਹਾਕਿਆਂ ਤੋਂ ਪਾਕਿਸਤਾਨ ਦੀ ਰਾਜਨੀਤੀ 'ਤੇ ਰਾਜ ਕਰ ਰਿਹਾ ਹੈ। ਜਿੱਥੇ ਮੁਹੰਮਦ ਸ਼ਰੀਫ ਯਾਨੀ ਸ਼ਾਹਬਾਜ਼ ਤੇ ਨਵਾਜ਼ ਦੇ ਪਿਤਾ ਦਾ ਜੱਦੀ ਘਰ ਹੁੰਦਾ ਸੀ, ਅੱਜ ਉਸ ਜਗ੍ਹਾ 'ਤੇ ਇੱਕ ਵੱਡਾ ਗੁਰਦੁਆਰਾ ਹੈ। ਭਾਵੇਂ ਇਹ ਜ਼ਮੀਨ ਨਵਾਜ਼ ਤੇ ਸ਼ਾਹਬਾਜ਼ ਸ਼ਰੀਫ ਦੇ ਪਰਿਵਾਰ ਦੀ ਹੈ ਪਰ ਹੁਣ ਇਸ 'ਤੇ ਜੋ ਪਿੰਡ ਵਾਸੀਆਂ ਦੇ ਦਾਨ ਨਾਲ ਉਸਾਰੀ ਕੀਤੀ ਜਾ ਰਹੀ ਹੈ। 1976 ਤੋਂ ਪਹਿਲਾਂ ਇੱਥੇ ਸ਼ਰੀਫ ਪਰਿਵਾਰ ਦੀ ਇੱਕ ਹਵੇਲੀ ਹੁੰਦੀ ਸੀ। ਨਵਾਜ਼ ਸ਼ਰੀਫ ਦੇ ਭਰਾ ਅੱਬਾਸ ਸ਼ਰੀਫ ਨੇ ਇਸ ਨੂੰ ਪਿੰਡ ਨੂੰ ਦਾਨ ਕਰ ਦਿੱਤਾ ਸੀ। ਅੱਬਾਸ ਪੇਸ਼ੇ ਤੋਂ ਇੱਕ ਵਪਾਰੀ ਸੀ। ਉਹ ਅਕਸਰ ਇੱਥੇ ਆਉਂਦਾ ਰਹਿੰਦਾ ਸੀ। ਹਾਲਾਂਕਿ, ਉਹ ਹੁਣ ਇਸ ਦੁਨੀਆਂ ਵਿੱਚ ਨਹੀਂ। 2013 ਵਿੱਚ ਉਸ ਦੀ ਮੌਤ ਹੋ ਗਈ। ਜਦੋਂ ਅੱਬਾਸ 1976 ਵਿੱਚ ਪਿੰਡ ਆਇਆ ਸੀ, ਤਾਂ ਉਸ ਨੂੰ ਹਵੇਲੀ ਦੀ ਖਸਤਾ ਹਾਲਤ ਦੇਖ ਕੇ ਬਹੁਤ ਦੁੱਖ ਹੋਇਆ। ਇੱਥੇ ਇਸ ਦੀ ਦੇਖਭਾਲ ਕਰਨ ਵਾਲਾ ਕੋਈ ਨਹੀਂ ਸੀ। ਇਸੇ ਲਈ ਉਸ ਨੇ ਇਸ ਨੂੰ ਪਿੰਡ ਨੂੰ ਦਾਨ ਕਰ ਦਿੱਤਾ। ਪਹਿਲਾਂ ਉਸ ਦੀ ਹਵੇਲੀ ਦੇ ਨਾਲ ਇੱਕ ਛੋਟਾ ਜਿਹਾ ਗੁਰਦੁਆਰਾ ਸੀ। ਉਸ ਦੀ ਜ਼ਮੀਨ ਪ੍ਰਾਪਤ ਕਰਨ ਤੋਂ ਬਾਅਦ ਗੁਰਦੁਆਰੇ ਦਾ ਵਿਸਥਾਰ ਕੀਤਾ ਗਿਆ। ਨਵਾਜ਼ ਸ਼ਰੀਫ ਦੇ ਪੁਰਖਿਆਂ ਦੀਆਂ ਕਬਰਾਂ ਪਹਿਲਾਂ ਵਾਂਗ ਹੀ ਹਨ। ਸਮੇਂ–ਸਮੇਂ 'ਤੇ ਉਨ੍ਹਾਂ ਦੀ ਮੁਰੰਮਤ ਕੀਤੀ ਜਾਂਦੀ ਹੈ। ਪਿੰਡ ਵਾਸੀ ਇਕੱਠੇ ਹੋ ਕੇ ਉਸ ਦੇ ਪਰਿਵਾਰ ਦੀ ਹਰ ਪੁਰਾਣੀ ਚੀਜ਼ ਦੀ ਦੇਖਭਾਲ ਕਰਦੇ ਹਨ। ਸ਼ਰੀਫ ਪਰਿਵਾਰ ਇਸ ਪਿੰਡ ਨੂੰ ਇੰਨਾ ਪਿਆਰ ਕਰਦਾ ਹੈ ਕਿ ਉਨ੍ਹਾਂ ਨੇ ਪਾਕਿਸਤਾਨ ਦੀ ਇਕਬਾਲ ਤਹਿਸੀਲ ਵਿੱਚ ਯੂਨੀਅਨ ਕੌਂਸਲ 124 ਵਿੱਚ ਇਸੇ ਨਾਮ ਨਾਲ ਇੱਕ ਹੋਰ ਪਿੰਡ ਬਣਾਇਆ।



## ਜਲੰਧਰ ਦੇ ਰਹਿਣ ਵਾਲੇ ਜਨਰਲ ਅਸੀਮ ਮੁਨੀਰ

**ਫੌਜ ਮੁਖੀ ਜਨਰਲ ਅਸੀਮ ਮੁਨੀਰ ਵੀ ਇੱਕ ਵਾਰ ਫਿਰ ਸੁਰਖੀਆਂ ਵਿੱਚ ਹਨ ਪਰ ਬਹੁਤ ਘੱਟ ਲੋਕ ਜਾਣਦੇ** ਹਨ ਕਿ ਭਾਰਤ ਖਿਲਾਫ ਲੜੇ ਮੁਨੀਰ ਦੇ ਪਰਿਵਾਰਕ ਸਬੰਧ ਭਾਰਤ ਦੇ ਹੀ ਪੰਜਾਬ ਦੇ ਜਲੰਧਰ ਜ਼ਿਲ੍ਹੇ ਨਾਲ ਹਨ। ਜਨਰਲ ਮੁਨੀਰ ਦੇ ਪਿਤਾ ਸਈਦ ਸਰਵਰ ਵੰਡ ਤੋਂ ਪਹਿਲਾਂ ਜਲੰਧਰ ਵਿੱਚ ਰਹਿੰਦੇ ਸਨ ਤੇ 1947 ਦੀ ਵੰਡ ਦੌਰਾਨ ਪਾਕਿਸਤਾਨ ਚਲੇ ਗਏ ਸਨ। ਜਦੋਂ 1947 ਵਿੱਚ ਭਾਰਤ–ਪਾਕਿਸਤਾਨ ਵੰਡ ਹੋਈ ਤਾਂ ਪੰਜਾਬ ਭਰ ਵਿੱਚ ਫਿਰਕੂ ਦੰਗੇ ਭੜਕ ਉੱਠੇ। ਜਨਰਲ ਮੁਨੀਰ ਦੇ ਪਿਤਾ ਸਈਦ ਸਰਵਰ ਮੁਨੀਰ ਕੁਝ ਸਮੇਂ ਲਈ ਪਾਕਿਸਤਾਨੀ ਪੰਜਾਬ ਦੇ ਟੋਬਾ ਟੇਕ ਸਿੰਘ ਜ਼ਿਲ੍ਹੇ ਵਿੱਚ ਆਪਣੇ ਪਰਿਵਾਰ ਨਾਲ ਰਹੇ ਤੇ ਫਿਰ ਉਹ ਰਾਵਲਪਿੰਡੀ ਦੇ ਢੇਰੀ ਹਸਨਾਬਾਦ ਇਲਾਕੇ ਵਿੱਚ ਵਸ ਗਏ। ਉਹ ਰਾਵਲਪਿੰਡੀ ਵਿੱਚ ਇੱਕ ਅਧਿਆਪਕ ਸਨ ਤੇ ਇੱਕ ਮਸਜਿਦ ਵਿੱਚ ਇਮਾਮਤ ਵੀ ਕਰਦੇ ਸਨ। ਜਨਰਲ ਅਸੀਮ ਮੁਨੀਰ ਪਾਕਿਸਤਾਨੀ ਫੌਜ ਦੇ ਉਨ੍ਹਾਂ ਕੁਝ ਅਧਿਕਾਰੀਆਂ ਵਿੱਚੋਂ ਇੱਕ ਹਨ ਜਿਨ੍ਹਾਂ ਨੇ ਪੂਰਾ ਕੁਰਾਨ ਸ਼ਰੀਫ ਯਾਦ ਕੀਤਾ ਹੋਇਆ ਹੈ। ਯਾਨੀ ਕਿ ਉਹ ਹਾਫਿਜ਼–ਏ–ਕੁਰਾਨ ਹਨ। ਉਨ੍ਹਾਂ ਨੇ ਇਹ ਸਬੂਤ ਉਦੋਂ ਦਿੱਤਾ ਜਦੋਂ ਉਹ ਸਾਊਦੀ ਅਰਬ ਵਿੱਚ ਇੱਕ ਪਾਕਿਸਤਾਨੀ ਫੌਜੀ ਅਫਸਰ ਵਜੋਂ ਤਾਇਨਾਤ ਸਨ। ਮੁਨੀਰ ਨੇ ਅਫਸਰ ਟ੍ਰੇਨਿੰਗ ਸਕੂਲਰਾਹੀਂ ਪਾਕਿਸਤਾਨੀ ਫੌਜ ਵਿੱਚ ਦਾਖਲਾ ਲਿਆ, ਜਿਸ ਨੂੰ ਪਾਕਿਸਤਾਨ ਮਿਲਟਰੀ ਅਕੈਡਮੀ ਦੇ ਮੁਕਾਬਲੇ ਇੱਕ ਵਿਕਲਪਿਕ ਤੇ ਘੱਟ ਵੱਕਾਰੀ ਰਸਤਾ ਮੰਨਿਆ ਜਾਂਦਾ ਹੈ। ਇਸ ਦੇ ਬਾਵਜੂਦ, ਉਨ੍ਹਾਂ ਨੂੰ ਲਗਾਤਾਰ ਫੌਜ ਵਿੱਚ ਤਰੱਕੀ ਮਿਲਦੀ ਰਹੀ ਤੇ ਹੁਣ ਉਨ੍ਹਾਂ ਨੂੰ ਪਾਕਿਸਤਾਨ ਦੇ ਸਭ ਤੋਂ ਸ਼ਕਤੀਸ਼ਾਲੀ ਵਿਅਕਤੀਆਂ ਵਿੱਚ ਗਿਣਿਆ ਜਾਂਦਾ ਹੈ। ਮੁਨੀਰ ਪਾਕਿਸਤਾਨ ਦੇ ਪਹਿਲੇ ਫੌਜ ਮੁਖੀ ਹਨ ਜਿਨ੍ਹਾਂ ਨੇ ਖੁਫੀਆ ਏਜੰਸੀਆਂ ਮਿਲਟਰੀ ਇੰਟੈਲੀਜੈਂਸ ਤੇ ਇੰਟਰ–ਸਰਵਿਸਿਜ਼ ਇੰਟੈਲੀਜੈਂਸ ਦੋਵਾਂ ਦੀ ਅਗਵਾਈ ਕੀਤੀ ਹੈ। 2018 ਵਿੱਚ **ISI** ਮੁਖੀ ਵਜੋਂ ਨਿਯੁਕਤ ਹੋਣ ਤੋਂ ਬਾਅਦ, ਉਨ੍ਹਾਂ ਨੇ ਨੌਂ ਮਹੀਨਿਆਂ ਦੇ ਅੰਦਰ ਇਮਰਾਨ ਖਾਨ ਨੂੰ ਆਪਣੀ ਪਤਨੀ ਬੁਸ਼ਰਾ ਬੀਬੀ ਦੀਆਂ ਕਥਿਤ ਭ੍ਰਿਸ਼ਟ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ, ਜਿਸ ਕਾਰਨ ਉਨ੍ਹਾਂ ਨੂੰ ਸਮੇਂ ਤੋਂ ਪਹਿਲਾਂ ਅਹੁਦੇ ਤੋਂ ਹਟਾ ਦਿੱਤਾ ਗਿਆ। ਉਨ੍ਹਾਂ ਨੇ 2022 ਵਿੱਚ ਇਮਰਾਨ ਨੂੰ ਸੱਤਾ ਤੋਂ ਹਟਾਉਣ ਤੋਂ ਬਾਅਦ ਫੌਜ ਮੁਖੀ ਬਣ ਕੇ ਉਸ ਅਪਮਾਨ ਦਾ ਬਦਲਾ ਲਿਆ। ਫਿਰ ਉਨ੍ਹਾਂ ਨੇ ਕਈ ਭ੍ਰਿਸ਼ਟਾਚਾਰ ਮਾਮਲਿਆਂ ਵਿੱਚ ਇਮਰਾਨ ਨੂੰ ਜੇਲ੍ਹ ਭੇਜ ਦਿੱਤਾ।



## ਡਰੋਨ ਹਮਲੇ 'ਚ ਪੀੜਤ ਪਰਿਵਾਰ ਨੂੰ ਐਸਜੀਪੀਸੀ ਵੱਲੋਂ 5 ਲੱਖ ਰੁਪਏ ਵਿੱਤੀ ਮਦਦ ਦੇਣ ਦਾ ਐਲਾਨ

ਅੰਮ੍ਰਿਤਸਰ, 15 ਮਈ (ਆਵਾਜ਼ਿ ਕੌਮ ਬਿਊਰੋ)–ਪਿਛਲੇ ਦਿਨੀਂ ਫਿਰੋਜ਼ਪੁਰ ਵਿੱਚ ਹੋਏ ਡਰੋਨ ਹਮਲੇ ਵਿੱਚ ਪਿੰਡ ਖਾਈ ਫੇਮੇ ਵਿੱਚ ਮਾਤਾ ਸੁਖਵਿੰਦਰ ਕੌਰ ਦੀ ਮੌਤ ਹੋ ਗਈ ਸੀ। ਹੁਣ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੀੜਤ ਪਰਿਵਾਰ ਨੂੰ 5 ਲੱਖ ਰੁਪਏ ਵਿੱਤੀ ਮਦਦ ਦੇਣ ਦਾ ਐਲਾਨ ਕੀਤਾ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਹਮਲੇ ਵਿੱਚ ਲਖਵਿੰਦਰ ਸਿੰਘ ਦੇ ਪਰਿਵਾਰ ਦੇ ਤਿੰਨ ਮੈਂਬਰ ਜ਼ਖਮੀ ਹੋਏ ਸਨ। ਉਨ੍ਹਾਂ ਕਿਹਾ ਕਿ ਭਾਵੇਂ ਉਨ੍ਹਾਂ ਦੀ ਮਾਂ ਦੀ ਕਮੀਂ ਪੂਰੀ ਨਹੀਂ ਕੀਤੀ ਜਾ ਸਕਦੀ, ਪਰ ਉਹ ਪਰਿਵਾਰ ਨੂੰ ਹਰ ਸੰਭਵ ਮਦਦ ਪ੍ਰਦਾਨ ਕਰਨਗੇ। ਡਰੋਨ ਹਮਲੇ ਦੌਰਾਨ ਉਨ੍ਹਾਂ ਦੇ ਪਰਿਵਾਰ ਦੇ ਤਿੰਨ ਮੈਂਬਰ ਸੜ ਗਏ ਅਤੇ ਉਨ੍ਹਾਂ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ। ਜਿੱਥੇ ਮਾਤਾ ਸੁਖਵਿੰਦਰ ਕੌਰ ਦੀ ਮੌਤ ਹੋ ਗਈ। ਇੱਕ ਹੋਰ ਮੈਂਬਰ ਦੀ ਹਾਲਤ ਅਜੇ ਵੀ ਗੰਭੀਰ ਹੈ। ਬੀਤੇ ਦਿਨੀਂ ਸ਼੍ਰੋਮਣੀ ਕਮੇਟੀ ਦਾ ਇੱਕ ਵਫ਼ਦ ਪੀੜਤ ਪਰਿਵਾਰ ਨੂੰ ਮਿਲਣ ਆਇਆ ਸੀ। ਇਸ ਵਿੱਚ ਮੈਂਬਰ ਦਰਸ਼ਨ ਸਿੰਘ ਸ਼ੇਰ ਖਾਂ, ਸਤਪਾਲ ਸਿੰਘ ਤਲਵੰਡੀ, ਪ੍ਰੀਤਮ ਸਿੰਘ ਮਲਸੀਆਂ ਅਤੇ ਬੀਬੀ ਗੁਰਿੰਦਰ ਕੌਰ ਭੋਲੂਵਾਲਾ ਸ਼ਾਮਲ ਸਨ। ਵਫ਼ਦ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਵਿਛੜੀ ਆਤਮਾ ਦੀ ਸ਼ਾਂਤੀ ਲਈ ਪ੍ਰਾਰਥਨਾ ਕੀਤੀ। ਜ਼ਿਕਰ ਕਰ ਦਈਏ ਕਿ ਪਹਿਲਗਾਮ ਹਮਲੇ ਤੋਂ ਬਾਅਦ ਭਾਰਤ ਨੇ ਬਦਲਾ ਲੈਂਦਿਆਂ ਹੋਇਆਂ ਆਪਰੇਸ਼ਨ ਸਿੰਦੂਰ ਚਲਾਇਆ ਸੀ ਜਿਸ ਤੋਂ ਬਾਅਦ ਦੋਹਾਂ ਮੁਲਕਾਂ ਵਿਚਕਾਰ ਜੰਗੀ ਮਾਹੌਲ ਬਣ ਗਿਆ ਸੀ, ਜਿਸ ਦੌਰਾਨ ਪਾਕਿਸਤਾਨ ਵਲੋਂ ਡਰੋਨ ਹਮਲੇ ਕੀਤੇ ਗਏ ਜਿਸ ਵਿੱਚ ਇਹ ਪਰਿਵਾਰ ਜ਼ਖ਼ਮੀ ਹੋ ਗਿਆ ਸੀ। ਇੱਥੇ ਤੁਹਾਨੂੰ ਇਹ ਵੀ ਦੱਸ ਦਿੰਦੇ ਹਾਂ ਕਿ ਪ੍ਰਸ਼ਾਸਨ ਵਲੋਂ ਬਲੈਕਆਊਟ ਕੀਤਾ ਗਿਆ ਸੀ ਅਤੇ ਸਾਰਿਆਂ ਨੂੰ ਲਾਈਟਾਂ ਬੰਦ ਕਰਨ ਲਈ ਕਿਹਾ ਗਿਆ ਸੀ। ਜਿਸ ਦੌਰਾਨ ਇਸ ਪਰਿਵਾਰ ਦੇ ਘਰ ਦੀ ਲਾਈਟ ਜੱਗੀ ਹੋਈ ਸੀ ਅਤੇ ਸਾਰਾ ਪਰਿਵਾਰ ਡਰੋਨ ਦੀ ਲਪੇਟ ਵਿੱਚ ਆ ਕੇ ਸੜ ਗਿਆ। ਇਸ ਹਮਲੇ ਵਿੱਚ ਪਰਿਵਾਰ ਦੇ ਤਿੰਨ ਮੈਂਬਰ ਬੁਰੀ ਤਰ੍ਹਾਂ ਝੁਲਸ ਗਏ ਸਨ, ਜਿਨ੍ਹਾਂ ਵਿਚੋਂ ਮਾਤਾ ਸੁਖਵਿੰਦਰ ਕੌਰ ਦੀ ਮੌਤ ਹੋ ਗਈ ਹੈ ਅਤੇ ਇੱਕ ਦੀ ਹਾਲਤ ਹਾਲੇ ਵੀ ਗੰਭੀਰ ਦੱਸੀ ਜਾ ਰਹੀ ਹੈ। ਇਸ ਦੇ ਮੱਦੇਨਜ਼ਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਨ੍ਹਾਂ ਦੀ ਮਦਦ ਲਈ ਅੱਗੇ ਆਈ ਹੈ।



### ਜੰਗਬੰਦੀ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਵੱਲੋਂ

## ਪੀਐੱਮ ਮੋਦੀ ਦੀ ਤਾਰੀਫ਼, ਕਿਹਾ- ਪਾਕਿਸਤਾਨ ਕਰਨ ਲੱਗਾ ਸੀਜ਼ਫਾਇਰ ਲਈ ਮਿੰਨਤਾਂ

ਚੰਡੀਗੜ੍ਹ, 15 ਮਈ (ਆਵਾਜ਼ਿ ਕੌਮ ਬਿਊਰੋ)– ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਜੰਗਬੰਦੀ ਤੋਂ ਬਾਅਦ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸ਼ਲਾਘਾ ਕੀਤੀ ਹੈ। ਉਨ੍ਹਾਂ ਨੇ ਕਿਹਾ ਕਿ ਪਾਕਿਸਤਾਨ ਵਿਚ ਅੱਤਵਾਦੀਆਂ ਤੇ ਉਨ੍ਹਾਂ ਦੀ ਪੁਸ਼ਤਪਨਾਹੀ ਕਰਨ ਵਾਲਿਆਂ ਨੂੰ ਕਰਾਰੀ ਹਾਰ ਦੇਣ 'ਤੇ ਦੇਸ਼ ਵਾਸੀਆਂ ਖਾਸ ਤੌਰ 'ਤੇ ਸਾਡੀਆਂ ਹਥਿਆਰਬੰਦ ਫੌਜਾਂ ਨੂੰ ਵਧਾਈ ਦਿੱਤੀ ਹੈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸ਼ਲਾਘਾ ਕਰਦਿਆਂ ਕਿਹਾ ਹੈ ਕਿ ਉਨ੍ਹਾਂ ਨੇ ਸਰਹੱਦ ਪਾਰ ਤੋਂ ਸ਼ਾਂਤੀ ਦੇ ਵਿਰੋਧੀ ਦੁਸ਼ਮਣਾਂ ਨਾਲ ਨਜਿੱਠਣ ਵੇਲੇ ਇਕ ਮਜ਼ਬੂਤ ਤੇ ਸਪੱਸ਼ਟ ਲੀਡਰਸ਼ਿਪ ਪ੍ਰਦਾਨ ਕੀਤੀ ਹੈ। ਸੁਖਬੀਰ ਬਾਦਲ ਨੇ ਪ੍ਰਧਾਨ ਮੰਤਰੀ ਮੋਦੀ ਦੀ ਇਸ ਗੱਲੋਂ ਵੀ ਸ਼ਲਾਘਾ ਕੀਤੀ ਕਿ ਉਨ੍ਹਾਂ ਨੇ ਹਾਲਾਤ ਨਾਲ ਕੂਟਨੀਤਕ ਢੰਗ ਨਾਲ ਨਜਿੱਠਣ ਵਾਸਤੇ ਰਾਜਨੇਤਾ ਵਾਂਗੂ ਅਗਵਾਈ ਕੀਤੀ ਤੇ ਪਾਕਿਸਤਾਨੀ ਦੀ ਫ਼ੌਜੀ ਲੀਡਰਸ਼ਿਪ ਨੂੰ ਜੰਗਬੰਦੀ ਵਾਸਤੇ ਵਾਸ਼ਿੰਗਟਨ ਤੋਂ ਭੀਖ ਮੰਗਣ ਵਾਸਤੇ ਮਜ਼ਬੂਰ ਕਰ ਦਿੱਤਾ। ਉਨ੍ਹਾਂ ਕਿਹਾ ਕਿ ਜੰਗੀ ਮੈਦਾਨ 'ਚ ਫੈਸਲਾਕੁੰਨ ਜਿੱਤ ਤੋਂ ਬਾਅਦ ਪ੍ਰਧਾਨ ਮੰਤਰੀ ਨੇ ਟਕਰਾਅ ਬੰਦ ਕਰਨ ਲਈ ਪ੍ਰਵਾਨਗੀ ਦੇ ਕੇ ਸਹੀ ਰਾਜਨੇਤਾ ਹੋਣ ਦਾ ਸਬੂਤ ਦਿੱਤਾ। ਉਨ੍ਹਾਂ ਕਿਹਾ ਕਿ ਜਿੱਤ ਤੋਂ ਬਾਅਦ ਸ਼ਾਂਤੀ ਦੇ ਰਾਹ 'ਤੇ ਚੱਲਣਾ ਸਭ ਤੋਂ ਵੱਧ ਸਨਮਾਨਯੋਗ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਉਨ੍ਹਾਂ ਦੇ ਫੈਸਲੇ ਨੇ ਪੰਜਾਬ ਨੂੰ ਤਬਾਹੀ ਤੋਂ ਬਚਾਇਆ ਹੈ। ਅਕਾਲੀ ਦਲ ਦੇ ਪ੍ਰਧਾਨ ਨੇ ਉਨ੍ਹਾਂ ਸਿਆਸਤਦਾਨਾਂ ਦੀ ਨਿਖੇਧੀ ਕੀਤੀ ਜਿਨ੍ਹਾਂ ਨੇ ਜੰਗਬੰਦੀ ਦੀ ਆਲੋਚਨਾ ਕੀਤੀ ਤੇ ਜੰਗ ਦੀ ਹਮਾਇਤ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਸਿਆਸਤਦਾਨਾਂ ਨੇ ਕਦੇ ਵੀ ਜੰਗ ਨਾਲ ਹੋਇਆ ਨੁਕਸਾਨ ਨਹੀਂ ਵੇਖਿਆ ਅਤੇ ਸਿਰਫ ਆਪਣੇ ਕਮਰਿਆਂ 'ਚ ਬੈਠ ਕੇ ਆਪਣੇ "੭ 'ਤੇ ਹੀ ਜੰਗਾਂ ਵੇਖੀਆਂ ਹਨ। ਉਨ੍ਹਾਂ ਕਿਹਾ ਕਿ ਇਹ ਲੋਕ ਦੇਸ਼ ਦੇ ਅਸਲ ਦੁਸ਼ਮਣ ਹਨ। ਸੁਖਬੀਰ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਜੇਕਰ ਜੰਗ ਲੰਬੀ ਚਲਦੀ ਤਾਂ ਸਭ ਤੋਂ ਵੱਧ ਨੁਕਸਾਨ ਪੰਜਾਬ ਨੂੰ ਹੀ ਝੱਲਣਾ ਪੈਂਦਾ। ਉਨ੍ਹਾਂ ਕਿਹਾ ਕਿ ਸਾਡੀ ਆਬਾਦੀ ਦੀ ਬਹੁ ਗਿਣਤੀ ਸਰਹੱਦੀ ਇਲਾਕਿਆਂ ਦੇ ਨੇੜੇ ਰਹਿੰਦੀ ਹੈ। ਜ਼ਿਆਦਾ ਸੰਘਣੀ ਆਬਾਦੀ ਵਾਲੇ ਸ਼ਹਿਰ ਵੀ ਸਰਹੱਦ ਦੇ ਨੇੜੇ ਹਨ। ਜੇਕਰ ਇਕ ਪੂਰਨ ਜੰਗ ਲੱਗ ਜਾਂਦੀ ਤਾਂ ਅਸੀਂ ਜਾਨ ਤੇ ਮਾਲ ਦੀ ਤਬਾਹੀ ਵੇਖਣੀ ਸੀ। ਉਨ੍ਹਾਂ ਕਿਹਾ ਕਿ ਅਪਰੇਸ਼ਨ ਸਿੰਦੂਰ ਤੋਂ ਬਾਅਦ ਅਕਾਲ ਪੁਰਖ ਦਾ ਦਾ ਧੰਨਵਾਦ ਹੈ ਕਿ ਦੋਹਾਂ ਮੁਲਕਾਂ ਵਿਚਾਲੇ ਜੰਗ ਬੰਦ ਹੋਈ।





### ਭਾਰਤ 'ਚ ਪਾਕਿਸਤਾਨ ਦੇ ਨਵੇਂ ਬਣੇ ਯਾਰ ਦਾ ਬਾਈਕਾਟ ਸ਼ੁਰੂ

## ਤੁਰਕੀ ਦੇ ਫਲਾਂ ਦਾ ਬਾਈਕਾਟ, ਸੰਗਮਰਮਰ ਦੇ ਵਪਾਰੀਆਂ ਤੇ ਟਰੈਵਲ ਕੰਪਨੀਆਂ ਵੱਲੋਂ ਵੀ ਵਿਰੋਧ

ਨਵੀਂ ਦਿੱਲੀ, 15 ਮਈ (ਆਵਾਜ਼ਿ ਕੌਮ ਬਿਊਰੋ)– ਹਾਲ ਹੀ ਵਿੱਚ ਭਾਰਤ ਅਤੇ ਪਾਕਿਸਤਾਨ ਵਿਚਕਾਰ ਬਹੁਤ ਤਣਾਅਪੂਰਨ ਸਥਿਤੀ ਪੈਦਾ ਹੋ ਗਈ ਸੀ। ਸੂਤਰਾਂ ਅਨੁਸਾਰ, ਪਾਕਿਸਤਾਨ ਨੇ ਭਾਰਤ 'ਤੇ ਹਮਲਾ ਕਰਨ ਲਈ 350 ਤੋਂ ਵੱਧ ਤੁਰਕੀ ਡਰੋਨਾਂ ਦੀ ਵਰਤੋਂ ਕੀਤੀ, ਤਾਂ ਕੀ ਤੁਰਕੀ ਵੀ ਪਾਕਿਸਤਾਨ ਦੇ ਨਾਲ–ਨਾਲ ਭਾਰਤ ਵਿਰੁੱਧ ਲੜ ਰਿਹਾ ਸੀ ? ਭਾਰਤ ਵਿਰੁੱਧ ਡਰੋਨ ਹਮਲੇ ਕਰਨ ਲਈ ਤੁਰਕੀ ਦੇ ਫੌਜੀ ਜਵਾਨ ਪਾਕਿਸਤਾਨ ਵਿੱਚ ਮੌਜੂਦ ਸਨ, ਯਾਨੀ ਕਿ ਆਪ੍ਰੇਸ਼ਨ ਸਿੰਦੂਰ ਤੋਂ ਬਾਅਦ ਤੁਰਕੀ ਦੇ ਸਲਾਹਕਾਰਾਂ ਨੇ ਭਾਰਤ ਉੱਤੇ ਡਰੋਨ ਹਮਲੇ ਕਰਨ ਵਿੱਚ ਪਾਕਿਸਤਾਨੀ ਫੌਜ ਦੀ ਮਦਦ ਕੀਤੀ। ਸੂਤਰਾਂ ਤੋਂ ਮਿਲੀ ਇਸ ਖ਼ਬਰ ਦੀ ਪੁਸ਼ਟੀ ਇਸ ਗੱਲ ਤੋਂ ਕੀਤੀ ਜਾ ਸਕਦੀ ਹੈ ਕਿ ਪਾਕਿਸਤਾਨ ਵਿੱਚ ਭਾਰਤ ਦੇ ਹਮਲੇ ਵਿੱਚ ਦੋ ਤੁਰਕੀ ਡਰੋਨ ਆਪਰੇਟਰਾਂ ਦੇ ਮਾਰੇ ਜਾਣ ਦਾ ਦਾਅਵਾ ਕੀਤਾ ਜਾ ਰਿਹਾ ਹੈ। ਕੱਲ੍ਹ ਹੀ ਵਿਦੇਸ਼ ਮੰਤਰਾਲੇ ਨੇ ਇਹ ਸਪੱਸ਼ਟ ਕਰ ਦਿੱਤਾ ਹੈ। ਇਸ ਦੇ ਨਾਲ ਹੀ, ਸਾਡੇ ਦੇਸ਼ ਵਿੱਚ, ਤੁਰਕੀ ਨੂੰ ਸੈਰ–ਸਪਾਟੇ ਤੋਂ ਲੈ ਕੇ ਸੇਬ ਅਤੇ ਸੰਗਮਰਮਰ ਦੇ ਵਪਾਰ ਵਰਗੇ ਹੋਰ ਸਥਾਨਾਂ 'ਤੇ ਬਾਈਕਾਟ ਕਰਨ ਦੀ ਮੰਗ ਕੀਤੀ ਜਾ ਰਹੀ ਹੈ। ਤੁਰਕੀ ਵੱਲੋਂ ਪਾਕਿਸਤਾਨ ਦਾ ਖੁੱਲ੍ਹ ਕੇ ਸਮਰਥਨ ਕਰਨ ਤੋਂ ਬਾਅਦ, 'ਬਾਈਕਾਟ ਤੁਰਕੀਏ' ਮੁਹਿੰਮ ਨੇ ਦੇਸ਼ ਭਰ ਵਿੱਚ ਤੇਜ਼ੀ ਫੜ ਲਈ ਹੈ। ਮਹਾਰਾਸ਼ਟਰ ਦੇ ਪੁਣੇ ਤੋਂ ਲੈ ਕੇ ਰਾਜਸਥਾਨ ਦੇ ਉਦੈਪੁਰ ਤੱਕ, ਵਪਾਰੀਆਂ ਨੇ ਤੁਰਕੀ ਤੋਂ ਆਯਾਤ ਕੀਤੇ ਜਾਣ ਵਾਲੇ ਸਮਾਨ ਦਾ ਬਾਈਕਾਟ ਕਰਕੇ ਆਰਥਿਕ ਮੋਰਚੇ 'ਤੇ ਤੁਰਕੀ ਨੂੰ ਜਵਾਬ ਦੇਣ ਦਾ ਐਲਾਨ ਕੀਤਾ ਹੈ। ਏਜੰਸੀ ਦੇ ਅਨੁਸਾਰ, ਪੁਣੇ, ਮਹਾਰਾਸ਼ਟਰ ਦੇ ਵਪਾਰੀਆਂ ਨੇ ਤੁਰਕੀ ਤੋਂ ਆਯਾਤ ਕੀਤੇ ਸੇਬ ਵੇਚਣੇ ਪੂਰੀ ਤਰ੍ਹਾਂ ਬੰਦ ਕਰ ਦਿੱਤੇ ਹਨ। ਇਹ ਸੇਬ ਸਥਾਨਕ ਬਾਜ਼ਾਰਾਂ ਵਿੱਚੋਂ ਗਾਇਬ ਹੋ ਗਏ ਹਨ ਤੇ ਗਾਹਕਾਂ ਨੇ ਵੀ ਇਨ੍ਹਾਂ ਦਾ ਬਾਈਕਾਟ ਕਰ ਦਿੱਤਾ ਹੈ। ਹਰ ਸਾਲ, ਪੁਣੇ ਦੇ ਫਲ ਬਾਜ਼ਾਰ ਵਿੱਚ ਤੁਰਕੀ ਸੇਬਾਂ ਦਾ ਹਿੱਸਾ ਲਗਭਗ 1000–1200 ਕਰੋੜ ਰੁਪਏ ਹੁੰਦਾ ਹੈ, ਪਰ ਹੁਣ ਇਹ ਕਾਰੋਬਾਰ ਠੱਪ ਹੋ ਗਿਆ ਹੈ। ਗਾਜ਼ੀਆਬਾਦ ਦੇ ਸਾਹਿਬਾਬਾਦ ਫਲ ਮੰਡੀ ਦੇ ਵਪਾਰੀਆਂ ਨੇ ਵੀ ਤੁਰਕੀ ਤੋਂ ਸੇਬ ਅਤੇ ਹੋਰ ਫਲਾਂ ਦੇ ਆਯਾਤ ਦਾ ਬਾਈਕਾਟ ਕਰਨ ਦਾ ਫੈਸਲਾ ਕੀਤਾ ਹੈ।






# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

• ਭਾਈ ਬਲਜੀਤ ਸਿਘ ਕੰਗ/Bhai Baljit Singh Kang


+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

# ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਧਰਮੀ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ


ਧੰਨ-ਧੰਨ ਮਾਤਾ ਸਾਹਿਬ ਕੌਰ ਜੀ

29ਵਾਂ ਸਲਾਨਾ ਜੋੜ ਮੇਲਾ
ਗੁਰਮਤਿ ਸਮਾਗਮ
1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.



## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ

# 2 ਜੂਨ ਨੂੰ ਪਿੰਡ ਰੋਡੇ ਪਹੁੰਚੋ



ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ



ਆਵਾਜ਼ਿ ਕੌਮ
AWAZE QAUM
International Newspaper & WEB TV


ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਮਹਾਨ ਸ਼ਹੀਦੀਆਂ ਸਿੰਘ ਸਿੰਘਣੀਆਂ ਭੁਝੰਗੀਆਂ

ਛੋਟਾ ਘੱਲੂਘਾਰਾ ਕਹਾਨੂੰਵਾਨ ਗੁਰਦਾਸਪੁਰ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

17 ਮਈ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।

18 ਮਈ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਅਮਰਜੀਤ ਸਿੰਘ ਦਿੱਲੀ ਵਾਲੇ ਕੀਰਤਨ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ ☛ਸ਼ੇਅਰ ਜ਼ਰੂਰੀ ਕਰਨਾ ਜੀ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ ।ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ੴ ਸਤਿਗੁਰ ਪ੍ਰਸਾਦਿ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

## ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

**ਸਰਦਾਰ ਮਨਜਿੰਦਰ ਸਿੰਘ ਅਰਸ਼ੀ**

ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ: 27 ਅਪ੍ਰੈਲ 2025 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

**ਸ੍ਰੀ ਅਖੰਡ ਸਾਹਿਬ ਪਾਠ ਦੇ ਭੋਗ**

**ਮਿਤੀ 24 ਮਈ, 2025 ਸ਼ਨੀਵਾਰ ਦਿਨ ਨੂੰ**

**ਘਰ ਨਜ਼ਦੀਕ ਗੁਰੂਦਵਾਰਾ ਭਾਈ ਸੁਲ੍ਹਾ ਸਾਹਿਬ ਜੀ (ਕਨਵਰ ਐਵੀਨਿਊ )**

ਸਮਾਂ 12 ਤੋਂ 2 ਵਜੇ ਤੱਕ ਪਵੇਗਾ।

ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

**ਦੁਖੀ ਹਿਰਦੇ**

ਸਰਦਾਰ ਪੂਰਨ ਸਿੰਘ ਅਰਸ਼ੀ(ਪਿਤਾ)9876607150।
ਸਰਦਾਰ ਲਖਵਿੰਦਰ ਸਿੰਘ ਅਰਸ਼ੀ (ਭਰਾ) 9872733030।
ਸ: ਜਸਕੀਰਤ ਸਿੰਘ ਅਰਸ਼ੀ (ਪੁੱਤਰ)

ਆਵਾਜ਼ਿ ਕੌਮ AWAZE QAUM International Newspaper & WEB TV

ਸਜਣ ਮੇਰੇ ਰੰਗੁਲੇ ਜਾਇ ਸੁਤੇ ਜੀਰਾਣਿ ॥



# ਸ. ਅਮਰਦੀਪ ਸਿੰਘ ਮਾਨ

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰ ਯੋਗ ਸ. ਅਮਰਦੀਪ ਸਿੰਘ ਮਾਨ ਜੀ 09-05-2025 ਨੂੰ ਗੁਰੂ ਚਰਨਾ ਵਿਚ ਜਾ ਬਿਰਾਜੇ ਹਨ। ਉਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ਼੍ਰੀ ਆਖੰਡ ਪਾਠ ਸਾਹਿਬ ਦੇ ਭੋਗ ਉਪਰੰਤ

## ਕੀਰਤਨ ਅਤੇ ਅੰਤਿਮ ਅਰਦਾਸ

ਮਿਤੀ 18.05.2025 ਦਿਨ ਐਤਵਾਰ ਸਮਾਂ 12.00 ਤੋਂ 1.00 ਗੁਰਦੁਵਾਰਾ ਬਾਬਾ ਸ਼੍ਰੀ ਚੰਦ, ਪਿੰਡ ਜਲਾਲ ਅੰਮ੍ਰਿਤਸਰ ਵਿਖੇ ਪਵੇਗਾ।

----ਗੁਰੂ ਦੇ ਭਾਣੇ'ਚ----

ਇਕਬਾਲ ਸਿੰਘ (ਭਰਾ) 98159-61271
ਕੰਵਰਦੀਪ ਸਿੰਘ (ਭਰਾ) 98153-60270
ਇੰਸਪੈਕਟਰ ਸਰਵਣ ਪਾਲ ਸਿੰਘ (ਭਰਾ) 97639-00003

(ਸਮੂਹ ਮਾਨ ਪਰਿਵਾਰ)

ਆਵਾਜ਼ਿ ਕੌਮ AWAZE QAUM International Newspaper & WEB TV


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਮਹੰਤ ਬਾਬਾ ਕਾਹਨ ਸਿੰਘ ਜੀ ਸੇਵਾ ਪੰਥੀ ਗੋਨਿਆਣਾ
ਸੰਤ ਬਾਬਾ ਰਣਜੀਤ ਸਿੰਘ ਜੀ ਸੇਵਾ ਪੰਥੀ ਗੋਨਿਆਣਾ
ਸੰਤ ਬਾਬਾ ਬਲਦੇਵ ਸਿੰਘ ਜੀ ਜੋਗੇਵਾਲ ਵਾਲੇ
ਸੰਤ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ
ਸੰਤ ਬਾਬਾ ਅਮਰੀਕ ਸਿੰਘ ਜੀ ਕਾਰਸੇਵਾ ਪਟਿਆਲੇ ਵਾਲੇ
ਸੰਤ ਬਾਬਾ ਅਵਤਾਰ ਸਿੰਘ ਜੀ ਧੂਲਕੋਟ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸੰਤ ਗਿਆਨੀ ਗੁਰਮੀਤ ਸਿੰਘ ਜੀ ਖੋਸੇ ਕੋਟਲੇ ਵਾਲੇ
ਸੰਤ ਬਾਬਾ ਮਨਮੋਹਨ ਸਿੰਘ ਜੀ ਬਾਰਨ ਵਾਲੇ
ਸੰਤ ਬਾਬਾ ਗੁਰਪਿੰਦਰ ਸਿੰਘ ਜੀ ਸਤਲਾਣੀ ਸਾਹਿਬ ਵਾਲੇ
ਸੰਤ ਬਾਬਾ ਜੋਗਾ ਸਿੰਘ ਜੀ ਕਰਨਾਲ ਵਾਲੇ
ਸੰਤ ਬਾਬਾ ਦਰਸ਼ਨ ਸਿੰਘ ਜੀ ਮਾਲੂਕਾ ਫੱਤਾ
ਸੰਤ ਬਾਬਾ ਹਰਮੇਲ ਸਿੰਘ ਜੀ ਸਰਦੂਲੇ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਕਥਾ ਵਿਚਾਰ
ਗੁਰਦੁਆਰਾ ਸ੍ਰੀ
ਬੰਗਲਾ ਸਾਹਿਬ ਵਿਖੇ
ਮਿਤੀ 15-16 ਮਈ
ਦਿਨ ਵੀਰਵਾਰ ਤੇ ਸ਼ੁੱਕਰਵਾਰ
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ
ਸੰਪਰਕ : 98140-13915
ਸਿੱਧਾ ਪ੍ਰਸਾਰਨ :
CHARDIKLA TIME TV
ਸਮਾਂ : ਸਵੇਰੇ 7.30 ਤੋਂ 8.30 ਤੱਕ

## ਇੱਕ ਨਜ਼ਰ...



## 'ਡੇਂਗੂ ਦੇ ਖ਼ਾਤਮੇ ਲਈ ਲੋਕਾਂ ਦੇ ਸਹਿਯੋਗ ਦੀ ਲੋੜ'

ਧੂਰੀ, 15 ਮਈ ( ਰਣਜੀਤ ਸਿੰਘ ਪੇਧਨੀ)-ਸਿਵਲ ਸਰਜਨ ਡਾਕਟਰ ਸੰਜੇ ਕਾਮਰਾ ਜੀ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਅਕਾਂਕਸ਼ਾ ਮਹਾਜਨ ਜੀ ਅਤੇ ਐਸ ਐਮ ਓ ਡਾਕਟਰ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਅਧੀਨ ਆਉਂਦੇ ਪਿੰਡਾਂ ਬਾਲੀਆਂ,ਕਿਲਾਂ ਹਕੀਮਾਂ,ਕਾਂਝਲਾ,ਲੱਡਾਂ,ਕਹੈਰੂ ਵਿਖੇ ਵੈਕਟਰ ਬੌਰਨ ਡਜ਼ੀਜ ਐਕਟੀਵਿਟੀ ਕੀਤੀ ਘਰ ਘਰ ਜਾ ਕੇ ਕੀਤੀ ਗਈ ।ਜਿਸ ਦੌਰਾਨ ਡੈਂਗੂ,ਮਲੇਰੀਆ,ਚਿਕਨਗੁਨੀਆ ਅਤੇ ਮੌਸਮੀ ਬਿਮਾਰੀਆਂ ਦੇ ਚਿੰਨ੍ਹ ਅਤੇ ਲੱਛਣਾਂ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਬੁਖਾਰ ਵਾਲੇ ਕੇਸਾ ਦੇ ਖ਼ੂਨ ਦੇ ਸੈਂਪਲ ਇਕੱਤਰ ਕਰਕੇ ਸੀ ਐਚ ਸੀ ਪੱਧਰ ਤੇ ਲੈਬਾਟਰੀ ਵਿੱਚ ਭੇਜੇ ਗਏ ਅਤੇ ਲੋਕਾਂ ਨੂੰ ਬਿਮਾਰੀਆਂ ਨਾਲ ਸਬੰਧਿਤ ਇਸਤਿਹਾਰ ਵੰਡੇ ਗਏ ਅਤੇ ਅਸ਼ੋਕ ਕੁਮਾਰ ਐਸ ਆਈ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਜੋ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਜੇਕਰ ਕਿਸੇ ਵਿਆਕਤੀ ਨੂੰ ਇਹ ਲੱਛਣ ਮਹਿਸੂਸ ਮਰੀਜ਼ ਹੋਣ ਤਾਂ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੀਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਂਗੂ ਦ ਟੇਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ।ਟੀਮ ਮੈਂਬਰ ਅਮਰੀਕ ਸਿੰਘ,ਹਰਜੀਤ ਸਿੰਘ, ਗੁਰਵਿੰਦਰ ਸਿੰਘ,ਜਸਵਿੰਦਰ ਸਿੰਘ,ਗੁਰਪ੍ਰੀਤ ਸਿੰਘ ਮ,ਪ,ਹ,ਵ (ਮ) ਹਾਜ਼ਰ ਸਨ।

## ਸਾਉਣੀ ਦੀਆਂ ਫਸਲਾਂ ਸਬੰਧੀ ਕੈਂਪ ਲਗਾਇਆ ਗਿਆ

ਧੂਰੀ, 15 ਮਈ ( ਰਣਜੀਤ ਸਿੰਘ ਪੇਧਨੀ)- ਖੇਤੀਬਾੜੀ ਮਹਿਕਮੇ ਦੇ ਸੀ ਏ ਓ ਧਰਮਿੰਦਰ ਸਿੰਘ ਸਿੱਧੂ ਅਤੇ ਡਾਕਟਰ ਅਮਨਦੀਪ ਕੌਰ ਖੇਤੀਬਾੜੀ ਅਫਸਰ ਧੂਰੀ ਦੀ ਯੋਗ ਅਗਵਾਈ ਵਿੱਚ ਬਲਾਕ ਧੂਰੀ ਦੇ ਪਿੰਡ ਭਲਵਾਨ ਵਿਖੇ ਸਾਉਣੀ ਦੀਆਂ ਫਸਲਾਂ ਸਬੰਧੀ ਕੈਪ ਲਗਾਇਆ ਗਿਆ। ਇਸ ਮੌਕੇ ਧਰਮਿੰਦਰ ਸਿੰਘ ਸਿੱਧੂ ਨੇ ਖੇਤੀਬਾੜੀ ਵਿਸਥਾਰ ਅਫਸਰ ਨੇ ਕਿਸਾਨਾਂ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਨ੍ਹਾ ਕਿਹਾ ਕਿ ਕਿਸਾ ਨੂੰ ਕਣਕ ਤੇ ਬੇਲੋੜੀਆਂ ਸਪਰੇਹਾਂ ਕਰਨ ਤੋਂ ਗਰੇਜ ਕਰਨ ਦੀ ਅਪੀਲ ਵੀ ਕੀਤੀ ਅਤੇ ਆਧੁਨਿਕ ਮਸ਼ੀਨਰੀ ਸਬੰਧੀ ਕਿਸਾਨਾਂ ਨਾਲ ਵਿਚਾਰ ਵੀ ਸਾਂਝੇ ਕੀਤੇ। ਇਸ ਮੌਕੇ ਪਿੰਡ ਦੇ ਕਿਸਾਨਾਂ ਤੋਂ ਇਲਾਵਾ ਮੈਡਮ ਮਨਪ੍ਰੀਤ ਕੌਰ ਖੇਤੀਬਾੜੀ ਉਪ ਨਿਰੀਖਕ, ਏ,ਟੀ,ਐਮ, ਮੱਖਣ ਸਿੰਘ, ਏ.ਟੀ.ਐਮ, ਹਰਜੀਤ ਸਿੰਘ ਅਤੇ ਜਗਰਾਜ ਸਿੰਘ ਬੇਲਦਾਰ ਹਾਜ਼ਰ ਸਨ।

## ਦਸ਼ਮੇਸ਼ ਸਕੂਲ ਦਾ ਬਾਰਵੀਂ ਦਾ ਨਤੀਜਾ ਰਿਹਾ ਸ਼ਾਨਦਾਰ



ਚੌਕ ਮਹਿਤਾ, 15 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬੀਤੇ ਦਿਨੀਂ ਬਾਰਵੀਂ ਕਲਾਸ ਦੇ ਨਤੀਜੇ ਐਲਾਨੇ ਗਏ ।ਜਿਸ ਵਿੱਚ ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਪਬਲਿਕ ਸੀਨੀ.ਸੈਕੰ.ਸਕੂਲ ਮਹਿਤਾ ਚੌਂਕ ਦਾ ਨਤੀਜਾ 100% ਰਿਹਾ।ਬਾਰਵੀਂ ਜਮਾਤ ਦੇ ਕੁੱਲ 137 ਵਿਦਿਆਰਥੀਆਂ ਦੁਆਰਾ ਮੈਡੀਕਲ,ਨਾਨ-ਮੈਡੀਕਲ,ਕਾਮਰਸ ਅਤੇ ਆਰਟਸ ਸਟਰੀਮ ਵਿੱਚ ਸਲਾਨਾ ਪ੍ਰੀਖਿਆ ਦਿੱਤੀ ਗਈ ।ਸਕੂਲ ਦੀ ਮੈਡੀਕਲ ਸਟਰੀਮ ਦੀ ਵਿਦਿਆਰਥਣ ਸੁਖਮਨਪ੍ਰੀਤ ਕੌਰ ਨੇ 484/500( 96.80%)ਨੰਬਰ ਹਾਸਿਲ ਕਰਕੇ ਪਹਿਲਾ ਸਥਾਨ ਹਾਸਿਲ ਕੀਤਾ ।ਇਸੇ ਤਰਾਂ ਹੀ ਗੁਰਲੀਨ ਕੌਰ,ਗੁਲਸ਼ਰਨਜੀਤ ਕੌਰ 482/500( 96.40%) ਹਾਸਿਲ ਕਰਕੇ ਦੂਸਰਾ ਅਤੇ ਪਵਨਦੀਪ ਕੌਰ ਨੇ 479/500( 95.80%) ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ ।ਸੰਸਥਾ ਦੇ ਚੇਅਰਮੈਨ ਸ.ਗੁਰਦੀਪ ਸਿੰਘ ਰੰਧਾਵਾ ਨੇ ਬਾਰਵੀਂ ਜਮਾਤ ਦਾ ਸ਼ਾਨਦਾਰ ਨਤੀਜਾ ਆਉਣ ਤੇ ਵਿਦਿਆਰਥੀਆਂ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਸਭ ਪ੍ਰਮਾਤਮਾ ਦੇ ਓਟ ਆਸਰੇ ,ਸਮੁੱਚੇ ਸਟਾਫ ਦੀ ਯੋਗ ਅਗਵਾਈ ,ਵਿਦਿਆਰਥੀਆਂ ਦੀ ਮਿਹਨਤ ਅਤੇ ਮਾਤਾ ਪਿਤਾ ਦੀ ਪ੍ਰੇਰਨਾ ਸਦਕਾ ਹੀ ਸੰਭਵ ਹੋ ਸਕਿਆ ਹੈ।ਇਸ ਮੌਕੇ ਪ੍ਰਿੰਸੀਪਲ ਮੈਂ ਗੁਰਬੀਰ ਕੌਰ,ਮਨਪ੍ਰੀਤ ਸਿੰਘ ਟੱਕਰ(ਡਾਇਰੈਕਟਰ),ਮੈ.ਰਵਿੰਦਰ ਕੌਰ(ਕੋਆਰਡੀਨੇਟਰ),ਮੈ. ਬਲਜੀਤ ਕੌਰ ਆਦਿ ਹਾਜਰ ਸਨ।

## ਸਾਉਣੀ ਦੀਆਂ ਫਸਲਾਂ ਸਬੰਧੀ ਕਿਸਾਨ ਸਿਖਲਾਈ ਕੈਂਪ ਲਾਇਆ




ਧੂਰੀ, 15 ਮਈ ( ਰਣਜੀਤ ਸਿੰਘ ਪੇਧਨੀ)-ਮੁੱਖ ਖੇਤੀਬਾੜੀ ਅਫਸਰ ਧਰਮਿੰਦਰਜੀਤ ਸਿੰਘ ਦੇ ਦਿਸਾ ਨਿਰਦੇਸਾ ਅਤੇ ਡਾਕਟਰ ਅਮਨਦੀਪ ਕੌਰ ਖੇਤੀਬਾੜੀ ਅਫਸਰ ਧੂਰੀ ਦੀ ਯੋਗ ਅਗਵਾਈ ਵਿੱਚ ਬਲਾਕ ਧੂਰੀ ਦੇ ਪਿੰਡ ਮਾਨਵਾਲਾ ਵਿਖੇ ਸਾਉਣੀ ਦੀਆਂ ਫਸਲਾਂ ਸਬੰਧੀ ਕਿਸਾਨ ਗਿਣਤੀ ਕਿਸਾਨਾਂ ਨੇ ਭਾਗ ਲਿਆ। ਇਸ ਮੌਕੇ ਸਰਬਜੀਤ ਸਿੰਘ ਖੇਤੀਬਾੜੀ ਵਿਸਥਾਰ ਅਫਸਰ ਨੇ ਕਿਸਾਨਾਂ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ । ਉਨਾ ਕਿਹਾ ਕਿ ਕਿਸਾ ਨੂੰ ਕਣਕ ਤੇ ਬੇਲੋੜੀਆਂ ਸਪਰੇਹਾਂ ਕਰਨ ਤੋਂ ਗਰੇਜ ਕਰਨ ਦੀ ਅਪੀਲ ਵੀ ਕੀਤੀ ਅਤੇ ਆਧੁਨਿਕ ਮਸ਼ੀਨਰੀ ਸਬੰਧੀ ਕਿਸਾਨਾਂ ਨਾਲ ਵਿਚਾਰ ਵੀ ਸਾਂਝੇ ਕੀਤੇ ਇਸ ਮੌਕੇ ਪਿੰਡ ਦੇ ਕਿਸਾਨਾਂ ਤੋਂ ਇਲਾਵਾ ਮੈਡਮ ਮਨਪ੍ਰੀਤ ਕੌਰ ਖੇਤੀਬਾੜੀ ਉਪ ਨਿਰੀਖਕ, ਏ,ਟੀ,ਐਮ, ਮੱਖਣ ਸਿੰਘ, ਏ.ਟੀ.ਐਮ, ਹਰਜੀਤ ਸਿੰਘ ਅਤੇ ਜਗਰਾਜ ਸਿੰਘ ਬੇਲਦਾਰ ਹਾਜ਼ਰ ਸਨ।

# ਨੈਤਿਕ ਮੁੱਲਾਂ ਦਾ ਘਾਣ ਸਮਾਜ ਲਈ ਇੱਕ ਵੱਧਦੀ ਚਿੰਤਾ



ਪਿਛਲੇ ਕੁੱਝ ਸਾਲਾਂ ਵਿੱਚ ਸਮਾਜ ਦੇ ਵੱਖ-ਵੱਖ ਖੇਤਰਾਂ ਵਿੱਚ ਇੱਕ ਚਿੰਤਾਜਨਕ ਰੁਝਾਨ ਉਭਰ ਕੇ ਸਾਹਮਣੇ ਆਇਆ ਹੈ:ਉਹ ਹੈ ਨੈਤਿਕ ਮੁੱਲਾਂ ਦੀ ਘਾਟ। ਧੋਖਾਧੜੀ ਅਤੇ ਭ੍ਰਿਸ਼ਟਾਚਾਰ ਦੇ ਵਧਦੇ ਮਾਮਲਿਆਂ ਤੋਂ ਲੈ ਕੇ ਅਸਹਿਣਸ਼ੀਲਤਾ ਅਤੇ ਵੰਡਵਾਰੇ ਦੇ ਵੱਧਦੇ ਪੱਧਰਾਂ ਤੱਕ, ਬਹੁਤ ਸਾਰੇ ਵੇਖਣ ਵਾਲੇ ਇਸ ਬਦਲਾਅ ਦੇ ਪ੍ਰਭਾਵਾਂ ਬਾਰੇ ਚਿੰਤਾ ਜਤਾਉਂਦੇ ਹਨ ਜੋ ਭਵਿੱਖ ਦੀ ਪੀੜ੍ਹੀ ਲਈ ਹੋ ਸਕਦੇ ਹਨ। ਪਿਊ ਰਿਸਰਚ ਸੈਂਟਰ ਦੁਆਰਾ ਕੀਤੇ ਗੇ ਇੱਕ ਹਾਲੀਆ ਸਰਵੇਖਣ ਅਨੁਸਾਰ, ਲਗਭਗ 70% ਲੋਕ ਇਹ ਮੰਨਦੇ ਹਨ ਕਿ ਪਿਛਲੇ ਦੋ ਦਹਾਕਿਆਂ ਵਿੱਚ ਨੈਤਿਕ ਮੁੱਲਾਂ ਵਿੱਚ ਘਾਟ ਆਈ ਹੈ। ਜਵਾਬ ਦੇਣ ਵਾਲਿਆਂ ਨੇ ਇਸ ਰੁਝਾਨ ਦੇ ਕਾਰਨਾਂ ਵਿੱਚ ਵੱਖ-ਵੱਖ ਕਾਰਕਾਂ ਦੀ ਗਿਣਤੀ ਕੀਤੀ, ਜਿਵੇਂ ਕਿ ਸਮਾਜਿਕ ਮੀਡੀਆ ਦਾ ਪ੍ਰਭਾਵ, ਰਾਜਨੀਤਿਕ ਧਰੁਵੀਕਰਨ ਅਤੇ ਸਮੂਹਿਕ ਹਿੱਸੇਦਾਰੀ ਵਿੱਚ ਆਮ ਘਾਟ। "ਸਮਾਜਿਕ ਮੀਡੀਆ ਦੁਆਰਾ ਜਾਣਕਾਰੀ—ਸੱਚ ਅਤੇ ਝੂਠ ਦੇ ਤੇਜ਼ ਵਿਸਥਾਰ ਨੇ ਇੱਕ ਐਸੇ ਵਾਤਾਵਰਣ ਦਾ ਨਿਰਮਾਣ ਕੀਤਾ ਹੈ ਜਿੱਥੇ ਗਲਤ ਜਾਣਕਾਰੀ ਫੈਲਣਾ ਆਸਾਨ ਹੈ," ਯੂਨੀਵਰਸਿਟੀ ਆਫ ਚਿਕਾਗੋ ਦੀ ਸੋਸ਼ੀਓਲੋਜੀ ਦੀ ਪ੍ਰੋਫੈਸਰ ਲਿਖਦੇ ਹਨ "ਇਹ ਸਿਰਫ ਸਾਡੀ ਸੱਚਾਈ ਦੀ ਸਮਝ ਨੂੰ ਪ੍ਰਭਾਵਿਤ ਨਹੀਂ ਕਰਦਾ, ਸਗੋਂ ਸਾਡੇ ਨੈਤਿਕ ਢਾਂਚਿਆਂ ਅਤੇ ਇਕ ਦੂਜੇ ਨਾਲ ਸੰਬੰਧਿਤ ਹੋਣ ਦੇ ਤਰੀਕੇ ਨੂੰ ਵੀ ਪ੍ਰਭਾਵਿਤ ਕਰਦਾ ਹੈ।" ਇੱਕ ਖੇਤਰ ਜਿੱਥੇ ਇਹ ਘਾਟ ਖਾਸ ਕਰਕੇ ਸਾਫ਼ ਹੈ ਉਹ ਹੈ ਜਨਤਾ ਦਾ ਭਰੋਸਾ। ਐਡਲਮੈਨ ਟ੍ਰਸਟ ਬਾਰੋਮੀਟਰ ਤੋਂ ਇੱਕ ਰਿਪੋਰਟ ਨੇ ਦਰਸਾਇਆ ਕਿ ਸੰਸਥਾਵਾਂ—ਸਰਕਾਰ, ਮੀਡੀਆ, ਅਤੇ ਇੱਥੇ ਤੱਕ ਕਿ ਗੈਰ-ਲਾਭਕਾਰੀਆਂ ਤੇ ਭਰੋਸਾ ਘਟ ਗਿਆ ਹੈ, ਜਿਸ ਨਾਲ ਬਹੁਤ ਸਾਰੇ ਵਿਅਕਤੀ ਮਹਿਸੂਸ ਕਰਦੇ ਹਨ ਕਿ ਇਹ ਸੰਸਥਾਵਾਂ ਲੋਕਾਂ ਦੀ ਭਲਾਈ ਦੀ ਬਜਾਏ ਆਪਣੇ ਹੀ ਫਾਇਦਿਆਂ ਨੂੰ ਤਰਜੀਹ ਦਿੰਦੀਆਂ ਹਨ। ਇਸ ਭਰੋਸੇ ਦੀ ਘਾਟ ਨਿਰਾਸ਼ਾ, ਉਦਾਸੀ ਅਤੇ ਨਾਗਰਿਕ ਜੀਵਨ ਵਿੱਚ ਸ਼ਾਮਿਲ ਹੋਣ ਦੀ ਹਿੰਮਤ ਨੂੰ ਜਨਮ ਦੇ ਸਕਦੀ ਹੈ। ਇਸ ਤੋਂ ਇਲਾਵਾ, ਵਿਅਕਤੀਗਤਤਾ ਦੇ ਵਧਦੇ ਰੁਝਾਨ ਨੇ ਇੱਕ ਐਸੀ ਸੰਸਕ੍ਰਿਤੀ ਨੂੰ ਪੈਦਾ ਕੀਤਾ ਹੈ ਜਿੱਥੇ ਨਿੱਜੀ ਲਾਭ ਅਕਸਰ ਸਮੂਹਿਕ ਭਲਾਈ ਦੇ ਉੱਪਰ ਅਹਿਮੀਅਤ ਰੱਖਦਾ ਹੈ। "ਅਸੀਂ ਦੇਖ ਰਹੇ ਹਾਂ ਕਿ ਸਮੂਹ-ਕੇਂਦਰਿਤ ਮੁੱਲਾਂ ਤੋਂ ਇੱਕ ਹੋਰ ਸੁਤੰਤਰਤਾ-ਕੇਂਦਰਿਤ ਪਹੁੰਚ ਵੱਲ ਬਦਲਾਉ ਹੋ ਰਿਹਾ ਹੈ," ਮਨੋਵਿਗਿਆਨੀ ਡਾ. ਮਾਰਕਸ ਲੀ ਕਹਿੰਦੇ ਹਨ ਜੋ ਨੈਤਿਕ ਵਿਕਾਸ ਵਿੱਚ ਮਾਹਿਰ ਹਨ। "ਇਹ ਵੱਖ-ਵੱਖ ਤਰੀਕਿਆਂ ਨਾਲ ਪ੍ਰਗਟ ਹੋ ਸਕਦਾ ਹੈ, ਜਿਵੇਂ ਕਿ ਅਨੇਕਾਂ ਕਾਰੋਬਾਰੀ ਪ੍ਰਥਾਵਾਂ ਵਿੱਚ ਅਣੈਤਿਕਤਾ ਜਾਂ ਜ਼ਰੂਰਤਮੰਦ ਲੋਕਾਂ ਲਈ ਅਸਹਿਣਸ਼ੀਲਤਾ।" ਇਨ੍ਹਾਂ ਚਿੰਤਾਵਾਂ ਦੇ ਜਵਾਬ ਵਿੱਚ, ਕਈ ਸੰਸਥਾਵਾਂ ਅਤੇ ਸਮਾਜਿਕ ਆਗੂ ਨੈਤਿਕ ਸਿੱਖਿਆ ਅਤੇ ਸਮੂਹਿਕ ਹਿੱਸੇਦਾਰੀ ਨੂੰ ਪ੍ਰੋਤਸਾਹਿਤ ਕਰਨ ਲਈ ਕੰਮ ਕਰ ਰਹੇ ਹਨ।ਨੈਤਿਕਤਾ ਅਤੇ ਮੁੱਲਾਂ ਦੇ ਆਲੇ-ਦੁਆਲੇ ਵਿਚਾਰ-ਵਿਟਾਦਰਾ ਉਤਸ਼ਾਹਿਤ ਕਰਨ ਵਾਲੀਆਂ ਪਹਿਲਕਦਮੀਆਂ ਸਕੂਲਾਂ, ਕੰਮਕਾਜ਼ ਅਤੇ ਸਥਾਨਕ ਸਮਾਜਾਂ ਵਿੱਚ ਪ੍ਰਾਪਤ ਹੋ ਰਹੀਆਂ ਹਨ। ਸੇਵਾ ਸਿੱਖਣ ਅਤੇ ਸੁਵਿਧਾ ਪ੍ਰਦਾਨ ਕਰਨ ਵਾਲੇ ਕਾਰਜਕ੍ਰਮ ਵੀ ਲਾਗੂ ਕੀਤੇ ਜਾ ਰਹੇ ਹਨ ਤਾਂ ਜੋ ਵਿਅਕਤੀਆਂ ਨੂੰ ਇਕ ਦੂਜੇ ਨਾਲ ਜੁੜਨ ਅਤੇ ਸਮਾਜ ਵਿੱਚ ਸਕਾਰਾਤਮਕ ਯੋਗਦਾਨ ਦੇਣ ਲਈ ਉਤਸ਼ਾਹਿਤ ਕੀਤਾ ਜਾ ਸਕੇ। "ਨੈਤਿਕ ਮੁੱਲਾਂ ਨੂੰ ਮੁੜ ਬਣਾਉਣਾ ਜ਼ਮੀਨੀ ਪੱਧਰ 'ਤੇ ਸ਼ੁਰੂ ਹੁੰਦਾ ਹੈ," ਸਮਾਜਿਕ ਆਗੂ ਅਕਸਰ ਇਹ ਕਹਿੰਦੇ ਹਨ।"ਸਾਨੂੰ ਐਸੇ ਸਥਾਨ ਬਣਾਉਣ ਦੀ ਲੋੜ ਹੈ ਜਿੱਥੇ ਲੋਕ ਇਕੱਠੇ ਹੋ ਸਕਣ, ਅਨੁਭਵ ਸਾਂਝੇ ਕਰ ਸਕਣ ਅਤੇ ਇਕ ਦੂਜੇ ਤੋਂ ਸਿੱਖ ਸਕਣ। ਇਹ ਇੱਕ ਵਧ ਰਹੀ ਟੁੱਟ-ਫੱਟ ਭਰੀ ਦੁਨੀਆ ਵਿੱਚ ਹਮਦਰਦੀ ਅਤੇ ਸਮਝਦਾਰੀ ਨੂੰ ਉਤਸ਼ਾਹਿਤ ਕਰਨ ਬਾਰੇ ਹੈ।" ਇਨ੍ਹਾਂ ਕੋਸ਼ਿਸ਼ਾਂ ਦੇ ਬਾਵਜੂਦ ਨੈਤਿਕ ਮੁੱਲਾਂ ਨੂੰ ਮੁੜ ਸਥਾਪਿਤ ਕਰਨ ਦਾ ਕਾਰਜ ਲੰਬਾ ਅਤੇ ਚੁਣੌਤੀਪੂਰਕ ਹੋਵੇਗਾ।ਸਮਾਜ ਅਸਮਾਨਤਾ, ਮੌਸਮੀ ਬਦਲਾਅ ਅਤੇ ਰਾਜਨੀਤਿਕ ਸੰਘਰਸ਼ ਵਰਗੇ ਜਟਿਲ ਮੁੱਦਿਆਂ ਨਾਲ ਨਜਿੱਠਦਾ ਹੈ ਉਸ ਸਮੋਵਨੈਤਿਕ ਪ੍ਰਿੰਸੀਪਲਾਂ ਲਈ ਇੱਕ ਨਵੀਂ ਵਚਨਬੱਧਤਾ ਦੀ ਲੋੜ ਕਦੇ ਵੀ ਇੰਨੀ ਮਹਿਸੂਸ ਨਹੀਂ ਸੀ। ਜਿਵੇਂ ਜਿਵੇ ਅਸੀਂ ਅੱਗੇ ਵਧਦੇ ਹਾਂ, ਇਹ ਮਹੱਤਵਪੂਰਨ ਹੈ ਕਿ ਵਿਅਕਤੀ, ਪਰਿਵਾਰ ਅਤੇ ਸਮਾਜ ਆਪਣੇ ਮੁੱਲਾਂ 'ਤੇ ਵਿਚਾਰ ਕਰਨ ਅਤੇ ਸੋਚਣ ਕਿ ਉਹ ਕਿਸ ਤਰ੍ਹਾਂ ਇੱਕ ਹੋਰ ਦਿਆਲੂ ਅਤੇ ਨਿਆਂਪੂਰਕ ਸਮਾਜ ਦੀ ਬਣਤਰ ਵਿੱਚ ਯੋਗਦਾਨ ਪਾ ਸਕਦੇ ਹਨ। ਕੇਵਲ ਇਕੱਠੇ ਕਾਰਵਾਈਆਂ ਅਤੇ ਨੈਤਿਕ ਇੰਟੀਗ੍ਰਿਟੀ ਲਈ ਵਚਨਬੱਧਤਾ ਦੁਆਰਾ ਹੀ ਅਸੀਂ ਇਸ ਚਿੰਤਾਜਨਕ ਰੁਝਾਨ ਨੂੰ ਉਲਟਾਉਣ ਅਤੇ ਭਵਿੱਖ ਦੀ ਪੀੜ੍ਹੀ ਲਈ ਇੱਕ ਚੰਗਾ ਭਵਿੱਖ ਬਣਾਉਣ ਦੀ ਉਮੀਦ ਕਰ ਸਕਦੇ ਹਾਂ।

**ਸੁਰਿੰਦਰਪਾਲ ਸਿੰਘ , ਸ੍ਰੀ ਅਮ੍ਰਿਤਸਰ ਸਾਹਿਬ।**

## ਦਿੱਲੀ ਦੇ ਲੋਕਾਂ ਵੱਲੋਂ ਨਕਾਰੇ ਗਏ 'ਆਪ' ਆਗੂ ਹੁਣ ਪੰਜਾਬ ਨੂੰ ਲੁੱਟਣ ਵਿੱਚ ਰੁੱਝੇ ਹੋਏ ਹਨ :ਰਵੀਪ੍ਰੀਤ ਸਿੱਧੂ



ਤਲਵੰਡੀ ਸਾਬੋ, 15 ਮਈ (ਗੁਰਜੰਟ ਸਿੰਘ ਨਥੇਹਾ)- ਪੰਜਾਬ ਦੇ ਮਜੀਠਾ ਵਿੱਚ ਜ਼ਿਹਰੀਲੀ ਸ਼ਰਾਬ ਪੀਣ ਕਾਰਨ 21 ਲੋਕਾਂ ਦੀ ਮੌਤ 'ਤੇ ਦੁੱਖ ਪ੍ਰਗਟ ਕਰਦੇ ਹੋਏ, ਤਲਵੰਡੀ ਸਾਬੋ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਕੇ ਦੋਸ਼ ਲਗਾਇਆ ਹੈ ਕਿ ਅਬਦਾਲੀ ਤੋਂ ਬਾਅਦ, ਭਗਵੰਤ ਮਾਨ ਸਰਕਾਰ ਨੇ ਪੰਜਾਬ ਨੂੰ ਪੂਰੀ ਤਰ੍ਹਾਂ ਲੁੱਟਣ ਲਈ ਦਿੱਲੀ ਦੇ ਲੋਕਾਂ ਨੂੰ ਸੱਤਾ ਸੌਂਪ ਦਿੱਤੀ ਹੈ। ਪੰਜਾਬ ਵਿੱਚ ਸਰਕਾਰ ਨਾਮ ਦੀ ਕੋਈ ਚੀਜ਼ ਨਹੀਂ ਹੈ ਅਤੇ ਪੰਜਾਬ ਦੀ ਵਾਗਡੋਰ ਭਗਵੰਤ ਮਾਨ ਦੇ ਆਕਾਵਾਂ ਨੂੰ ਸੌਂਪ ਕੇ, ਜਿਨ੍ਹਾਂ ਨੂੰ ਦਿੱਲੀ ਦੇ ਲੋਕਾਂ ਨੇ ਨਕਾਰ ਦਿੱਤਾ ਹੈ, ਭਗਵੰਤ ਮਾਨ ਨੇ ਪੰਜਾਬ ਦੇ ਲੋਕਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਰਵੀਪ੍ਰੀਤ ਸਿੱਧੂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਪੰਜਾਬ ਨੂੰ ਪੂਰੀ ਤਰ੍ਹਾਂ ਬਰਬਾਦ ਕਰ ਦਿੱਤਾ ਹੈ, ਭਗਵੰਤ ਮਾਨ ਸਰਕਾਰ ਨੇ ਪੰਜਾਬ ਦੀ ਵਾਗਡੋਰ ਦਿੱਲੀ ਦੇ ਲੋਕਾਂ ਵੱਲੋਂ ਨਕਾਰੇ ਗਏ ਆਗੂਆਂ ਨੂੰ ਸੌਂਪ ਦਿੱਤੀ ਹੈ, ਜਿਨ੍ਹਾਂ ਨੇ ਹਰ ਵਿਭਾਗ 'ਤੇ ਕਬਜ਼ਾ ਕਰ ਲਿਆ ਹੈ, ਜਿਨ੍ਹਾਂ ਦਾ ਇੱਕੋ ਇੱਕ ਉਦੇਸ਼ ਪੰਜਾਬ ਨੂੰ ਲੁੱਟਣਾ ਅਤੇ ਪੰਜਾਬ ਨੂੰ ਬਰਬਾਦ ਕਰਨਾ ਹੈ। ਅਕਾਲੀ ਆਗੂ ਨੇ ਕਿਹਾ ਕਿ ਦੋ ਦਿਨ ਪਹਿਲਾਂ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਮਜੀਠਾ ਵਿੱਚ ਜ਼ਿਹਰੀਲੀ ਸ਼ਰਾਬ ਪੀਣ ਨਾਲ 21 ਲੋਕਾਂ ਦੀ ਮੌਤ ਹੋ ਗਈ ਸੀ। ਉਕਤ ਸਰਕਾਰ ਦੇ ਕਾਰਜਕਾਲ ਦੌਰਾਨ ਜ਼ਿਹਰੀਲੀ ਸ਼ਰਾਬ ਕਾਰਨ ਹੋਇਆ ਇਹ ਤੀਜਾ ਵੱਡਾ ਹਾਦਸਾ ਹੈ। ਸ੍ਰੀ ਸਿੱਧੂ ਨੇ ਕਿਹਾ ਕਿ ਭਗਵੰਤ ਮਾਨ ਨੂੰ ਆਪਣੇ ਪੁਰਾਣੇ ਬਿਆਨ ਯਾਦ ਰੱਖਣੇ ਚਾਹੀਦੇ ਹਨ ਜਦੋਂ ਉਹ ਖੁਦ ਕਹਿੰਦੇ ਸਨ ਕਿ ਜ਼ਿਹਰੀਲੀ ਸ਼ਰਾਬ ਦਾ ਗੈਰ-ਕਾਨੂੰਨੀ ਕਾਰੋਬਾਰ ਸਰਕਾਰ ਅਤੇ ਪ੍ਰਸ਼ਾਸਨ ਦੇ ਸਮਰਥਨ ਨਾਲ ਚੱਲਦਾ ਹੈ, ਇਸ ਲਈ ਇਹ ਸਪੱਸ਼ਟ ਹੈ ਕਿ ਭਗਵੰਤ ਮਾਨ ਸਰਕਾਰ ਉਕਤ ਸ਼ਰਾਬ ਮਾਫੀਆ ਨਾਲ ਮਿਲੀਭੁਗਤ ਵਿੱਚ ਹੈ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਕਾਰਜਕਾਲ ਦੌਰਾਨ ਪੰਜਾਬ ਵਿੱਚ ਨਸ਼ੇ ਦੀ ਤਸਕਰੀ ਸਿਖਰ 'ਤੇ ਪਹੁੰਚ ਗਈ ਸੀ ਅਤੇ ਚਿੱਟੇ ਕਾਰਨ ਪੰਜਾਬ ਵਿੱਚ ਹਰ ਰੋਜ਼ ਨੌਜਵਾਨ ਮਰ ਰਹੇ ਸਨ। ਕਾਨੂੰਨ ਵਿਵਸਥਾ ਦੀ ਸਥਿਤੀ ਵਿਗੜ ਗਈ ਹੈ। ਪੰਜਾਬ ਵਿੱਚ ਡਕੈਤੀ ਅਤੇ ਚੋਰੀ ਵਰਗੀਆਂ ਘਟਨਾਵਾਂ ਲਗਾਤਾਰ ਵਾਪਰ ਰਹੀਆਂ ਹਨ, ਲੋਕ ਅਸੁਰੱਖਿਅਤ ਮਹਿਸੂਸ ਕਰਨ ਲੱਗ ਪਏ ਹਨ। ਮੁੱਖ ਮੰਤਰੀ ਵਜੋਂ ਕਠਪੁਤਲੀ ਬਣਨ ਦਾ ਕੋਈ ਫਾਇਦਾ ਨਹੀਂ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਨੈਤਿਕ ਆਧਾਰ 'ਤੇ ਅਸਤੀਫਾ ਦੇ ਦੇਣਾ ਚਾਹੀਦਾ ਹੈ।

## ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ



ਚੌਕ ਮਹਿਤਾ, 15 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ) ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਜੀ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਦੀ ਰਹਿਨੁਮਾਈ ਹੇਠ ਚੱਲ ਰਹੀ ਸੰਸਥਾ ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਗੁਰੂ ਕੀ ਬੇਰ ਮੱਤੇਵਾਲ ਸਕੂਲ ਦੀ ਬਾਰਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਮੌਕੇ ਸੰਤ ਬਾਬਾ ਸੱਜਣ ਸਿੰਘ ਜੀ ਨੇ ਪਹਿਲੇ ,ਦੂਸਰੇ ਤੇ ਤੀਸਰੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ। ਅਤੇ ਅਧਿਆਪਕਾਂ ਨੂੰ ਵੀ ਅਸ਼ੀਰਵਾਦ ਦਿੱਤਾ ਕਿ ਉਹ ਅੱਗੇ ਤੋਂ ਵੀ ਇਸੇ ਤਰ੍ਹਾਂ ਮਿਹਨਤ ਕਰਵਾ ਕੇ ਬੱਚਿਆਂ ਦਾ ਭਵਿੱਖ ਸਵਾਰਦੇ ਰਹਿਣ। ਇਸ ਮੌਕੇ ਪ੍ਰਿੰਸੀਪਲ ਗੁਰਸੇਵਕ ਸਿੰਘ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੈਸ਼ਨ 2024-25 ਦੌਰਾਨ ਬਾਰਵੀਂ ਜਮਾਤ ਦੇ ਸਾਰੇ ਹੀ ਬੱਚੇ ਚੰਗੇ ਨੰਬਰ ਲੈ ਕੇ ਪਾਸ ਹੋਏ ।ਜਿਨਾਂ ਵਿੱਚੋਂ ਸਾਇੰਸ ਵਿਸ਼ੇ ਵਿੱਚ ਮਹਿਕਪ੍ਰੀਤ ਕੌਰ 96.2%, ਪਲਕਪ੍ਰੀਤ ਕੌਰ 93.8% , ਜਸਨੀਤ ਕੌਰ ਸੋਨੀਆ 93.2%, ਕਮਰਸ ਵਿਸ਼ੇ ਵਿੱਚ ਕਿਰਨਦੀਪ ਕੌਰ 92% ,ਡਾਇਮੰਡਪ੍ਰੀਤ ਕੌਰ 91.8% ,ਕੋਮਲਪ੍ਰੀਤ ਕੌਰ 91.6%, ਅਤੇ ਆਰਟਸ ਵਿਸ਼ੇ ਵਿੱਚ ਜਸਲੀਨ ਕੌਰ 87.6%, ਗੁਰਵਿੰਦਰ ਸਿੰਘ 87.4%, ਰੋਮਨਪ੍ਰੀਤ ਕੌਰ 84.6% ਨੰਬਰ ਪ੍ਰਾਪਤ ਕਰਕੇ ਕਰਮਵਾਰ ਪਹਿਲੇ ,ਦੂਜੇ ਅਤੇ ਤੀਸਰੇ ਸਥਾਨ ਤੇ ਰਹੇ। ਇਸ ਮੌਕੇ ਸੰਸਥਾ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਜੀ ਨੇ ਬੱਚਿਆਂ ਦੇ ਨਾਲ ਆਏ ਹੋਏ ਮਾਪਿਆਂ ਨੂੰ ਵੀ ਸਨਮਾਨਿਤ ਕੀਤਾ ਅਤੇ ਭਵਿੱਖ ਲਈ ਅਸੀਸ ਬਖਸ਼ੀ.। ਇਸ ਮੌਕੇ ਨਿੰਦਰ ਸਿੰਘ ਭੋਏ, ਬਾਬਾ ਸੁੱਖਾ ਸਿੰਘ, ਬਾਬਾ ਜੱਸਾ ਸਿੰਘ, ਜਗਰੂਪ ਸਿੰਘ ਬੋਪਾਰਾਏ ,ਜੋਬਨ ਬੁਲਾਰਾ, ਮੇਜਰ ਸਿੰਘ , ਅਵਤਾਰ ਸਿੰਘ ਬੋਪਾਰਾਏ, ਰਣਜੀਤ ਸਿੰਘ ਬਾਬੋਵਾਲ ਬਾਬਾ ਰਾਜਾ, ਮੈਡਮ ਕਰਮਜੀਤ ਕੌਰ, ਪਲਵਿੰਦਰ ਕੌਰ ਕਵਲਜੀਤ ਕੌਰ, ਕਿਰਨਦੀਪ ਕੌਰ ਰੁਪਿੰਦਰ ਕੌਰ ਅਤੇ ਬੱਚਿਆਂ ਦੇ ਮਾਪੇ ਹਾਜ਼ਰ ਸਨ।

## ਅਮਨਦੀਪ ਸਿੰਘ ਮਡਾਹਰ ਨੂੰ ਬਲਾਕ ਕੋਆਰਡੀਨੇਟਰ ਬਣਨ 'ਤੇ ਚੇਅਰਮੈਨ ਘੁੱਲੀ ਨੇ ਕੀਤਾ ਸਨਮਾਨ



ਧੂਰੀ, 15 ਮਈ ( ਰਣਜੀਤ ਸਿੰਘ ਪੇਧਨੀ)-ਆਮ ਆਦਮੀ ਪਾਰਟੀ ਪੰਜਾਬ ਵੱਲੋਂ ਨੌਜਵਾਨਾਂ ਨੂੰ ਵੱਖ-ਵੱਖ ਤਰ੍ਹਾਂ ਦੀਆਂ ਜਿੰਮੇਵਾਰੀਆਂ ਦੇ ਕੇ ਨਿਵਾਜਿਆ ਜਾ ਰਿਹਾ ਹੈ। ਇਸੇ ਹੀ ਤਰਾਂ ਹਲਕਾ ਧੂਰੀ ਦੇ ਪਿੰਡ ਭੱਦਲਵੜ ਤੋਂ ਨੌਜਵਾਨ ਅਮਨਦੀਪ ਸਿੰਘ ਮਡਾਹਰ ਨੂੰ ਜੋਨ ਯੂਥ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਅਮਨਦੀਪ ਸਿੰਘ ਨੂੰ ਜਿਮੇਵਾਰੀ ਮਿਲਣ 'ਤੇ ਸਨਮਾਨ ਕੀਤਾ ਗਿਆ। ਨਵ ਨਿਯੁਕਤ ਕੋਆਰਡੀਨੇਟਰ ਅਮਨਦੀਪ ਸਿੰਘ ਮਡਾਹਰ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ, ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਦਾ ਉਹ ਦਿਲ ਦੀਆਂ ਗਹਿਰਾਈਆਂ ਚੋ ਧੰਨਵਾਦ ਕਰਦੇ ਹਨ ਅਤੇ ਮਿਲੀ ਜ਼ਿੰਮੇਵਾਰੀ ਨੂੰ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਇਸ ਮੌਕੇ ਆਪ ਆਗੂ ਪਰਮਜੀਤ ਸਿੰਘ ਕਾਂਝਲਾ, ਆਪ ਆਗੂ ਭਿੰਦਾ ਵਿਰਕ, ਸਰਪੰਚ ਗੋਗਾ ਦੁਗਨੀ , ਦਾਰਾ ਸਿੰਘ, ਗੁਰਵਿੰਦਰ ਸਿੰਘ ਪੰਚ, ਲੇਖਕ ਬਖਸ਼ੀਸ਼ ਸਿੰਘ ਅਲਾਲ, ਨੰਬਰਦਾਰ ਬਹਾਦਰ ਸਿੰਘ ਹਰਚੰਦਪੁਰ, ਸਾਬਕਾ ਸਰਪੰਚ ਨਾਹਰ ਸਿੰਘ ਮੀਮਸਾ, ਰਾਜ ਸਰਪੰਚ ਮਾਨਵਾਲਾ, ਨਵਜੋਤ ਕੌਰ, ਭੋਲਾ ਸਿੰਘ ਧੂਰੀ, ਮਾਣਾ ਗਰੇਵਾਲ ਹਾਜਰ ਸਨ।

ਆਵਾਜ਼ਿ ਕੌਮ AWAZE QAUM

## ਇੱਕ ਨਜ਼ਰ...



## ਗੁਰੂ ਨਾਨਕ ਪਬਲਿਕ ਸਕੂਲ ਰਾਜੌਰੀ ਗਾਰਡਨ ਸਕੂਲ ਦਾ ਨਤੀਜਾ ਰਿਹਾ ਸੌ ਫੀਸਦੀ

### ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਸਮੂਹ ਵਿਦਿਆਰਥੀ ਹੋਏ ਪਾਸ

ਨਵੀਂ ਦਿੱਲੀ 16 ਮਈ (ਮਨਪ੍ਰੀਤ ਸਿੰਘ ਖਾਲਸਾ):- ਸੀਬੀਐਸਸੀ ਦਾ ਦਸਵੀਂ ਅਤੇ ਬਾਰ੍ਹਵੀਂ ਜਮਾਤ ਦਾ ਨਤੀਜਾ ਐਲਾਨਿਆ ਜਾ ਚੁਕਿਆ ਹੈ । ਜਿਸ ਵਿੱਚ ਗੁਰੂ ਨਾਨਕ ਪਬਲਿਕ ਸਕੂਲ ਰਾਜੌਰੀ ਗਾਰਡਨ ਦੇ ਵਿਦਿਆਰਥੀਆਂ ਵਲੋਂ ਪ੍ਰੀਖਿਆ ਵਿੱਚ ਬਾਜੀ ਮਾਰਦਿਆਂ ਸਾਰੇ ਵਿਦਿਆਰਥੀ ਚੰਗੇ ਨੰਬਰ ਲੈ ਕੇ ਦਸਵੀਂ ਅਤੇ ਬਾਰ੍ਹਵੀਂ ਜਮਾਤ ਵਿੱਚੋਂ ਪਾਸ ਹੋ ਗਏ ਅਤੇ ਸਕੂਲ ਦਾ ਨਤੀਜਾ 100% ਰਿਹਾ ਹੈ। ਦਸਵੀਂ ਜਮਾਤ ਵਿੱਚੋਂ ਹਰਲੀਨ ਕੌਰ ਨੇ 89% ਅੰਕ, ਨਿਵੇਦਿਤਾ ਨੇ 88.2% ਅੰਕ, ਅਕਸ਼ਤ ਸਿੰਘ ਨੇ 87.4 % ਅੰਕਾਂ ਨਾਲ ਕ੍ਰਮਵਾਰ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਬਾਰ੍ਹਵੀਂ ਜਮਾਤ ਦੇ ਸਾਇੰਸ ਵਿਭਾਗ ਵਿੱਚੋਂ ਸਿਮਰਤ ਕੌਰ ਨੇ 90%, ਕਾਮਰਸ ਵਿਭਾਗ ਵਿਚ ਜਸਮੀਤ ਕੌਰ ਨੇ 94%, ਮਨੁੱਖਤਾ ਵਿਭਾਗ ਤੋਂ ਅਮਨਪ੍ਰੀਤ ਕੌਰ ਅਤੇ ਸੁਖਨੀਤ ਕੌਰ ਨੇ 90.2% ਅਤੇ ਵੋਕੇਸ਼ਨਲ ਵਿਭਾਗ ਤੋਂ ਸ਼ਬਦ ਚਾਵਲਾ ਨੇ 80% ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੋਸ਼ਨ ਕੀਤਾ। ਇਸ ਮੌਕੇ ਸਕੂਲ ਪ੍ਰਿੰਸੀਪਲ ਮਨਪ੍ਰੀਤ ਕੌਰ ਅਤੇ ਮੈਨੇਜਰ ਜਗਜੀਤ ਸਿੰਘ ਨੇ ਕਿਹਾ ਕਿਸੇ ਵੀ ਪ੍ਰੀਖਿਆ ਵਿੱਚੋਂ ਚੰਗਾ ਨਤੀਜਾ ਪ੍ਰਾਪਤ ਕਰਨ ਲਈ ਸਾਰਿਆਂ ਦੇ ਸਮੂਹਿਕ ਸਹਿਯੋਗ ਦੀ ਜ਼ਰੂਰਤ ਹੁੰਦੀ ਹੈ ਤਾਂ ਹੀ ਚੰਗੇ ਨਤੀਜੇ ਪ੍ਰਾਪਤ ਹੁੰਦੇ ਹਨ। ਉਹਨਾਂ ਨੇ ਕਿਹਾ ਕਿ "ਮਾਪਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਦਿਨ ਰਾਤ ਦੀ ਸਖ਼ਤ ਮਿਹਨਤ ਕਰਕੇ ਸਕੂਲ ਦਾ ਨਤੀਜਾ 100% ਰਿਹਾ ਹੈ। ਸਕੂਲ ਪ੍ਰਿੰਸੀਪਲ ਵੱਲੋਂ ਇਹ ਆਸ ਪ੍ਰਗਟਾਈ ਗਈ ਕਿ ਆਉਣ ਵਾਲੇ ਸਮੇਂ ਵਿੱਚ ਵੀ ਸਕੂਲ ਅੰਦਰ ਪੜ ਰਹੇ ਵਿਦਿਆਰਥੀ ਹਰੇਕ ਪ੍ਰੀਖਿਆ ਵਿੱਚੋਂ ਚੰਗੇ ਅੰਕ ਪ੍ਰਾਪਤ ਕਰਕੇ ਸਕੂਲ, ਅਧਿਆਪਕਾਂ ਅਤੇ ਆਪਣੇ ਮਾਪਿਆ ਦਾ ਨਾਮ ਆਪਣੇ ਇਲਾਕੇ ਵਿੱਚ ਰੌਸ਼ਨ ਕਰਦੇ ਰਹਿਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਪਿੰਡ ਮੁੱਛਲ ਵਿਖੇ ਨਕਾਬਪੋਸ਼ ਵਿਅਕਤੀਆਂ ਵਲੋਂ ਇਕ ਘਰ ਤੇ ਤਾਬੜਤੋੜ ਫਾਇਰਿੰਗ ਕੀਤੀ ਗਈ 15 ਤੋਂ 17 ਗੋਲੀਆਂ ਚਲਾਈਆਂ

ਜੰਡਿਆਲਾ ਗੁਰੂ 15 ਮਈ ( ਕੁਲਵੰਤ ਸਿੰਘ ਵਿਰਦੀ ) ਹਲਕਾ ਜੰਡਿਆਲਾ ਦੇ ਆਸ ਪਾਸ ਦੇ ਪਿੰਡਾਂ ਵਿੱਚ ਗੋਲੀ ਚਲਣ ਦੀਆਂ ਅਨੇਕਾਂ ਘਟਨਾਵਾਂ ਵਾਪਰ ਰਹੀਆਂ ਹਨ ।।ਅਜੇ ਪਹਿਲੀਆਂ ਘਟਨਾਵਾਂ ਦਾ ਡਰ ਲੋਕਾਂ ਦੇ ਮਨਾਂ ਵਿੱਚੋਂ ਨਿਕਲਿਆ ਨਹੀਂ ਰਿਹਾ, ਕਿ ਬੀਤੇ ਦਿਨ ਪਿੰਡ ਮੁੱਛਲ ਵਿੱਚ ਤਾਬੜਤੋੜ ਗੋਲੀਆਂ ਚਲਣ ਦੀ ਘਟਨਾ ਵਾਪਰ ਗਈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਹੋਇਆ ਕੁਲਵਿੰਦਰ ਸਿੰਘ ਪੁੱਤਰ ਅਨੋਖ ਸਿੰਘ ਵਾਸੀ ਪਿੰਡ ਮੁੱਛਲ ਜਿਲ੍ਹਾ ਅੰਮ੍ਰਿਤਸਰ ਨੇ ਦੱਸਿਆ ਕਿ ਮੈਂ ਮਿਹਨਤ ਮਜਦੂਰੀ ਦਾ ਕੰਮ ਕਰਦਾ ਹਾ । ਅਤੇ ਬੀਤੇ ਦਿਨੀਂ ਮਿਤੀ 12-5-25 ਨੂੰ ਰਾਤ ਦੇ ਸਮੇਂ ਵਕਤ ਕ੍ਰੀਬ 11:40 ਨੂੰ ਆਪਣੀ ਪਤਨੀ ਸ਼ਰਨਜੀਤ ਕੌਰ,ਅਤੇ ਲੜਕੇ ਅਕਾਸ਼ਦੀਪ ਸਿੰਘ ਉਮਰ ਕ੍ਰੀਬ 24 ਸਾਲ ਅਤੇ ਸੰਦੀਪ ਸਿੰਘ ਉਮਰ ਕਰੀਬ 21 ਸਾਲ ਸਮੇਤ ਘਰ ਵਿੱਚ ਮੌਜੂਦ ਸੀ ਅਤੇ ਸਾਡੇ ਘਰ ਦਾ ਬਾਹਰਵਾਲਾ ਦਰਵਾਜਾ ਬੰਦ ਸੀ ਅਤੇ ਬਾਹਰ ਗਲੀ ਵਿੱਚ ਇੱਕ ਕਾਰ ਜਿਸ ਦਾ ਰੰਗ ਚਿੱਟਾ ਅਤੇ ਇੱਕ ਮੋਟਰਸਾਇਕਲ ਸਪਲੈਂਡਰ ਤੇ 7-8 ਅਣਪਛਾਤੇ ਨਕਾਬਪੋਸ਼ ਵਿਅਕਤੀ ਆਏ ਅਤੇ ਜਿੰਨ੍ਹਾ ਨੇ ਸਾਨੂੰ ਮਾਰ ਦੇਣ ਦੀ ਨੀਅਤ ਨਾਲ ਸਾਡੇ ਘਰ ਵੱਲ ਤਾਬੜਤੋੜ ਗੋਲੀਆਂ ਚਲਾਉਣੀਆ ਸ਼ੁਰੂ ਕਰ ਦਿੱਤੀਆ। ਜੋ ਅਸੀ ਸਾਰੇ ਡਰਦੇ ਮਾਰੇ ਜਲਦੀ ਨਾਲ ਆਪਣੇ ਘਰ ਦੇ ਪਿਛਲੇ ਕਮਰੇ ਵਿੱਚ ਜਾ ਕੇ ਲੁਕ ਗਏ। ਅਤੇ ਉਨ੍ਹਾ ਨੇ ਕਰੀਬ 15-20 ਫਾਇਰ ਮੇਰੇ ਘਰ ਵੱਲ ਕੀਤੇ ਜੋ ਕੁਝ ਫਾਇਰ ਮੇਰੇ ਘਰ ਦੇ ਮੇਨ ਦਰਵਾਜੇ ਅਤੇ ਕੁਝ ਫਾਇਰ ਮੇਰੇ ਘਰ ਦੀ ਇਮਾਰਤ ਵਿੱਚ ਲੱਗੇ। ਫਿਰ ਉਕਤ ਵਿਅਕਤੀ ਮੇਰੇ ਭਣੇਵੇ ਗੋਰਾ ਵਾਸੀ ਸੇਖੂਪੁਰਾ ਦਾ ਨਾਮ ਲੈ ਕੇ ਗਾਲੀ ਗਲੋਚ ਕਰਦੇ ਰਹੇ ਅਤੇ ਸਾਨੂੰ ਅਤੇ ਮੇਰੇ ਭਣੇਵੇ ਗੋਰਾ ਵਾਸੀ ਸੇਖੂਪੁਰਾ ਨੂੰ ਧਮਕੀਆ ਦਿੰਦੇ ਹੋਏ ਮੌਕੇ ਤੋਂ ਫਰਾਰ ਹੋ ਗਏ। ਜੋ ਅਸੀ ਬੁਰੀ ਤਰ੍ਹਾ ਸਹਿਮ ਗਏ ਸੀ । ਜਿਸ ਸੰਬੰਧੀ ਪੁਲਿਸ ਚੌਂਕੀ ਟਾਂਗਰਾ ਨੂੰ ਲਿਖਤੀ ਸ਼ਿਕਾਇਤ ਦਰਜ ਕਰਵਾ ਦਿੱਤੀ ਗਈ ਹੈ 9 ਇਸ ਸੰਬੰਧੀ ਜਦ ਚੌਂਕੀ ਇੰਚਾਰਜ ਟਾਂਗਰਾ ਏਐਸਆਈ ਨਰਿੰਦਰ ਪਾਲ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ, ਉਨਾਂ ਕਿਹਾ ਕਿ, ਮਾਮਲਾ ਦਰਜ ਕਰ ਲਿਆ ਗਿਆ ਹੈ ਜਲਦ ਤੋਂ ਜਲਦ ਦੋਸ਼ੀਆਂ ਨੂੰ ਫੜ ਕਿ ਉਹਨਾ ਵਿਰੁੱਧ,ਸਖਤ ਤੋਂ ਸਖਤ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।



## ਪੱਤਰਕਾਰ ਕਵਲਜੀਤ ਸਿੰਘ ਲਾਡੀ ਨੂੰ ਗਹਿਰ,ਸਦਮਾ ਛੋਟੇ ਭਰਾ ਦਾ ਦਿਹਾਂਤ

ਜੰਡਿਆਲਾ ਗੁਰੂ 15 ਮਈ ( ਕੁਲਵੰਤ ਸਿੰਘ ਵਿਰਦੀ ) ਜੰਡਿਆਲਾ ਗੁਰੂ ਤੋਂ ਪੱਤਰਕਾਰ ਕੰਵਲਜੀਤ ਸਿੰਘ ਲਾਡੀ ਦੇ ਪਰਿਵਾਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਓਹਨਾਂ ਦੇ ਛੋਟੇ ਭਰਾ ਗੁਰਪ੍ਰੀਤ ਸਿੰਘ ਉਰਫ ਰਿੰਕੂ ਦਾ ਸੰਖੇਪ ਬਿਮਾਰੀ ਪਿੱਛੋਂ ਆਕਾਲ ਪੁਰਖ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆਂ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਆਖ ਕਿ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ । ਮਿਰਤਕ ਅਪਨੇ ਪਿੱਛੇ ਵਿਧਵਾ ਪਤਨੀ ਤੋਂ ਇਲਾਵਾ ਦੋ ਬੱਚੇ ਛੱਡ ਗਿਆ ਹੈ । ਅੱਜ ਗੁਰਪ੍ਰੀਤ ਸਿੰਘ ਦਾ ਸੰਸਕਾਰ ਓਹਨਾਂ ਦੇ ਜੱਦੀ ਪਿੰਡ ਜੱਬੋਵਾਲ ਵਿਖੇ ਕਰ ਦਿੱਤਾ ਗਿਆ । ਇਸ ਮੌਕੇ ਸਮੂਹ ਪਰਿਵਾਰਿਕ ਰਿਸ਼ਤੇਦਾਰਾਂ ਤੋਂ ਇਲਾਵਾ ਪਤਰਕਾਰ ਭਾਈਚਾਰੇ ਵਿੱਚ ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਜੰਡਿਆਲਾ ਪ੍ਰੈਸ ਕਲੱਬ, ਪ੍ਰਗਟ ਸਿੰਘ, ਸੁਖਜਿੰਦਰ ਸਿੰਘ ਸੋਨੂੰ, ਰੋਕੀ ਜੈਨ, ਹਰਿੰਦਰਪਾਲ ਸਿੰਘ, ਵਰੁਣ ਸੋਨੀ ਆਦਿ ਨੇ ਓਹਨਾਂ ਨਾਲ ਦੁੱਖ ਸਾਂਝਾ ਕੀਤਾ ।

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਮਜੀਠਾ ਵਿੱਚ ਵਾਪਰੇ ਸ਼ਰਾਬ ਕਾਂਡ ਦੀ ਕਿਸੇ ਨਿਰਪੱਖ ਏਜੰਸੀ ਤੋਂ ਜਾਂਚ ਕਰਵਾਉਣ ਦੀ ਮੰਗ: ਤਾਲਬਪੁਰਾ



ਰਮਦਾਸ, 15 ਮਈ (ਆਵਾਜ਼ਿ ਕੌਮ ਬਿਊਰੋ )- ਅੰਮ੍ਰਿਤਸਰ ਅਧੀਨ ਆਉਂਦੇ ਵਿਧਾਨ ਸਭਾ ਹਲਕਾ ਮਜੀਠਾ ਵਿੱਚ ਨਕਲੀ ਬਣੀ ਸ਼ਰਾਬ ਨਾਲ ਲਗਭਗ 17 ਵਿਆਕਤੀਆਂ ਦੀ ਮੌਤ ਹੋ ਗਈ। ਇਸ ਸਬੰਧੀ ਗੱਲਬਾਤ ਕਰਦਿਆਂ ਅਕਾਲੀ ਦਲ (ਵਾਰਿਸ ਪੰਜਾਬ ਦੇ) ਹਲਕਾ ਅਜਨਾਲਾ ਦੇ ਸੇਵਾਦਾਰ ਭਾਈ ਸੁਰਿੰਦਰ ਪਾਲ ਸਿੰਘ ਤਾਲਬਪੁਰਾ ਨੇ ਪਰਿਵਾਰਾਂ ਨਾਲ ਦੁੱਖ ਦਾ ਪ੍ਰਗਟਾਵਾ ਕਰ ਦਿਆ ਕਿਹਾ ਕਿ ਇਹ ਸਭ ਕੁਝ ਮਨੁੱਖਤਾ ਨੂੰ ਮੌਤ ਦੇ ਮੂੰਹ ਵਿੱਚ ਧਕੇਲਣ ਵਾਲੀ ਕਾਰਵਾਈਆਂ ਹੈ ਜਿੰਨ੍ਹਾਂ ਦੀ ਉਹਨਾਂ ਦੀ ਪਾਰਟੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ। ਪੰਜਾਬ ਅੰਦਰ ਬਾਰ ਬਾਰ ਇਸ ਤਰ੍ਹਾਂ ਦੇ ਕਾਂਡਾਂ ਦਾ ਹੋਣਾ ਬੜੀ ਚਿੰਤਾਜਨਕ ਹੈ ? ਇਸ ਤਰ੍ਹਾਂ ਪੰਜਾਬ ਅੰਦਰ ਹੀ ਕਿਉਂ ਹੋ ਰਿਹਾ ਹੈ ਇਸ ਦਾ ਜਵਾਬ ਕੌਣ ਦੇਵੇਗਾ ? ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਘਟਨਾ ਸਥਾਨ ਤੇ ਜੋ ਐਲਾਨ ਕੀਤੇ ਗਏ ਹਨ ਉਹ ਨਾ ਕਾਫ਼ੀ ਹਨ। ਉਹਨਾਂ ਕਿਹਾ ਕਿ ਇਹ ਪੰਜਾਬ ਵਿੱਚ ਪਿਛਲੇ ਸਮੇਂ ਦੀਆਂ ਸਰਕਾਰਾਂ ਸਮੇਂ ਵੀ ਮੌਤ ਦਾ ਨੰਗਾ ਨਾਚ ਹੁੰਦਾ ਰਿਹਾ ਹੈ। ਇਹ ਮਾਮਲਾ ਬਹੁਤ ਹੀ ਗੰਭੀਰ ਹੈ। ਜਿੰਨ੍ਹਾਂ ਅਫਸਰ ਦੀ ਨੱਕ ਹੇਠ ਇਹ ਮੌਤਾਂ ਦਾ ਨੰਗਾ ਨਾਚ ਕੀਤਾ ਗਿਆ ਉਹਨਾਂ ਨੂੰ ਸਸਪੈਂਡ ਕਰਨ ਨਾਲ ਕੁੱਝ ਨਹੀ ਹੋਣਾ ਉਨ੍ਹਾਂ ਨੂੰ ਨੌਕਰੀਆਂ ਤੋਂ ਬਰਖਾਸਤ ਕਰਕੇ ਕਤਲ ਦੇ ਮਾਮਲੇ ਦਰਜ ਕਰਨੇ ਚਾਹੀਦੇ ਹਨ ਅਤੇ ਪੰਜਾਬ ਦੇ ਐਕਸਾਈਜ ਅਤੇ ਟੈਕਸੇਸ਼ਨ ਵਿਭਾਗ ਦੇ ਮੰਤਰੀ ਨੂੰ ਆਪਣੀ ਜਿੰਮੇਵਾਰ ਸਮਝਦੇ ਹੋਏ ਤੁਰੰਤ ਅਸਤੀਫਾ ਦੇਣਾ ਚਾਹੀਦਾ ਹੈ। ਇਸ ਕਾਂਡ ਦੀ ਨਿਰਪੱਖ ਜਾਂਚ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਹੋਰ ਦੋਸ਼ੀ ਵਿਅਕਤੀਆਂ ਦੀ ਪਹਿਚਾਣ ਹੋ ਸਕੇ । ਜਿਨ੍ਹਾਂ ਲੋਕਾਂ ਦਾ ਨੁਕਸਾਨ ਹੋਇਆ ਹੈ ਉਹਨਾਂ ਨੂੰ ਘੱਟੋ-ਘੱਟ 25 ਲੱਖ ਰੁਪਏ ਦਾ ਮੁਆਵਜ਼ਾ ਸਰਕਾਰ ਦੇਵੇ ਅਤੇ ਜੋ ਦੋਸ਼ੀ ਪਾਏ ਗਏ ਹਨ ਉਨ੍ਹਾਂ ਦੀਆਂ ਜਾਇਦਾਦਾਂ ਦੀ ਕੁਰਕੀ ਕਰਕੇ 25 ਲੱਖ ਰੁਪਏ ਹੋਰ ਮੁਆਵਜ਼ਾ ਦਿੱਤਾ ਜਾਵੇ ਤਾਂ ਜੋ ਅੱਗੇ ਤੋਂ ਪੰਜਾਬ ਅੰਦਰ ਇਸ ਤਰ੍ਹਾਂ ਦਾ ਕੋਈ ਹੋਰ ਹਾਦਸਾ ਨਾ ਵਾਪਰ ਸਕੇ। ਉਹਨਾਂ ਕਿਹਾ ਕਿ ਅਕਾਲੀ ਦਲ (ਵਾਰਿਸ ਪੰਜਾਬ ਦੇ) ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਨਸ਼ਿਆਂ ਵਿਰੁੱਧ ਜੰਗ ਲੜ ਰਹੇ ਹਨ। ਜਿਸ ਦੀ ਅਗਵਾਈ ਲੋਕ ਸਭਾ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਕਰ ਰਹੇ ਹਨ। ਪਰ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੀ ਮਿਲੀਭੁਗਤ ਨਾਲ ਉਨ੍ਹਾਂ ਨੂੰ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਕੀਤਾ ਹੋਇਆ ਹੈ। ਨਸ਼ਾ ਮਾਫੀਆ ਦੇ ਸਬੰਧੀ ਪੁੱਛੇ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਲੋਕ ਸਭਾ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਪਹਿਲਾਂ ਹੀ ਕਈ ਅਹਿਮ ਖੁਲਾਸੇ ਕੀਤੇ ਹਨ ਕਿ ਸ਼ਰਾਬ ਮਾਫੀਆ ਨੂੰ ਲੈ ਕੇ ਸਾਰੀਆਂ ਸਿਆਸੀ ਪਾਰਟੀਆਂ ਹਮਾਮ ਵਿੱਚ ਨੰਗੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਚੂੰਗ ਦਾ ਨਤੀਜਾ ਰਿਹਾ ਸ਼ਾਨਦਾਰ



ਚੌਕ ਮਹਿਤਾ, 15 ਮਈ ( ਬਾਬਾ ਸੁਖਵੰਤ ਸਿੰਘ ਚੰਨਨਕੇ)- ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਚੂੰਘ ਦਾ ਬਾਰਵੀਂ ਕਲਾਸ ਦਾ ਨਤੀਜਾ ਇਸ ਸਾਲ ਵੀ ਸ਼ਾਨਦਾਰ ਰਿਹਾ। ਸਾਰੇ ਹੀ ਵਿਦਿਆਰਥੀ ਬਹੁਤ ਹੀ ਨੰਬਰ ਵਧੀਆ ਨੰਬਰਾਂ ਨਾਲ ਪਾਸ ਹੋਏ ਅਸ਼ਮੀਤ ਕੌਰ ਨੇ 94% ਨੰਬਰ ਲੈ ਕੇ ਮੈਡੀਕਲ ਵਿੱਚ ਪਹਿਲਾਂ ਸਥਾਨ ਪ੍ਰਾਪਤ ਕੀਤਾ, ਰਜਵੰਤ ਕੌਰ ਨੇ 91% ਲੈ ਕੇ ਦੂਸਰਾ ਸਥਾਨ ਜਸਕਰਨਪ੍ਰੀਤ ਕੌਰ ਨੇ 91% ਨੰਬਰ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸੇ ਹੀ ਤਰ੍ਹਾਂ ਨਾਨ ਮੈਡੀਕਲ ਵਿੱਚ ਤਰਨਦੀਪ ਸਿੰਘ ਨੇ 94.20% ਨੰਬਰ ਲੈ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਕਰਨਦੀਪ ਸਿੰਘ ਨੇ 93.20% ਨੰਬਰ ਲੈ ਕੇ ਦੂਸਰਾ ਸਥਾਨ ਪ੍ਰਾਪਤ ਕੀਤਾ ਅਤੇ ਕਿਰਨਦੀਪ ਕੌਰ ਨੇ 93.60% ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਕਾਮਰਸ ਵਿੱਚ ਸੁਖਰਾਜ ਸਿੰਘ ਅਤੇ ਸ਼ਿਹਬਾਜ਼ ਸਿੰਘ ਨੇ 90.60% ਨਾਲ ਪਹਿਲਾ ਸਥਾਨ ਪ੍ਰਾਪਤ ਕੀਤਾ, ਸਹਿਜਪਾਲ ਸਿੰਘ ਨੇ 90% ਨੰਬਰ ਲੈ ਕੇ ਦੂਸਰਾ ਸਥਾਨ ਪ੍ਰਾਪਤ ਕੀਤਾ। ਅਤੇ ਜਸਕਰਨਪ੍ਰੀਤ ਸਿੰਘ ਨੇ 89.80% ਨੰਬਰ ਲੈ ਕੇ ਤੀਸਰਾ ਸਾਹਿਬ ਪ੍ਰਾਪਤ ਕੀਤਾ। ਇਸਤੋਂ ਇਲਾਵਾ 24 ਵਿਦਿਆਰਥੀ 90% ਅਤੇ 46 ਵਿਦਿਆਰਥੀਆਂ ਨੇ 80% ਤੋਂ ਜ਼ਿਆਦਾ ਅੰਕ ਪ੍ਰਾਪਤ ਕੀਤੇ। ਬਾਕੀ ਵਿਦਿਆਰਥੀ ਵੀ ਵਧੀਆ ਨੰਬਰ ਨਾਲ ਪਾਸ ਹੋਏ। ਚੇਅਰਮੈਨ ਰਘਬੀਰ ਸਿੰਘ ਸੋਹਲ ਨੇ ਵਿਦਿਆਰਥੀਆਂ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ ਅਤੇ ਓਹਨਾ ਦਾ ਮੂੰਹ ਮਿੱਠਾ ਕਰਵਾਇਆ। ਡਾਇਰੈਕਟਰ ਤੇਜਬੀਰ ਸਿੰਘ ਸੋਹਲ ਅਤੇ ਪ੍ਰਿੰਸੀਪਲ ਮੰਤੇਸ਼ ਕੁਮਾਰ ਨੇ ਵਿਦਿਆਰਥੀਆਂ ਨੂੰ ਮੈਡਲ ਅਤੇ ਟਰਾਫੀ ਨਾਲ ਸਨਮਾਨਿਤ ਕੀਤਾ। ਇਸ ਮੌਕੇ ਜਸਪ੍ਰੀਤ ਕੌਰ ਸੋਹਲ, ਮਨਪ੍ਰੀਤ ਕੌਰ ਛੀਨਾ(ਪ੍ਰਿੰਸੀਪਲ ਸੀ ਬੀ ਐਸ ਈ), ਅਮਰਜੀਤ ਸਿੰਘ, ਹਰਪ੍ਰੀਤ ਕੌਰ ਸੇਖੋਂ,ਵਿਦਿਆਰਥੀਆਂ ਦੇ ਮਾਤਾ ਪਿਤਾ ਅਤੇ ਹੋਰ ਸਟਾਫ ਮੈਂਬਰ ਹਾਜ਼ਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਤਿਗੁਰ ਰੈਡੀਮੇਡ ਦੁਕਾਨ ਤੇ ਹਮਲਾ ਕਰਨ ਵਾਲ੍ਹੇ ਗੈਂਗਸਟਰ ਮੁੱਖ ਦੋਸ਼ੀ ਦਾ ਪੁਲਿਸ ਨਾਲ ਮੁਕਾਬਲਾ ਗੋਲੀ ਲੱਗਣ ਕਾਰਨ ਗੈਂਗਸਟਰ ਹੋਇਆ ਜ਼ਖ਼ਮੀ



ਜੰਡਿਆਲਾ ਗੁਰੂ 15 ਮਈ ( ਕੁਲਵੰਤ ਸਿੰਘਵਿਰਦੀ ) ਕੁਝ ਦਿਨ ਪਹਿਲਾਂ ਵਾਲਮੀਕ ਚੌਂਕ ਜੰਡਿਆਲਾ ਗੁਰੂ ਵਿਖੇ ਸਥਿਤ ਸਤਿਗੁਰ ਰੈਡੀਮੇਡ ਦੀ ਦੁਕਾਨ ਉਪਰ ਮੋਟਰਸਾਇਕਲ ਤੇ ਸਵਾਰ ਹੋ ਕਿ ਆਏ ਤਿੰਨ ਨਕਾਬਪੋਸ਼ ਵਿਅਕਤੀਆਂ ਵੱਲੋਂ ਅੰਨ੍ਹੇਵਾਹ ਫਾਇਰਿੰਗ ਕੀਤੀ ਗਈ ਸੀ ਹਰਕਤ ਵਿੱਚ ਆਈ ਜੰਡਿਆਲਾ ਪੁਲਿਸ ਵੱਲੋਂ ਫਾਇਰਿੰਗ ਕਰਨ ਵਾਲੇ ਦੋਸ਼ੀਆਂ ਵਿੱਚੋ ਦੋ ਨੂੰ ਗ੍ਰਿਫਤਾਰ ਕਰ ਲਿਆ ਗਿਆ ਸੀ ਅਤੇ ਇਸ ਵਾਰਦਾਤ ਦਾ ਮੁੱਖ ਦੋਸੀ ਪੁਲਿਸ ਦੀ ਪਕੜ ਤੋਂ ਦੂਰ ਸੀ ਲੇਕਿਨ ਬੀਤੇ ਕੱਲ੍ਹ 14 ਮਈ ਨੂੰ ਪੁਲਿਸ ਨੂੰ ਮਿਲੀ ਗੁਪਤ ਸੂਚਨਾ ਦੇ ਆਧਾਰ ਤੇ ਜੰਡਿਆਲਾ ਥਾਣੇ ਦੇ ਐਸ ਐਚ ਓ ਹਰਚੰਦ ਸਿੰਘ ਚੌਕੀ ਇੰਚਾਰਜ ਵੱਲੋਂ ਪੁਲਿਸ ਪਾਰਟੀ ਸਮੇਤ ਜੰਡਿਆਲਾ ਗੁਰੂ ਵੈਰੋਵਾਲ ਰੋਡ ਧਾਰੜ ਨਹਿਰ ਪੁਲ ਉਪਰ ਨਾਕਾ ਲਗਾਇਆ ਗਿਆ ਜਿਥੇ ਮੋਟਰਸਾਇਕਲ ਤੇ ਸਵਾਰ ਇਕ ਨੌਜਵਾਨ ਜੋ ਸੇਖਫਤਾ ਸਾਈਡ ਤੋਂ ਨਹਿਰ ਦੀ ਪਟੜੀ ਤੇ ਆ ਰਹੇ ਨੂੰ ਰੁਕਣ ਦਾ ਇਸਾਰਾ ਕੀਤਾ ਗਿਆ ਅਤੇ ਅੱਗੋਂ ਉਸ ਨੌਜਵਾਨ ਵੱਲੋਂ ਪੁਲਿਸ ਤੇ ਫਾਇਰਿੰਗ ਕਰਨੀ ਸੁਰੂ ਕਰ ਦਿੱਤੀ ਜਿਸ ਦੀ ਜੁਵਾਬੀ ਕਾਰਵਾਈ ਕਰਦਿਆ ਹੋਇਆਂ ਪੁਲਿਸ ਪਾਰਟੀ ਵੱਲੋਂ ਪਹਿਲਾਂ ਹਵਾਈ ਫਾਇਰ ਕੀਤਾ ਗਿਆ ਅਤੇ ਸਰੰਡਰ ਕਰਨ ਲਈ ਕਿਹਾ ਗਿਆ ਲੇਕਿਨ ਨੌਜਵਾਨ ਗੋਲੀ ਚਲਾਉਣ ਤੋਂ ਨਹੀਂ ਹਟਿਆ ਦੁਬਾਰਾ ਪੁਲਿਸ ਵੱਲੋਂ ਉਸ ਦੀ ਲੱਤ ਵਿੱਚ ਗੋਲੀ ਮਾਰੀ ਗਈ ਜਿਸ ਨਾਲ ਉਹ ਨੌਜਵਾਨ ਜਖ਼ਮੀ ਹੋ ਗਿਆ ਜਖਮੀ ਹੋਣ ਤੋਂ ਬਾਅਦ ਪੁਲਿਸ ਨੇ ਉਸ ਨੂੰ ਸਿਵਲ ਹਸਪਤਾਲ ਭੇਜ ਦਿੱਤਾ ਗਿਆ ਇਸ ਸਬੰਧੀ ਹੋਰ ਜਾਣਕਾਰੀ ਲਈ ਐਸ ਐਸ ਓ ਹਰਚੰਦ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾ ਕਿਹਾ ਕਿ ਇਹ ਉਹ ਲੋਕ ਹਨ ਜੋ ਜੰਡਿਆਲਾ ਗੁਰੂ ਵਿਖੇ ਵਪਾਰੀਆਂ ਦੁਕਾਨਦਾਰਾਂ ਕੋਲੋਂ ਫਿਰੌਤੀਆਂ ਮੰਗਦੇ ਸਨ ਅੱਜ ਜਦੋਂ ਇਸ ਨੇ ਪੁਲਿਸ ਪਾਰਟੀ ਤੇ ਗੋਲੀ ਚਲਾਈ ਜਵਾਬੀ ਕਾਰਵਾਈ ਚ ਇਹ ਜਖਮੀ ਹੋ ਗਿਆ ਅਤੇ ਇਸ ਕੋਲ ਇਨਪੋਰਟਿਡ ਪਿਸਟਲ ਬਰਾਮਦ ਕੀਤਾ ਗਿਆ ਇਸ ਤਰ੍ਹਾ ਲੱਗਦਾ ਹੈ ਜਿਵੇਂ ਅੱਜ ਵੀ ਇਹ ਕਿਸੇ ਵਾਰਦਾਤ ਨੂੰ ਅੰਜਾਮ ਦੇਣ ਜਾ ਰਿਹਾ ਸੀ ਇਸ ਦੀ ਪਹਿਚਾਣ ਦਲਜੀਤ ਸਿੰਘ ਗੋਰਾ ਉਰਫ਼ ਬਿੱਲਾ ਵਜੋਂ ਹੋਈ ਹੈ ਅੱਗੇ ਐਸ ਐਚ ਓ ਹਰਚੰਦ ਸਿੰਘ ਨੇ ਸਰਾਰਤੀ ਅਨਸਰਾਂ ਨੂੰ ਸਖ਼ਤ ਤਾੜਨਾ ਕਰਦਿਆ ਹੋਇਆ ਕਿਹਾ ਕਿ ਕਿਸੇ ਵੀ ਸਮਾਜ ਵਿਰੋਧੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# 16 ਮਈ ਤੋਂ ਪਿੰਡਾਂ ਵਿੱਚ ਸ਼ੁਰੂ ਹੋਵੇਗੀ 'ਨਸ਼ਾ ਮੁਕਤੀ ਯਾਤਰਾ': ਡਿਪਟੀ ਕਮਿਸ਼ਨਰ



ਬਠਿੰਡਾ, 15 ਮਈ (ਗੁਰਜੰਟ ਸਿੰਘ ਨਥੇਹਾ)- ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਰਾਜ ਨੂੰ ਨਸ਼ਾ ਮੁਕਤ ਕਰਨ ਅਤੇ ਨਸ਼ੇ ਤੇ ਨਸ਼ਾ ਤਸਕਰਾਂ ਦੇ ਖਾਤਮੇ ਤੱਕ 'ਯੁੱਧ ਨਸ਼ਿਆ ਵਿਰੁੱਧ' ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਤਹਿਤ 16 ਮਈ ਤੋਂ ਜ਼ਿਲ੍ਹੇ ਦੇ ਪਿੰਡਾਂ ਵਿੱਚ ਲੜੀਵਾਰ ਸਭਾਵਾਂ ਬੁਲਾ ਕੇ ਜਾਗਰੂਕਤਾ ਸਮਾਗਮ ਕੀਤੇ ਜਾਣਗੇ। ਇਨ੍ਹਾਂ ਜਾਗਰੂਕਤਾ ਸਮਾਗਮਾਂ ਦਾ ਉਦੇਸ਼ ਨਸ਼ਾ ਪੀੜਤਾਂ ਨੂੰ ਨਸ਼ਿਆਂ ਦੀ ਚੁੰਗਲ ਵਿੱਚੋਂ ਕੱਢ ਕੇ ਉਨ੍ਹਾਂ ਦਾ ਸਹੀ ਇਲਾਜ, ਕਾਊਂਸਲਿੰਗ ਤੇ ਉਨ੍ਹਾਂ ਦੇ ਪੁਨਰਵਾਸ ਲਈ ਕਿੱਤਾ-ਮੁੱਖੀ ਸਿਖਲਾਈ ਦੇਣਾ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਸਾਂਝੀ ਕੀਤੀ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਹਿਲੇ ਦਿਨ ਜ਼ਿਲ੍ਹੇ ਦੇ 18 ਪਿੰਡਾਂ ਵਿਖੇ ਨਸ਼ਾ ਮੁਕਤੀ ਯਾਤਰਾ ਤਹਿਤ ਸਮਾਗਮ ਹੋਣਗੇ। ਇਨ੍ਹਾਂ ਵਿੱਚ ਬਠਿੰਡਾ (ਸ਼ਹਿਰੀ) 'ਚ ਵਾਰਡ ਨੰਬਰ 3 (ਆਰ.ਓ ਹਜ਼ੂਰਾ-ਕਪੂਰਾ ਕਲੋਨੀ), ਵਾਰਡ 4 (ਗਲੀ ਨੰਬਰ 10/19, ਗੁਰੂ ਗੋਬਿੰਦ ਸਿੰਘ ਨਗਰ) ਅਤੇ ਵਾਰਡ ਨੰਬਰ 5 ਵਿਖੇ (ਨੇੜੇ ਵੇਰਕਾ ਬੂਥ, ਫੇਜ 4-5 ਮਾਡਲ ਟਾਊਨ ਬਠਿੰਡਾ), ਬਠਿੰਡਾ (ਦਿਹਾਤੀ) ਦੇ ਪਿੰਡ ਘੁੱਦਾ (ਬਾਬਾ ਬਲੀਆ ਦੀ ਸਮਾਧ), ਨਰੂਆਣਾ (ਸ਼ਹੀਦ ਕਰਮ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ) ਅਤੇ ਨੰਦਗੜ੍ਹ (ਐਸ.ਸੀ ਧਰਮਸ਼ਾਲਾ), ਭੁੱਚੋਂ ਮੰਡੀ ਹਲਕੇ ਦੇ ਪਿੰਡ ਚੱਕ ਬਖਤੂ (ਪੰਚਾਇਤੀ ਧਰਮਸ਼ਾਲਾ), ਚੱਕ ਰਾਮ ਸਿੰਘ ਵਾਲਾ (ਸੱਥ ਖੂਹ ਕੋਲ), ਚੱਕ ਫਤਿਹ ਸਿੰਘ ਵਾਲਾ (ਨਿੰਮ ਵਾਲੀ ਧਰਮਸ਼ਾਲਾ), ਮੌੜ ਹਲਕੇ ਦੇ ਪਿੰਡ ਗਿੱਲ ਖੁਰਦ (ਪਿੰਡ ਦੀ ਸੱਥ), ਕੁੱਤੀਵਾਲ ਖੁਰਦ (ਧਰਮਸ਼ਾਲਾ ਨੇੜੇ ਗੁਰਦੁਆਰਾ ਸਾਹਿਬ), ਜਿਊਂਦ (ਪੰਚਾਇਤ ਘਰ), ਰਾਮਪੁਰਾ ਫੂਲ ਹਲਕੇ ਦੇ ਪਿੰਡ ਕੋਠੇ ਮੱਲੂਆਣਾ (ਗੁਰਦੁਆਰਾ ਸਾਹਿਬ), ਕੋਠਾ ਪਿਪਲੀ (ਡਿਸਪੈਨਸਰੀ), ਕੋਠੇ ਹਿੰਮਤਪੁਰਾ (ਪੰਚਾਇਤ ਘਰ) ਤਲਵੰਡੀ ਸਾਬੋ ਹਲਕੇ ਦੇ ਪਿੰਡ ਲੇਲੇਵਾਲਾ (ਡਰਾਕਾ ਧਰਮਸ਼ਾਲਾ), ਨੱਤ (ਜਨਰਲ ਧਰਮਸ਼ਾਲਾ) ਤੇ ਪਿੰਡ ਚੱਠੇਵਾਲਾ ਦੇ (ਪਾਰਕ ਸੱਥ) ਵਿਖੇ ਸਮਾਗਮ ਕਰਵਾਏ ਜਾਣਗੇ। ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਵੱਖ-ਵੱਖ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਤੇ ਨਸ਼ਾ ਮੁਕਤੀ ਮੋਰਚਾ ਸਬੰਧੀ ਜ਼ਿਲ੍ਹਾ ਤੇ ਹਲਕਾ ਕੁਆਰਡੀਨੇਟਰਾਂ ਵੱਲੋਂ ਨਸ਼ਾ ਵਿਰੋਧੀ ਜਾਗਰੂਕਤਾ ਲਹਿਰ ਹਰ ਪਿੰਡ-ਪਿੰਡ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

## ਇੱਕ ਨਜ਼ਰ ...



### ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਚੂੰਗ ਦਾ ਦਸਵੀਂ ਦਾ ਨਤੀਜਾ ਰਿਹਾ 100%

ਚੌਂਕ ਮਹਿਤਾ,15 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਚੂੰਗ ਦਾ ਸੀ.ਬੀ.ਐਸ.ਈ. ਦਾ ਦਸਵੀਂ ਦਾ ਨਤੀਜਾ ਰਿਹਾ ਸ਼ਾਨਦਾਰ। ਦਸਵੀਂ ਕਲਾਸ ਦੀ ਵਿਦਿਆਰਥਣ ਜਸਪ੍ਰੀਤ ਕੌਰ ਨੇ 86.2% ਨੰਬਰ ਲੈ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਜਦੋਂ ਕਿ ਨਵਪ੍ਰੀਤ ਕੌਰ ਨੇ 84% ਨੰਬਰ ਲੈ ਕੇ ਦੂਸਰਾ ਸਥਾਨ ਪ੍ਰਾਪਤ ਕੀਤਾ।ਜੈਸਮੀਨ ਕੌਰ, ਕਿਰਨਦੀਪ ਕੌਰ ਅਤੇ ਮਨੋਜ ਕੁਮਾਰ ਨੇ 83% ਨੰਬਰ ਲੈ ਕੇ ਤੀਸਰਾ ਸਥਾਨ ਹਾਸਿਲ ਕੀਤਾ।ਇਸ ਮੌਕੇ ਚੇਅਰਮੈਨ ਰਘਬੀਰ ਸਿੰਘ ਸੋਹਲ ਨੇ ਵਿਦਿਆਰਥੀਆਂ ਅਤੇ ਓਹਨਾ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਟਰਾਫੀਆਂ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਡਾਇਰੈਕਟਰ ਤੇਜਬੀਰ ਸਿੰਘ ਸੋਹਲ, ਜਸਪ੍ਰੀਤ ਕੌਰ ਸੋਹਲ, ਪ੍ਰਿੰਸੀਪਲ ਮਨਪ੍ਰੀਤ ਕੌਰ ਛੀਨਾ ਅਤੇ ਹੋਰ ਸਟਾਫ ਮੈਂਬਰ ਹਾਜ਼ਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਮਹਿਕਪ੍ਰੀਤ ਕੌਰ ਨੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ , ਡੈਨੀ ਬੰਡਾਲਾ ਵੱਲੋਂ ਪਰਿਵਾਰ ਨੂੰ ਵਧਾਈ




ਜੰਡਿਆਲਾ ਗੁਰੂ, 15 ਮਈ ( ਕੁਲਵੰਤ ਸਿੰਘ ਵਿਰਦੀ) :- ਸੇਂਟ ਸੋਲਜਰ ਇਲੀਟ ਕਾਨਵੇਂਟ ਸਕੂਲ ਵਿੱਚ ਸ਼ਾਨਦਾਰ ਨਤੀਜੇ ਦੇਖਣ ਨੂੰ ਮਿਲ ਰਹੇ ਹਨ ।ਇਹਨਾਂ ਨਤੀਜਿਆਂ ਵਿਚ ਹੀ ਮਹਿਕਪ੍ਰੀਤ ਕੌਰ ਪੁੱਤਰੀ ਭੁਪਿੰਦਰ ਸਿੰਘ ਹੈਪੀ ਸ਼ਹਿਰੀ ਪ੍ਰਧਾਨ ਕਾਂਗਰਸ ਪਾਰਟੀ ਨੇ ਦਸਵੀਂ ਕਲਾਸ ਦੀ ਸੀਬੀਐਸਈ ਬੋਰਡ ਵਿੱਚੋ 92.5% ਨੰਬਰ ਹਾਸਲ ਕਰਕੇ ਪਰਿਵਾਰ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ ।ਇਸ ਖੁਸ਼ੀ ਦੇ ਮੌਕੇ ਤੇ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਵਲੋ ਪਰਿਵਾਰ ਨੂੰ ਵਧਾਈ ਦਿੰਦੇ ਹੋਏ ਕਿਹਾ ਮਹਿਕਪ੍ਰੀਤ ਕੌਰ ਅੱਗੇ ਵੀ ਸਖ਼ਤ ਮਿਹਨਤ ਕਰਕੇ ਪਰਿਵਾਰ ਦਾ ਨਾਮ ਰੌਸ਼ਨ ਕਰਦੀ ਰਹੇਗੀ ।ਇਥੇ ਦਸਣਯੋਗ ਹੈ ਕਿ ਮਹਿਕਪ੍ਰੀਤ ਕੌਰ ਦੀ ਮਾਤਾ ਜੀ ਕਮਲਜੀਤ ਕੌਰ ਐਮਐਸਸੀ ਬਾਇਲੋਜੀ ਵੀ ਸਕੂਲ ਵਿੱਚ ਇਕ ਸ਼ਾਨਦਾਰ ਅਧਿਆਪਕ ਦੀ ਭੂਮਿਕਾ ਨਿਭਾਅ ਰਹੇ ਹਨ ।

ਆਵਾਜ਼ਿ ਕੌਮ AWAZE QAUM International Newspaper & WEB TV

### ਸ੍ਰੀ ਗੁਰੂ ਨਾਨਕ ਦੇਵ ਪਬਲਿਕ ਸੀਨੀਅਰ ਸੈਕੈਂਡਰੀ ਸਕੂਲ ਨਾਥ ਦੀ ਖੂਹੀ ਬਾਰ੍ਹਵੀਂ ਦਾ ਨਤੀਜਾ ਰਿਹਾ 100%



ਚੌਂਕ ਮਹਿਤਾ, 15 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬੀਤੇ ਦਿਨ ਬਾਰ੍ਹਵੀਂ ਜਮਾਤ ਦੇ ਐਲਾਨੇ ਗਏ ਨਤੀਜੇ ਵਿੱਚੋਂ ਸ੍ਰੀ ਗੁਰੂ ਨਾਨਕ ਦੇਵ ਪਬਲਿਕ ਸੀਨੀਅਰ ਸਕੈਂਡਰੀ ਸਕੂਲ ਅੱਡਾ ਨਾਥ ਦੀ ਖੂਹੀ ਚੰਨਣ ਕੇ ਦੇ ਵਿਦਿਆਰਥੀ ਦਾ ਨਤੀਜਾ ਬਹੁਤ ਸ਼ਾਨਦਾਰ ਰਿਹਾ, ਨਤੀਜੇ ਬਾਰੇ ਜਾਣਕਾਰੀ ਦਿੰਦਿਆਂ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਕੁਲਜੀਤ ਸਿੰਘ ਬਾਠ ਨੇ ਦੱਸਿਆ ਕਿ ਸਕੂਲ ਜਾਂ ਸਾਇੰਸ ਗਰੁੱਪ ਦੀਆਂ ਵਿਦਿਆਰਥਣਾਂ ਗੁਰਸ਼ਰਨ ਕੌਰ ਅਤੇ ਅਰਸ਼ਪ੍ਰੀਤ ਕੌਰ ਨੇ 96% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਗੁਰਲੀਨ ਕੌਰ ਨੇ 95.4% ਪ੍ਰਾਪਤ ਕਰਕੇ ਦੂਸਰਾ ਸਥਾਨ ਅਤੇ ਗੁਰਪ੍ਰੀਤ ਕੌਰ ਅਤੇ ਅਨੁਰੀਤ ਕੌਰ ਨੇ 95% ਚਾਰ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਤੀਸਰਾ ਸਥਾਨ ਪ੍ਰਾਪਤ ਸਕੂਲ ਅਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ ਕੁੱਲ ਵਿਦਿਆਰਥੀਆਂ ਵਿੱਚੋਂ ਛੇ ਵਿਦਿਆਰਥੀਆਂ ਨੇ 95% ਉਸ ਤੋਂ ਵੱਧ ਅੰਕ 37 ਵਿਦਿਆਰਥੀਆਂ ਨੇ 90 ਤੋਂ 95% ਅੰਕ ਅਤੇ 50 ਵਿਦਿਆਰਥੀਆਂ ਨੇ 80% ਤੋਂ 90% ਤੱਕ ਅੰਕ ਪ੍ਰਾਪਤ ਕੀਤੇ ਵਿਦਿਆਰਥੀਆਂ ਦੇ ਇਸ ਸ਼ਾਨਦਾਰ ਪ੍ਰਦਰਸ਼ਨ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਕੁਲਜੀਤ ਸਿੰਘ ਬਾਠ 62 ਡਾਇਰੈਕਟਰ ਸ੍ਰੀਮਤੀ ਕੁਲਵੰਤ ਕੌਰ ਬਾਠ ,ਪ੍ਰਿੰਸੀਪਲ ਸ੍ਰੀਮਤੀ ਮਨਪ੍ਰੀਤ ਕੌਰ ਅਤੇ ਮੁੱਖ ਪ੍ਰਬੰਧਕ ਸ੍ਰੀਮਤੀ ਮਨਜੀਤ ਕੌਰ ਨੇ ਸਮੁੱਚੇ ਸਟਾਫ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ, ਅਤੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਖਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਵਿਦਿਆਰਥੀਆਂ ਨੂੰ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਕੀਤਾ ਸਨਮਾਨਿਤ



ਚੌਂਕ ਮਹਿਤਾ, 15 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿਡਰਾਂਵਾਲ਼ਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖ਼ਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਸ਼ਾਨਦਾਰ ਰਹੇ। ਬੀਤੇ ਦਿਨ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਨਤੀਜੇ ਘੋਸ਼ਿਤ ਕੀਤੇ ਗਏ ਸਨ।ਜਿਸ ਵਿਚ ਖਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਬਾਰਵੀਂ ਕਾਮਰਸ ਅਤੇ ਆਰਟਸ ਜਮਾਤ ਦੇ ਵਿਦਿਆਰਥੀਆਂ ਦਾ ਪ੍ਰਦਰਸ਼ਨ ਕਾਬਿਲ ਏ ਤਾਰੀਫ ਰਿਹਾ। ਵਿਦਿਆਰਥੀਆਂ ਦੀ ਪੜ੍ਹਾਈ ਪ੍ਰਤੀ ਸ਼ਿੱਦਤ ਅਤੇ ਨਿਰੰਤਰ ਯਤਨ ਸਦਕਾ ਕਾਮਰਸ ਵਿਭਾਗ ਦੇ ਹੋਣਹਾਰ ਵਿਦਿਆਰਥੀ ਪਵਨਦੀਪ ਕੌਰ 90% ,ਜੈਸਮੀਨ ਕੌਰ 89%ਵਿਮਨਜੋਤ ਕੌਰ 89% ਅੰਮ੍ਰਿਤਪਾਲ ਸਿੰਘ 87%,ਅਰਵਿੰਦਰ ਸਿੰਘ 87%, ਤਜਮਨਪ੍ਰੀਤ ਸਿੰਘ 86%,ਸੁਖਮਨਦੀਪ ਸਿੰਘ 85%,ਸੁਖਮਨਜੀਤ ਸਿੰਘ 83%,ਕਰਨਬੀਰ ਸਿੰਘ 75% ਅੰਕ ਪ੍ਰਾਪਤ ਕੀਤੇ। ਇਸੇ ਤਰ੍ਹਾਂ ਆਰਟਸ ਵਿਭਾਗ ਦੇ ਗੁਰਪਿੰਦਰ ਸਿੰਘ 83% ਗੁਰਮਨਦੀਪ ਸਿੰਘ 83%,ਨਵਜੋਤ ਕੌਰ 83%, ਸੁਖਮਨਪ੍ਰੀਤ ਕੌਰ 83%,ਰਜਨੀਤ ਕੌਰ 79%,ਮਨਦੀਪ ਕੌਰ 74% ਅੰਕ ਹਾਸਲ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸੁਨਿਹਰੀ ਮੌਕੇ ਤੇ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਨੇ ਬੱਚਿਆਂ ਨੂੰ ਸਨਮਾਨਿਤ ਕੀਤਾ ਅਤੇ ਉਹਨਾਂ ਦਾ ਮੂੰਹ ਮਿੱਠਾ ਕਰਵਾਇਆ। ਵਿਦਿਆਰਥੀਆਂ ਦੇ ਚਮਕਦੇ ਭਵਿੱਖ ਦੀ ਅਰਦਾਸ ਕਰਨ ਉਪਰੰਤ ਉਹਨਾਂ ਨੇ ਸਮੂਹ ਅਧਿਆਪਕ ਸਾਹਿਬਾਨਾਂ ਦਾ ਸ਼ੁਕਰੀਆ ਕੀਤਾ ਉਹਨਾਂ ਸੰਦੇਸ਼ ਦਿੱਤਾ ਕਿ ਨਤੀਜੇ ਵਿਦਿਆਰਥੀਆਂ ਦੇ ਸਮਰਪਣ, ਲਗਨ ਅਤੇ ਉਤਸ਼ਾਹ, ਦਾ ਪ੍ਰਮਾਣ ਹਨ। ਇਸ ਲਈ ਸਿੱਖਣਾ, ਵਧਣਾ ਅਤੇ ਚਮਕਣਾ ਜਾਰੀ ਰੱਖੋ ਕਿਉਂਕਿ ਦੁਨੀਆਂ ਸਾਡੀ ਮਹਾਨਤਾ ਉਡੀਕ ਰਹੀ ਹੈ। ਸਫ਼ਲਤਾ ਸਿਰਫ਼ ਅੰਕਾਂ ਵਿੱਚ ਦੁਆਰਾ ਨਹੀਂ, ਬਲਕਿ ਸਿੱਖਣ ਦੇ ਸਫ਼ਰ ਵਿੱਚ ਲਗਾਈ ਦ੍ਰਿੜਤਾ, ਲਚਕੀਲੇਪਣ ਅਤੇ ਮਿਹਨਤ ਦੁਆਰਾ ਮਾਪੀ ਜਾਂਦੀ ਹੈ। ਨਤੀਜਾ ਜੋ ਵੀ ਹੋਵੇ, ਇਸਨੂੰ ਉਸ ਉੱਜਵਲ ਭਵਿੱਖ ਵੱਲ ਇੱਕ ਕਦਮ ਵਜੋਂ ਲਓ ਜਿਸਦਾ ਤੁਸੀਂ ਨਿਰਮਾਣ ਕਰ ਰਹੇ । ਸਾਨੂੰ ਅਧਿਆਪਕਾਂ ਅਤੇ ਮਾਪਿਆਂ ਦਾ ਦਿਲੋਂ ਸਤਿਕਾਰ ਅਤੇ ਧੰਨਵਾਦ ਕਰਨਾ ਚਾਹੀਦਾ ਹੈ ਜਿਨ੍ਹਾਂ ਦੀ ਬਦੌਲਤ ਬੱਚੇ ਸਾਰੀਆਂ ਅੜਚਨਾਂ ਪਾਰ ਕਰਕੇ ਤਰੱਕੀਆਂ ਦੀ ਪੌੜੀ ਚੜ੍ਹਦੇ ਹਨ। ਇਸ ਤੋਂ ਇਲਾਵਾ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਸਰਦਾਰ ਸੁਖਦੇਵ ਸਿੰਘ, ਮੈਡਮ ਕੁਲਦੀਪ ਕੌਰ, ਮੈਡਮ ਰਿਤਿਕਾ, ਬਲਜੀਤ ਕੌਰ, ਸਰਦਾਰ ਸੁਖਜੀਤ ਸਿੰਘ ,ਕਾਬਲ ਸਿੰਘ ਪੁਰਬਾ ਅਤੇ ਸਮੂਹ ਅਧਿਆਪਕ ਸਾਹਿਬਾਨਾਂ ਨੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਨਾਨਕ ਦੇਵ ਗਲੋਬਲ ਅਕੈਡਮੀ ਚੰਨਣਕੇ ਦੀ ਜਪਲੀਨ ਨੇ 96 ਫੀਸਦੀ ਨਾਲ ਕੀਤਾ ਟਾੱਪ



ਚੌਂਕ ਮਹਿਤਾ,15 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਗੁਰੂ ਨਾਨਕ ਗਲੋਬਲ ਅਕੈਡਮੀ ਚੰਨਣਕੇ ਅੱਡਾ ਨਾਥ ਦੀ ਖੂਹੀ ਦੇ ਵਿਹੜੇ ‘ਚ ਅੱਜ ਉਸ ਵੇਲੇ ਇੱਕ ਵਾਰ ਮੁੜ ਤੋਂ ਖੁਸ਼ੀਆਂ ਦਾ ਮੌਕਾ ਆਇਆ, ਜਦ ਸੀ.ਬੀ.ਐੱਸ.ਸੀ.ਬੋਰਡ ਵੱਲੋਂ 10ਵੀਂ ਦੇ ਐਲਾਨੇ ਨਤੀਜਿਆਂ ਦੌਰਾਨ ਸਕੂਲ ਵਿਦਿਆਰਥੀਆਂ ਦਾ ਪ੍ਰਦਰਸ਼ਨ ਬੇਹੱਦ ਸ਼ਾਨਦਾਰ ਰਿਹਾ।ਕਲਾਸ ਦੇ 19 ਵਿਦਿਆਰਥੀ ਨੇ 90 ਫੀਸਦੀ ਤੇ 41 ਵਿਦਿਆਰਥੀਆਂ ਨੇ 80 ਫੀਸਦੀ ਤੋਂ ਉੱਪਰ ਅੰਕਾਂ ਨਾਲ ਪਾਸ ਹੋ ਕੇ ਇਲਾਕੇ ‘ਚ ਆਪਣੇ ਸਕੂਲ ਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ।ਕੁਲ ਮਿਲਾ ਕੇ ਸਕੂਲ ਦਾ ਨਤੀਜਾ 100 ਫੀਸਦੀ ਰਿਹਾ।ਇੰਨ੍ਹਾਂ ਨਤੀਜਿਆਂ ਦੌਰਾਨ ਵਿਦਿਆਰਥਣ ਜਪਲੀਨ ਕੌਰ ਨੇ 96 ਫੀਸਦੀ ਅੰਕਾਂ ਨਾਲ ਟਾੱਪ ਕੀਤਾ,ਜਦਕਿ ਜੌਬਨਪ੍ਰੀਤ ਸਿੰਘ ਨੇ 95.4,ਜੈਸਮੀਨ ਕੌਰ ਨੇ 95, ਅਰਸ਼ਨੂਰ ਸਿੰਘ ਨੇ 94.8,ਸੁਮਨਪ੍ਰੀਤ ਕੌਰ ਨੇ 94.2,ਸਿਮਰਨਜੀਤ ਕੌਰ ਨੇ 94, ਅਨਮੋਲਪ੍ਰੀਤ ਕੌਰ ਨੇ 93.4,ਅਵਰੀਤ ਕੌਰ ਨੇ 92.2,ਉਦੈਵੀਰ ਸਿੰਘ ਨੇ 92.4,ਮੁਸਕਾਨਪ੍ਰੀਤ ਕੌਰ ਨੇ 92, ਨਵਦੀਪ ਸਿੰਘ ਨੇ 92,ਨਿਮਰਤਪ੍ਰੀਤ ਕੌਰ ਨੇ 91.8,ਫੁਰਮਾਨਦੀਪ ਸਿੰਘ ਨੇ 91.8,ਦਿਲਸ਼ਾਨਪ੍ਰੀਤ ਸਿੰਘ ਨੇ 91.6,ਰਜਿੰਦਰ ਕੌਰ ਨੇ 91.2 ,ਕੋਮਲਪ੍ਰੀਤ ਕੌਰ ਨੇ 91,ਪ੍ਰਨੀਤ ਕੌਰ ਨੇ 91,ਨਵਜੋਤ ਸਿੰਘ ਨੇ 91 ਤੇ ਆਸਕਿਰਨਪ੍ਰੀਤ ਕੌਰ ਨੇ 90.2 ਫੀਸਦੀ ਅੰਕ ਹਾਸਲ ਕੀਤੇ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਕੁਲਜੀਤ ਸਿੰਘ ਬਾਠ ,ਡਾਇਰੈਕਟਰ ਸ੍ਰੀਮਤੀ ਕੁਲਵੰਤ ਕੌਰ,ਪ੍ਰਿੰ. ਮੈਡਮ ਰ੍ਰਿਤ ਖਨੇਜਾ ਤੇ ਮੁੱਖ ਪ੍ਰਬੰਧਕ ਮੈਡਮ ਮਨਜੀਤ ਕੌਰ ਨੇ ਵਧੀਆ ਨਤੀਜੇ ਆਉਣ ‘ਤੇ ਆਪਣੀ ਖੁਸ਼ੀ ਜ਼ਾਹਿਰ ਕੀਤੀ ਉਨ੍ਹਾਂ ਨੇ ਵਿਦਿਆਰਥੀਆਂ ਤੇ ਸਟਾਫ ਦੀ ਸਖਤ ਲਗਨ ਤੇ ਮਿਹਨਤ ਦੀ ਸ਼ਲਾਘਾ ਕਰਦੇ ਹੋਏ ਉਨ੍ਹਾਂ ਨੂੰ ਭਵਿੱਖ ‘ਚ ਹੋਰ ਵੱਡੀ ਕਾਮਯਾਬੀ ਲਈ ਆਪਣੀਆਂ ਸ਼ੁੱਭਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਦਸ਼ਮੇਸ਼ ਸਕੂਲ ਮਹਿਤਾ ਦਾ ਬਾਰਵੀਂ ਦਾ ਨਤੀਜਾ ਰਿਹਾ ਸ਼ਾਨਦਾਰ




ਚੌਕ ਮਹਿਤਾ, 15 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬੀਤੇ ਦਿਨੀ ਬਾਰਵੀਂ ਕਲਾਸ ਦੇ ਨਤੀਜੇ ਐਲਾਨੇ ਗਏ ।ਜਿਸ ਵਿੱਚ ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਪਬਲਿਕ ਸੀਨੀ.ਸੈਕੰ.ਸਕੂਲ ਮਹਿਤਾ ਚੌਂਕ ਦਾ ਨਤੀਜਾ 100% ਰਿਹਾ ।ਬਾਰਵੀਂ ਜਮਾਤ ਦੇ ਕੁੱਲ 136 ਵਿਦਿਆਰਥੀਆਂ ਦੁਆਰਾ ਜਿਸ ਵਿੱਚ ਮੈਡੀਕਲ-34,,ਕਾਮਰਸ-53,ਅਤੇ ਆਰਟਸ ਸਟਰੀਮ -49 ਵਿਦਿਆਰਥੀਆਂ ਦੁਆਰਾ ਸਲਾਨਾ ਪ੍ਰੀਖਿਆ ਦਿੱਤੀ ਗਈ ।ਸਕੂਲ ਦੀ ਮੈਡੀਕਲ ਸਟਰੀਮ ਦੀ ਵਿਦਿਆਰਥਣ ਸੁਖਮਨਪ੍ਰੀਤ ਕੌਰ ਨੇ 484/500( 96.80%ਨੰਬਰ ਹਾਸਿਲ ਕਰਕੇ ਪਹਿਲਾ ਸਥਾਨ ਹਾਸਿਲ ਕੀਤਾ ।ਇਸੇ ਤਰਾਂ ਹੀ ਗੁਰਲੀਨ ਕੌਰ,ਗੁਲਸ਼ਰਨਜੀਤ ਕੌਰ 482/500( 96.40%) ਹਾਸਿਲ ਕਰਕੇ ਦੂਸਰਾ ਅਤੇ ਪਵਨਦੀਪ ਕੌਰ ਨੇ 479/500( 95.80%) ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ ।ਕਾਮਰਸ ਗਰੁੱਪ ਵਿੱਚੋ ਵਿਦਿਆਰਥਣ ਸੁਪਰੀਤ ਕੌਰ,ਕਿਰਨਪ੍ਰੀਤ ਕੌਰ ਕੌਰ 472/500 (94%)ਨੰਬਰ ਹਾਸਿਲ ਕਰਕੇ ਪਹਿਲਾ ਸਥਾਨ ਹਾਸਿਲ ਕੀਤਾ ।ਇਸੇ ਤਰਾਂ ਹੀ ਜਸਨੀਤ ਕੌਰ 468/500( 93.60%)ਹਾਸਿਲ ਕਰਕੇ ਦੂਸਰਾ ਅਤੇ ਸੁਖਮਨਪ੍ਰੀਤ ਕੌਰ 465/500(93%) ਨੇ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਇਸੇ ਤਰਾਂ ਹੀ ਆਰਟਸ ਗਰੁੱਪ ਵਿੱਚ ਨਵਦੀਪ ਕੌਰ, ਸਿਮਰਨਪ੍ਰੀਤ ਕੌਰ,ਕੋਮਲਪ੍ਰੀਤ ਕੌਰ, ਗੁਰਮੀਤ ਕੌਰ ਨੇ 468/500(93.60%),461/500(92.20%),448/500(89.60%) ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ,ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ ।ਸਾਇੰਸ ਸਟਰੀਮ ਵਿੱਚ 90% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 15 ਵਿਦਿਆਰਥੀ,80% ਤੋਂ ਵੱਧ ਅੰਕ ਪ੍ਰਾਪਤ 17 ਵਿਦਿਆਰਥੀ , 70% ਤੋਂ ਵੱਧ ਅੰਕ ਪ੍ਰਾਪਤ 01 ਵਿਦਿਆਰਥੀ ,ਕਾਮਰਸ ਸਟਰੀਮ ਵਿੱਚ 90% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 06 ਵਿਦਿਆਰਥੀ,80% ਤੋਂ ਵੱਧ ਅੰਕ ਪ੍ਰਾਪਤ 37 ਵਿਦਿਆਰਥੀ , 70% ਤੋਂ ਵੱਧ ਅੰਕ ਪ੍ਰਾਪਤ 07 ਵਿਦਿਆਰਥੀ,60% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 03 ਵਿਦਿਆਰਥੀ ਰਹੇ ।ਆਰਟਸ ਸਟਰੀਮ ਵਿੱਚ 90% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 04 ਵਿਦਿਆਰਥੀ,80% ਤੋਂ ਵੱਧ ਅੰਕ ਪ੍ਰਾਪਤ 19 ਵਿਦਿਆਰਥੀ , 70% ਤੋਂ ਵੱਧ ਅੰਕ ਪ੍ਰਾਪਤ 16 ਵਿਦਿਆਰਥੀ,60% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 10 ਵਿਦਿਆਰਥੀ ਰਹੇ। ਚੇਅਰਮੈਨ ਸ.ਗੁਰਦੀਪ ਸਿੰਘ ਰੰਧਾਵਾ ਨੇ ਬਾਰਵੀਂ ਜਮਾਤ ਦਾ ਸ਼ਾਨਦਾਰ ਨਤੀਜਾ ਆਉਣ ਤੇ ਵਿਦਿਆਰਥੀਆਂ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਸਭ ਪ੍ਰਮਾਤਮਾ ਦੇ ਓਟ ਆਸਰੇ ,ਸਮੁੱਚੇ ਸਟਾਫ ਦੀ ਯੋਗ ਅਗਵਾਈ ,ਵਿਦਿਆਰਥੀਆਂ ਦੀ ਮਿਹਨਤ ਅਤੇ ਮਾਤਾ ਪਿਤਾ ਦੀ ਪ੍ਰੇਰਨਾ ਸਦਕਾ ਹੀ ਸੰਭਵ ਹੋ ਸਕਿਆ ਹੈ ।ਵਿਦਿਆਰਥਣਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਭਵਿੱਖ ਵਿੱਚ ਉਹ ਡਾਕਟਰ ਬਣਨਾ ਚਾਹੁੰਦੀਆਂ ਹਨ ।ਆਰਟਸ ਗਰੁੱਪ ਦੀਆਂ ਵਿਦਿਆਰਥਣਾ ਚੰਗੇ ਅਧਿਆਪਕ ਬਣ ਕੇ ਵਿੱਦਿਆ ਦਾ ਪ੍ਰਸਾਰ ਕਰਨਾ ਚਾਹੁੰਦੀਆਂ ਹਨ ।ਬਾਰਵੀਂ ਜਮਾਤ ਦਾ ਸ਼ਾਨਦਾਰ ਨਤੀਜਾ ਆਉਣ ਤੇ ਸਮੁੱਚੇ ਸਟਾਫ ਅਤੇ ਵਿਦਿਆਰਥੀਆਂ ਵਿੱਚ ਅਤਿਅੰਤ ਖੁਸ਼ੀ ਦੀ ਲਹਿਰ ਪਾਈ ਗਈ ।ਸੰਸਥਾ ਦੇ ਮੈਨੇਜਰ ਹਰਸ਼ਦੀਪ ਸਿੰਘ ਰੰਧਾਵਾ ਵੱਲੋਂ ਵੀ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆ ਨੂੰ ਵਧਾਈ ਦਿੰਦੇ ਹੋਏ ਬੱਚਿਆਂ ਨੂੰ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰਾਂ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਆ ਗਿਆ ਉਹਨਾਂ ਦੱਸਿਆ ਕਿ ਬਾਰਵੀਂ ਜਮਾਤ ਦਾ ਸਾਰੇ ਵਿਦਿਆਰਥੀਆਂ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ ਹੈ ਅਤੇ ਸਾਰੇ ਵਿਦਿਆਰਥੀਆਂ ਦੁਆਰਾ ਚੰਗੇ ਨੰਬਰ ਪ੍ਰਾਪਤ ਕੀਤੇ ਗਏ ।ਇਸ ਮੌਕੇ ਪ੍ਰਿੰਸੀਪਲ ਮੈਂ ਗੁਰਬੀਰ ਕੌਰ,ਮਨਪ੍ਰੀਤ ਸਿੰਘ ਟੱਕਰ(ਡਾਇਰੈਕਟਰ ),ਮੈ.ਰਵਿੰਦਰ ਕੌਰ(ਕੋਆਰਡੀਨੇਟਰ),ਮੈ. ਬਲਜੀਤ ਕੌਰ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਇੱਕ ਨਜ਼ਰ...



## ਸ਼੍ਰੀ ਗੁਰੂ ਰਾਮਦਾਸ ਸਕੂਲ ਦਾ ਬਾਰ੍ਹਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ

ਚੌਂਕ ਮਹਿਤਾ, 15 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜੇ ਵਿੱਚ ਸ਼੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ,ਨਾਥ ਦੀ ਖੂਹੀ ( ਚੰਨਣਕੇ ) ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਸੌ ਫੀਸਦੀ ਰਿਹਾ। ਬਾਰ੍ਹਵੀਂ ਜਮਾਤ ਦੀ ਪ੍ਰੀਖਿਆ ਵਿੱਚ 70 ਵਿਦਿਆਰਥੀ

ਆਵਾਜ਼ਿ ਕੌਮ AWAZE QAUM International Newspaper & WEB TV

ਅਪੀਅਰ ਹੋਏ ।ਜਿਸ ਵਿਚੋਂ ਸਾਇੰਸ ਗਰੁੱਪ ਦੀ ਮਨਪ੍ਰੀਤ ਕੌਰ( 96.4%),ਮਨਦੀਪ ਕੌਰ (94%),ਮਨਪ੍ਰੀਤ ਕੌਰ ( 93%),ਹਰਪ੍ਰੀਤ ਕੌਰ ( 92%), ਜਸਲੀਨ ਕੌਰ ( 91%), ਨਵਨੀਤ ਕੌਰ (91%)ਗੁਰਸ਼ਰਨਦੀਪ ਕੌਰ ( 90%),ਗੁਰਸਹਿਜਪਾਲ ਸਿੰਘ (90%) ਵਿਦਿਆਰਥੀਆਂ ਨੇ ਅੰਕ ਪ੍ਰਾਪਤ ਕਰਕੇ ਸਕੂਲ ਵਿੱਚ ਉੱਪਰਲੀਆਂ ਪੁਜੀਸ਼ਨਾਂ ਤੇ ਰਹੇ। ਇਸ ਤੋਂ ਇਲਾਵਾ 22 ਵਿਦਿਆਰਥੀਆਂ ਨੇ 80% ਅਤੇ ਬਾਕੀ ਵਿਦਿਆਰਥੀਆਂ ਨੇ 70% ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਇਸੇ ਤਰਾਂ ਹੀ ਆਰਟਸ ਗਰੁੱਪ ਦੇ ਹੋਣਹਾਰ ਵਿਦਿਆਰਥੀ ਮਨਪ੍ਰੀਤ ਕੌਰ (95%),ਅੰਜੂ ( 94%), ਮਨਪ੍ਰੀਤ ਕੌਰ ( 92%)ਅਤੇ ਸਿਮਰਨ ਕੌਰ ( 91%) ਅੰਕ ਪ੍ਰਾਪਤ ਕਰਕੇ ਸਕੂਲ ਵਿਚੋਂ ਉੱਪਰਲੀਆਂ ਪੁਜੀਸ਼ਨਾਂ ਹਾਸਿਲ ਕੀਤੀਆਂ, 5 ਵਿਦਿਆਰਥੀਆਂ ਨੇ 80% ਤੋਂ ਉੱਪਰ ਅਤੇ ਬਾਕੀ ਵਿਦਿਆਰਥੀਆਂ ਨੇ 70% ਤੋਂ ਉੱਪਰ ਅੰਕ ਪ੍ਰਾਪਤ ਕੀਤੇ। ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਸਕੂਲ ਦੇ ਡਾਇਰੈਕਟਰ ਸ: ਸ਼ਿਵਚਰਨ ਸਿੰਘ ਅਤੇ ਪ੍ਰਿੰਸੀਪਲ ਸ਼੍ਰੀਮਤੀ ਗੁਰਦੀਪ ਕੌਰ ਨੇ ਸਮੂਹ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

## ਬਾਲ ਗੀਤ

ਮੀਦੇ ਜੀਤੇ ਉਹ ਕਰਤਾਰੇ ਪੈ ਗਈਆ ਨੇ ਛੁੱਟੀਆਂ।
ਹੁਣ ਤਾਂ ਲੈਣੇਂ ਖ਼ੂਬ ਨਜ਼ਾਰੇ ਪੈ ਗਈਆਂ ਨੇ ਛੁੱਟੀਆਂ।
ਮੀਦਾ ਕਹਿੰਦਾ ਸੁਣ ਉਹ ਜੀਤੇ ਪੜ੍ਹਣਾ ਬਹੁਤ ਜ਼ਰੂਰੀ।
ਜੇਕਰ ਵਿਦਿਆ ਵਿੱਚੋਂ ਪਾਉਣੀਂ ਉਨਤੀ ਦੀ ਕਸਤੂਰੀ।
ਮਿਹਨਤ ਕਰਨੀ ਪੈਣੀਂ ਪਿਆਰੇ ਪੈ ਗਈਆਂ ਨੇ ਛੁੱਟੀਆਂ।
ਮੀਦੇ ਜੀਤੇ ਉਹ ਕਰਤਾਰੇ ਪੈ ਗਈਆ ਨੇ ਛੁੱਟੀਆਂ।
ਇੱਕ ਵਿਲੱਖਣ ਸੋਚ ਬਣਾ ਅਪਣੇਂ ਮਨ ਦੇ ਅੰਦਰ ਚੋਂ।
ਸਾਰੇ ਕੰਮ ਕਾਜ ਕਰਨ ਲਈ ਅਕਲਾਂ ਵਾਲੇ ਅੰਬਰ ਚੋਂ।
ਹਿੰਮਤ ਦੇ ਨਾਲ ਤੋੜ ਸਿਤਾਰੇ ਪੈ ਗਈਆਂ ਨੇ ਛੁੱਟੀਆਂ।
ਮੀਦੇ ਜੀਤੇ ਉਹ ਕਰਤਾਰੇ ਪੈ ਗਈਆ ਨੇ ਛੁੱਟੀਆਂ।
ਆਂਢ ਗਵਾਂਢੀ ਰਲ ਮਿਲ ਆਪਾਂ ਅਪਣੇ ਪਰਿਵਾਰਾਂ ਨੇ।
ਦਿਲ ਦੇ ਵਿਚ ਰੱਖੀਆਂ ਹੋਈਆਂ ਆਪਾਂ ਸੋਚ ਵਿਚਾਰਾਂ ਨੇ।
ਸਭ ਨੇ ਜਾਣਾ ਝੀਲ ਕਿਨਾਰੇ ਪੈ ਗਈਆਂ ਨੇ ਛੁੱਟੀਆਂ।
ਮੀਦੇ ਜੀਤੇ ਉਹ ਕਰਤਾਰੇ ਪੈ ਗਈਆ ਨੇ ਛੁੱਟੀਆਂ।
ਛੇਤੀ-ਛੇਤੀ ਬਾਰਿਸ਼ ਦੇ ਵਿਚ ਰਲ-ਮਿਲ ਕੇ ਕੁਝ ਯਾਰਾਂ।
ਹਾਸੇ ਠੱਠੇ ਦੇ ਸ਼ੁਗਲਾਂ ਵਿਚ ਲੈ ਕੇ ਮੌਜ ਬਹਾਰਾਂ।
ਪਾਣੀ ਵਿੱਚ ਜਹਾਜ਼ ਉਤਾਰੇ ਪੈ ਗਈਆਂ ਨੇ ਛੁੱਟੀਆਂ।
ਮੀਦੇ ਜੀਤੇ ਉਹ ਕਰਤਾਰੇ ਪੈ ਗਈਆ ਨੇ ਛੁੱਟੀਆਂ।
ਘਰ ਦੀ ਸਾਫ਼-ਸਫ਼ਾਈ ਕੀਤੀ ਕਪੜੇ ਲੀੜੇ ਧੋਤੇ।
ਬੰਬੀ ਵਾਲੇ ਪਾਣੀ ਦੇ ਵਿਚ ਨਾਹ-ਨਾਹ ਖਾਦੇ ਗੋਤੇ।
ਹੋਰ ਅਧੂਰੇ ਕੰਮ ਸੰਵਾਰੇ ਪੈ ਗਈਆਂ ਨੇ ਛੁੱਟੀਆਂ।
ਮੀਦੇ ਜੀਤੇ ਉਹ ਕਰਤਾਰੇ ਪੈ ਗਈਆ ਨੇ ਛੁੱਟੀਆਂ।
ਨਾਨਕੇ-ਦਾਦਕੇ ਜਾ ਕੇ ਉਥੇ ਗੱਪਾਂ ਖ਼ੂਬ ਲਿੜਾਈਆਂ।
ਟਾਹਲੀ ਦੇ ਰੁੱਖ ਉਤੇ ਆਪਾਂ ਪੀਂਘਾਂ ਲੰਬੀਆਂ ਪਾਈਆਂ।
ਹੱਸ-ਹੱਸ ਕੇ ਸਭ ਵਕਤ ਗੁਜ਼ਾਰੇ ਪੈ ਗਈਆਂ ਨੇ ਛੁੱਟੀਆਂ।
ਮੀਦੇ ਜੀਤੇ ਉਹ ਕਰਤਾਰੇ ਪੈ ਗਈਆ ਨੇ ਛੁੱਟੀਆਂ।
ਬਾਲਮ ਛੋਟੀਆਂ-ਛੋਟੀਆਂ ਖ਼ੁਸ਼ੀਆਂ ਦਾ ਸੰਗ੍ਰਹਿ ਹੈ ਜੀਵਨ।
ਉਸ ਦਾ ਚਿਹਰਾ ਚੰਗਾ ਦਿਸ ਦਾ ਜਿਸ ਨੇ ਸਾਂਭੇ ਦਰਪਣ।
ਕਰਨੇ ਕੰਮ ਜ਼ਰੂਰੀ ਸਾਰੇ ਪੈ ਗਈਆਂ ਨੇ ਛੁੱਟੀਆਂ।
ਮੀਦੇ ਜੀਤੇ ਉਹ ਕਰਤਾਰੇ ਪੈ ਗਈਆ ਨੇ ਛੁੱਟੀਆਂ।

**ਬਲਵਿੰਦਰ ਬਾਲਮ ਗੁਰਦਾਸਪੁਰ**
**ਉਂਕਾਰ ਨਗਰ ਗੁਰਦਾਸਪੁਰ ਪੰਜਾਬ**
**ਮੋ. 98156-25409**

## ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦਾ ਬਾਰਵੀਂ ਜਮਾਤ ਦਾ ਨਤੀਜਾ 100 ਪ੍ਰਤੀਸ਼ਤ ਰਿਹਾ

ਫਿਰੋਜ਼ਪੁਰ 15 ਮਈ (ਮਨੋਹਰ ਲਾਲ): ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ

ਆਵਾਜ਼ਿ ਕੌਮ AWAZE QAUM International Newspaper & WEB TV

ਸੈਕੰਡਰੀ ਸਕੂਲ ਦਾ ਬਾਰਵੀਂ ਜਮਾਤ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ ਜਿਸ ਵਿੱਚ ਪੰਜ ਵਿਦਿਆਰਥੀਆਂ ਦਾ ਨਤੀਜਾ ਏ ਪਲੱਸ ਗਰੇਡ ਰਿਹਾ। ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਦੱਸਦਿਆਂ ਕਿਹਾ ਕਿ ਸਾਡੇ ਹੋਣਹਾਰ ਵਿਦਿਆਰਥੀਆਂ ਵਿੱਚੋਂ ਨਵਨੀਤ ਕੌਰ ਨੇ 92% ਨੰਬਰ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਿਲ ਕੀਤਾ ਮਨਪ੍ਰੀਤ ਕੌਰ ਨੇ 91.4% ਨੰਬਰ ਪ੍ਰਾਪਤ ਕਰਕੇ ਦੂਸਰਾ ਸਥਾਨ ਪ੍ਰਾਪਤ ਕੀਤਾ ਅਤੇ ਅਰਸ਼ਪ੍ਰੀਤ ਕੌਰ ਨੇ 91.2% ਨੰਬਰ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ ਅਤੇ ਬਹੁਤ ਸਾਰੇ ਵਿਦਿਆਰਥੀਆਂ ਨੇ 90% ਅਤੇ 89% ਨੰਬਰ ਪ੍ਰਾਪਤ ਕੀਤੇ ਹਨ ਉਹਨਾਂ ਨੇ ਵਿਦਿਆਰਥੀਆਂ ਅਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਅਸੀਂ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਇਹ ਵਿਦਿਆਰਥੀ ਆਉਣ ਵਾਲੇ ਸਮੇਂ ਵਿੱਚ ਆਪਣੇ ਮਿੱਥੇ ਟਾਰਗੇਟ ਤੇ ਪਹੁੰਚ ਕੇ ਆਪਣੇ ਪਿੰਡ ਦਾ ਆਪਣੇ ਮਾਤਾ ਪਿਤਾ ਦਾ ਅਤੇ ਸਕੂਲ ਦਾ ਨਾਮ ਰੋਸ਼ਨ ਕਰਨਗੇ ਇਸ ਵਕਤ ਖੁਸ਼ੀ ਦਾ ਮਾਹੌਲ ਸਕੂਲ ਅੰਦਰ ਛਾਇਆ ਹੋਇਆ ਸੀ ਮੈਡਮ ਜਸਪ੍ਰੀਤ ਕੌਰ ਅਤੇ ਭਾਈ ਵੀਰਪਾਲ ਸਿੰਘ ਨੇ ਸਮੂਹ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਵੱਧ ਤੋਂ ਵੱਧ ਮਿਹਨਤ ਕਰਕੇ ਚੰਗੇ ਨਤੀਜੇ ਲਿਆਉਣ ਲਈ ਪ੍ਰੇਰਿਤ ਕੀਤਾ ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

# ਡਰੋਨ ਹਮਲੇ ਵਿੱਚ ਮਾਰੀ ਗਈ ਮਹਿਲਾ ਸੁਖਵਿੰਦਰ ਕੌਰ ਦੇ ਪਰਿਵਾਰ ਨਾਲ ਈਮਾਨ ਸਿੰਘ ਵੱਲੋਂ ਕੀਤਾ ਗਿਆ ਦੁੱਖ ਸਾਂਝਾ



ਫਿਰੋਜ਼ਪੁਰ 15 ਮਈ (ਮਨੋਹਰ ਲਾਲ): ਪਿੰਡ ਖਾਈ ਫ਼ਿਰੋਜ਼ਪੁਰ 'ਚ ਹਾਲ ਹੀ ਵਿੱਚ ਮਿਸਾਈਲ ਦਾ ਮਲਬਾ ਵੱਜਣ ਕਾਰਨ ਹੋਈ ਇੱਕ ਨਿਰਦੋਸ਼ ਨਾਗਰਿਕ ਦੀ ਮੌਤ ਦੇਖ ਕੇ ਸਾਡਾ ਦਿਲ ਦੁਖੀ ਹੈ। ਇਹ ਹਾਦਸਾ ਸਿਰਫ ਇੱਕ ਵਿਅਕਤੀ ਦੀ ਮੌਤ ਨਹੀਂ, ਸਗੋਂ ਪੰਜਾਬ ਦੀ ਜੰਗੀ ਨਾਜ਼ੁਕਤਾ ਅਤੇ ਭਾਰਤ-ਪਾਕਿਸਤਾਨ ਟਕਰਾਅ ਦੀਆਂ ਲਾਈਨਾਂ 'ਤੇ ਬੈਠੇ ਹੋਣ ਦਾ ਸਾਕਸ਼ਾਤ ਸਬੂਤ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਈਮਾਨ ਸਿੰਘ ਕਾਰਜ ਕਮੇਟੀ ਪ੍ਰਧਾਨ ਸ੍ਰੋਮਣੀ ਕਾਲੀ ਦੀ ਅੰਮ੍ਰਿਤਸਰ ਨੇ ਅੱਜ ਪਿੰਡ ਖਾਈ ਫੇਮੇ ਕੀ ਵਿਖੇ ਡਰੋਨ ਹਮਲੇ ਵਿਚ ਮਾਰੇ ਗਏ ਪਰਿਵਾਰਿਕ ਮੈਂਬਰਾਂ ਨਾਲ ਕੀਤਾ। ਉਨ੍ਹਾਂ ਆਖਿਆ ਕਿ ਚਾਹੇ 1947 ਹੋਵੇ, 1965, 1971 ਜਾਂ ਅੱਜ ਦਾ ਸਮਾਂ ਹਰ ਵਾਰ ਪੰਜਾਬ ਦੇ ਕਿਸਾਨ, ਮਜ਼ਦੂਰ, ਤੇ ਨਿਰਦੋਸ਼ ਲੋਕ ਹੀ ਜੰਗਾਂ ਦੇ ਸਭ ਤੋਂ ਵੱਡੇ ਸ਼ਿਕਾਰ ਬਣੇ ਹਨ। ਪਿੰਡ ਖਾਈ 'ਚ ਹੋਈ ਇਹ ਮੌਤ ਸਾਡੀ ਸੰਵਿਧਾਨਕ ਵਿਫਲਤਾ ਅਤੇ ਮਿਆਰੀ ਮੁਆਵਜ਼ੇ ਦੀ ਗੈਰਹਾਜ਼ਰੀ ਨੂੰ ਬੇਨਕਾਬ ਕਰਦੀ ਹੈ। ਅਸੀਂ ਮੰਗ ਕਰਦੇ ਹਾਂ ਕਿ ਭਾਰਤ ਸਰਕਾਰ ਤੁਰੰਤ ਇੱਕ ਐਸਾ ਕਾਨੂੰਨ ਲਿਆਂਵੇ ਜੋ ਜੰਗ ਜਾਂ ਜੰਗ ਨਾਲ ਸੰਬੰਧਤ ਹਾਦਸਿਆਂ ਕਰਕੇ ਮਰਨ ਵਾਲੇ ਨਾਗਰਿਕਾਂ ਦੇ ਪਰਿਵਾਰਾਂ ਨੂੰ 2.5 ਕਰੋੜ ਦਾ ਮੁਆਵਜ਼ਾ ਦੇਵੇ। ਜ਼ਖ਼ਮੀਆਂ, ਵਿਅੰਗ ਹੋਣ ਵਾਲਿਆਂ, ਘਰ ਬਰਬਾਦ ਹੋਣ ਵਾਲਿਆਂ ਅਤੇ ਰੋਜ਼ਗਾਰ ਗੁਆਂਲਣ ਵਾਲਿਆਂ ਨੂੰ ਅਨੁਪਾਤਕ ਮੁਆਵਜ਼ਾ ਦਿੱਤਾ ਜਾਵੇ। ਇਹ ਮੁਆਵਜ਼ਾ ਤੁਰੰਤ ਅਤੇ

ਆਵਾਜ਼ਿ ਕੌਮ AWAZE QAUM International Newspaper & WEB TV

90 ਦਿਨਾਂ ਦੇ ਅੰਦਰ ਅੰਦਰ ਦਿੱਤਾ ਜਾਵੇ। ਇਨ੍ਹਾਂ ਨਾਗਰਿਕਾਂ ਨੂੰ "ਜੰਗ ਪੀੜਤ ਨਾਗਰਿਕ" ਦੇ ਤੌਰ 'ਤੇ ਕਾਨੂੰਨੀ ਮਾਨਤਾ ਦਿੱਤੀ ਜਾਵੇ। ਪੰਜਾਬੀ ਲੋਕਾਂ ਨੇ ਹਰ ਸਮੇਂ ਅਮਨ ਦੀ ਮੰਗ ਕੀਤੀ ਹੈ — ਜੰਗ ਦੀ ਨਹੀਂ। ਅਸੀਂ ਇਨਸਾਫ਼, ਭਰਪਾਈ ਅਤੇ ਇੱਜ਼ਤ ਦੀ ਦੀ ਮੰਗ ਕਰਦੇ ਹਾਂ। ਪਿੰਡ ਖਾਈ ਦੇ ਲੋਕਾਂ ਨੂੰ ਸਿਰਫ ਹਮਦਰਦੀ ਨਹੀਂ, ਪੂਰੀ ਭਰਪਾਈ ਅਤੇ ਸੰਵਿਧਾਨਕ ਹੱਕ ਚਾਹੀਦੇ ਹਨ। ਪੰਜਾਬ ਯੁੱਧ ਨੁਕਸਾਨ (ਮੁਆਵਜ਼ਾ ਅਤੇ ਪੁਨਰਵਾਸ) ਬਿੱਲ, 2025 ਇਹ ਕਾਨੂੰਨ ਪੰਜਾਬ ਦੇ ਖੇਤਰ ਵਿੱਚ ਯੁੱਧ, ਸਰਹੱਦੀ ਦੁਸ਼ਮਣੀ ਜਾਂ ਫੌਜੀ ਕਾਰਵਾਈਆਂ ਨਾਲ ਪ੍ਰਭਾਵਿਤ ਨਾਗਰਿਕਾਂ ਨੂੰ ਮੁਆਵਜ਼ਾ, ਪੁਨਰਵਾਸ ਅਤੇ ਮੁਆਵਜ਼ਾ ਪ੍ਰਦਾਨ ਕਰਨ ਲਈ ਬਣਾਇਆ ਗਿਆ ਹੈ ਅਤੇ ਇਸ ਨਾਲ ਸਬੰਧਤ ਮਾਮਲਿਆਂ ਲਈ ਹੈ।ਇਸ ਮੌਕੇ ਗੁਰਚਰਨ ਸਿੰਘ ਭੁੱਲਰ ਪ੍ਰਧਾਨ, ਮੋਹਨ ਸਿੰਘ ਨਿਆਜੀਆ, ਬੋਹੜ ਸਿੰਘ ਥਿੰਦ, ਦਰਸ਼ਨ ਸਿੰਘ ਦਿਉਲ, ਤੇਜਿੰਦਰ ਸਿੰਘ, ਅੰਗਰੇਜ਼ ਸਿੰਘ, ਸੁਰਿੰਦਰ ਸਿੰਘ, ਡਾ. ਜਗਰੂਪ ਸਿੰਘ, ਗੁਰਭੇਜ ਸਿੰਘ, ਤੇਜਿੰਦਰ ਸਿੰਘ ਸਾਬਕਾ ਸਰਪੰਚ, ਗੋਪਾਲ ਸਿੰਘ, ਬਲਜੀਤ ਸਿੰਘ ਕੜਮਾ, ਰਣਧੀਰ ਸਿੰਘ, ਭੁਪਿੰਦਰ ਸਿੰਘ, ਸੁਰਜਨ ਸਿੰਘ, ਗੁਰਚਰਨ ਸਿੰਘ, ਦਰਸ਼ਨ ਸਿੰਘ ਖਾਈ, ਜੋਗਿੰਦਰ ਸਿੰਘ, ਗੁਰਦੀਪ ਸਿੰਘ, ਮਹਿੰਦਰ ਸਿੰਘ, ਬਗੀਚਾ ਸਿੰਘ, ਬੋਹੜ ਸਿੰਘ, ਗੁਰਦੀਪ ਸਿੰਘ, ਬਲਵਿੰਦਰ ਸਿੰਘ ਅਤੇ ਸੁਰਜਨ ਸਿੰਘ ਆਦਿ ਹਾਜ਼ਰ ਸਨ।

# ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਅਤੇ ਸੀਐੱਚਬੀ ਕਾਮਿਆਂ ਵੱਲੋਂ ਕੀਤੀ ਗੇਟ ਰੈਲੀ



ਫਿਰੋਜ਼ਪੁਰ 15 ਮਈ (ਮਨੋਹਰ ਲਾਲ): ਜੁਆਇੰਟ ਫੋਰਮ ਅਤੇ ਏਕਤਾ ਮੰਚ ਪੰਜਾਬ ਦੇ ਸੱਦੇ 'ਤੇ ਸ਼ਹਿਰੀ ਮੰਡਲ ਅਤੇ ਸਬਅਰਬਨ ਮੰਡਲ ਫਿਰੋਜ਼ਪੁਰ ਦੇ ਬਿਜਲੀ ਕਾਮਿਆਂ ਵੱਲੋਂ ਲਾਲੜੂ ਅਤੇ ਖਰੜ ਮੰਡਲਾਂ ਨੂੰ ਨਿੱਜੀਕਰਨ ਕਰਕੇ ਪ੍ਰਾਈਵੇਟ ਹੱਥਾਂ ਦੇ ਵਿੱਚ ਸੌਂਪਣ ਹਿੱਤ ਕੀਤੇ ਜਾ ਰਹੇ ਯਤਨਾਂ ਕਾਰਨ ਵੰਡ ਮੰਡਲ ਸ਼ਹਿਰੀ ਫਿਰੋਜ਼ਪੁਰ ਦੇ ਗੇਟ ਸਾਹਮਣੇ ਵੱਡੀ ਗਿਣਤੀ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਅਤੇ ਸੀਐੱਚਬੀ ਕਾਮਿਆਂ ਵੱਲੋਂ ਗੇਟ ਰੈਲੀ ਕੀਤੀ ਗਈ। ਇਸ ਤੋਂ ਇਲਾਵਾ ਜ਼ੀਰਾ ਡਵੀਜ਼ਨ, ਜਲਾਲਾਬਾਦ ਡਵੀਜਨ, ਸਬ ਡਵੀਜਨ ਮੱਲਾਂਵਾਲਾ ਅਤੇ ਹੋਰ ਵੀ ਕਾਫੀ ਸਬ ਡਵੀਜਨਾਂ ਵਿੱਚ ਨਿੱਜੀ ਕਰਨ ਦਾ ਸਖਤ ਵਿਰੋਧ ਕੀਤਾ ਗਿਆ। ਅੱਜ ਦੀ ਗੇਟ ਰੈਲੀ ਦੀ ਪ੍ਰਧਾਨਗੀ ਅਸ਼ਵਨੀ ਕੁਮਾਰ ਪ੍ਰਧਾਨ ਦੀ ਪ੍ਰਧਾਨਗੀ ਹੇਠ ਕੀਤੀ ਗਈ। ਸਟੇਜ ਦੀ ਕਾਰਵਾਈ ਰੌਸਨ ਲਾਲ ਵੱਲੋਂ ਕੀਤੀ ਗਈ। ਇਸ

ਆਵਾਜ਼ਿ ਕੌਮ AWAZE QAUM International Newspaper & WEB TV

ਰੈਲੀ ਵਿੱਚ ਵੱਖ-ਵੱਖ ਆਗੂ ਸਰਕਲ ਪ੍ਰਧਾਨ ਅਸ਼ਵਨੀ ਕੁਮਾਰ, ਸੁਤੀਸ਼ ਕੁਮਾਰ ਮੀਤ ਸਕੱਤਰ ਪੰਜਾਬ, ਅਮੋਲਕ ਸਿੰਘ ਪ੍ਰਧਾਨ ਸ਼ਹਿਰੀ ਸ/ਡ, ਰਾਮ ਸੁੱਖ, ਰਜਿੰਦਰ ਸਿੰਘ, ਅਵਤਾਰ ਸਿੰਘ ਪ੍ਰਧਾਨ ਪੈਨਸ਼ਨ ਫੈਡਰੇਸ਼ਨ, ਬਲਬੀਰ ਸਿੰਘ, ਪ੍ਰਦੀਪ ਕੁਮਾਰ, ਵਿਸ਼ਾਲ ਕੈਂਟ ਨੰਬਬ 02, ਸੀਐੱਚਬੀ ਦੇ ਆਗੂ ਸਾਥੀ ਸ਼ੇਰ ਸਿੰਘ, ਵਿਸ਼ਾਲ ਤੇਜੀ ਅਤੇ ਕਰਨੈਲ ਸਿੰਘ ਵੱਲੋਂ ਇਸ ਗੇਟ ਰੈਲੀ ਵਿਚ ਸੰਬੋਧਨ ਕਰਦਿਆਂ ਹੋਇਆ ਕਿਹਾ ਗਿਆ ਕਿ ਖਰੜ ਅਤੇ ਲਾਲੜੂ ਮੰਡਲਾਂ ਨੂੰ ਤੋੜ ਕੇ ਨਿੱਜੀ ਹੱਥਾਂ ਵਿੱਚ ਪੰਜਾਬ ਸਰਕਾਰ ਅਤੇ ਪੀਐੱਸਪੀਸੀਐੱਲ ਮੈਨੇਜਮੈਂਟ ਵੱਲੋਂ ਦੇਣ ਦਾ ਸਖਤ ਵਿਰੋਧ ਕੀਤਾ। ਆਗੂਆਂ ਨੇ ਕਿਹਾ ਕਿ ਜੇਕਰ ਇਨ੍ਹਾਂ ਡਵੀਜਨਾਂ ਤੋਂ ਇਲਾਵਾ ਹੋਰ ਵੀ ਡਵੀਜਨਾਂ ਨੂੰ ਪ੍ਰਾਈਵੇਟ ਹੱਥਾਂ ਵਿੱਚ ਦਿੱਤਾ ਤਾਂ ਮੁਲਾਜ਼ਮਾਂ ਵੱਲੋਂ ਵਰਕ ਟੂ ਰੂਲ ਕੀਤਾ ਜਾਵੇਗਾ ਅਤੇ ਇਸ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

# ਸਮੁੱਚੇ ਪਾਰਲੀਮੈਂਟ ਮੈਬਰ ਪੰਜਾਬ ਯੁੱਧ ਨੁਕਸਾਨ, ਮੁਆਵਜਾ ਅਤੇ ਪੂਨਰਵਾਸ ਬਿੱਲ ਨੂੰ ਪੇਸ਼ ਕਰਕੇ ਕਾਨੂੰਨ ਬਣਾਉਣ : ਇਮਾਨ ਸਿੰਘ ਮਾਨ

ਨਵੀਂ ਦਿੱਲੀ, 15 ਮਈ (ਮਨਪ੍ਰੀਤ ਸਿੰਘ ਖਾਲਸਾ):- "ਪੰਜਾਬ ਸੂਬਾ ਸਰਹੱਦੀ ਸੂਬਾ ਹੈ, ਹੁਕਮਰਾਨ ਅਕਸਰ ਹੀ ਆਪਣੇ ਸਿਆਸੀ ਤੇ ਮਾਲੀ ਫਾਇਦਿਆ ਲਈ ਬਹੁਤ ਵਾਰੀ ਬਿਨ੍ਹਾਂ ਵਜਹ ਪੰਜਾਬ ਦੇ ਸਰਹੱਦੀ ਸੂਬੇ ਨਾਲ ਲੱਗਦੇ ਗੁਆਢੀ ਮੁਲਕ ਨਾਲ ਜੰਗ ਲਗਾਉਣ ਦੇ ਬਿਨ੍ਹਾਂ ਵਜਹ ਅਮਲ ਕਰ ਦਿੰਦੇ ਹਨ । ਜਿਸ ਨਾਲ ਪੰਜਾਬੀਆਂ ਤੇ ਫ਼ੌਜ ਵਿਚ ਬਹੁਤ ਵੱਡਾ ਜਾਨੀ ਤੇ ਮਾਲੀ ਨੁਕਸਾਨ ਹੋ ਜਾਂਦਾ ਹੈ । ਪਹਿਲੀ ਗੱਲ ਤਾਂ ਇਹ ਹੈ ਕਿ ਜੰਗ ਵਰਗੇ ਵਿਨਾਸਕਾਰੀ ਨਾਮ ਅਤੇ ਅਮਲ ਬਾਰੇ ਸੋਚਣਾ ਨਹੀ ਚਾਹੀਦਾ । ਕਿਉਂਕਿ ਇਸ ਨਾਲ ਮਨੁੱਖਤਾ ਦਾ ਬਹੁਤ ਵੱਡਾ ਨੁਕਸਾਨ ਹੁੰਦਾ ਹੈ ਅਤੇ ਮੁਲਕ ਨੂੰ ਮਾਲੀ ਤੌਰ ਤੇ ਵੱਡਾ ਘਾਟਾ ਪੈਂਦਾ ਹੈ । ਜੇਕਰ ਅਜਿਹਾ ਮਜ਼ਬੂਰ ਹੋਵੇ ਤਾਂ ਸਰਹੱਦੀ ਇਲਾਕਿਆ ਵਿਚ ਵੱਸਣ ਵਾਲੇ ਨਿਵਾਸੀਆ ਤੇ ਜਿਸ ਸ਼ਹਿਰ ਉਤੇ ਬੰਬਾਰਮੈਂਟ, ਮਿਜਾਇਲਾਂ, ਡਰੋਨਾ ਜਾਂ ਗੋਲੀ ਬੰਦੂਕ ਨਾਲ ਜਾਨੀ ਮਾਲੀ ਨੁਕਸਾਨ ਹੁੰਦਾ ਹੈ ਉਸਦੀ ਪੂਰਤੀ ਲਈ ਅਵੱਸ ਕੋਈ ਕਾਨੂੰਨ ਬਣਨਾ ਚਾਹੀਦਾ ਹੈ । ਸ਼੍ਰੋਮਣੀ ਅਕਾਲੀ ਦਲ



(ਅੰਮ੍ਰਿਤਸਰ) ਦਾ ਇਹ ਸੁਝਾਅ ਹੈ ਕਿ ਪੰਜਾਬ ਯੁੱਧ ਨੁਕਸਾਨ (ਮੁਆਵਜਾ ਤੇ ਪੂਨਰਵਾਸ) ਕਾਨੂੰਨ 2025 ਬਣਨਾ ਚਾਹੀਦਾ ਹੈ । ਜਿਸ ਨਾਲ ਪੀੜ੍ਹਤਾਂ ਅਤੇ ਨੁਕਸਾਨ ਹਿੱਤ ਪਰਿਵਾਰਾਂ ਨੂੰ ਜੰਗ ਤੋ ਉਪਰੰਤ, ਫੌਰੀ ਮੁਆਵਜਾ ਮਿਲ ਸਕੇ।" ਇਹ ਵਿਚਾਰ ਸ. ਇਮਾਨ ਸਿੰਘ ਮਾਨ ਕਾਰਜਕਾਰੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਮੌਜੂਦਾ ਸਮੇ ਵਿਚ ਜੰਗ ਤੋ ਪ੍ਰਭਾਵਿਤ ਤੇ ਨੁਕਸਾਨੇ ਜਾਣ ਵਾਲੇ ਪਰਿਵਾਰਾਂ ਦੀ ਹਰ ਪੱਖੋ ਮੁਆਵਜੇ ਰਾਹੀ ਮਦਦ ਹੋਣ ਦੇ ਪ੍ਰਬੰਧ ਲਈ ਸਮੁੱਚੇ ਪਾਰਲੀਮੈਂਟ ਮੈਬਰਾਂ ਨੂੰ ਸਮੂਹਿਕ ਤੌਰ ਤੇ ਬਿੱਲ ਰੱਖਕੇ ਇਸ ਵਿਸੇ ਤੇ ਕਾਨੂੰਨ 2025 ਬਣਾਉਣ ਦੀ ਮੰਗ ਕਰਦੇ ਹੋਏ ਜਾਹਰ ਕੀਤੇ। ਉਨ੍ਹਾਂ ਕਿਹਾ ਕਿ ਇਸ ਲੜੀ ਵਿਚ ਗੈਰ ਸੈਨਿਕ ਵਿਅਕਤੀ ਵੱਡੇ ਨੁਕਸਾਨ ਦਾ ਸਾਹਮਣਾ ਕਰਦਾ ਹੈ । ਇਸ ਲਈ ਕਿਸੇ ਦੀ ਮੌਤ ਹੋ ਜਾਣ ਉਤੇ ਉਸਦੇ ਪਰਿਵਾਰ ਨੂੰ ਬਣਦਾ ਮੁਆਵਜਾ ਹਰ ਕੀਮਤ ਤੇ ਮਿਲਣਾ ਚਾਹੀਦਾ ਹੈ ।

ਇਹ ਮੁਆਵਜਾ ਘੱਟੋ ਘੱਟ ਢਾਈ ਕਰੋੜ ਹੋਣਾ ਚਾਹੀਦਾ ਹੈ । ਅਪੰਗ ਹੋਣ ਦੀ ਸੂਰਤ ਵਿਚ 2 ਕਰੋੜ, ਗੰਭੀਰ ਚੋਟਾਂ ਲਈ ਜਿਵੇ ਕਿਸੇ ਅੰਗ ਦਾ ਕੱਟ ਜਾਣਾ ਜਾਂ ਹੋਰ ਇਲਾਜ ਲਈ 50 ਲੱਖ ਰੁਪਏ ਸਰਕਾਰ ਦੁਆਰਾ ਅੰਕਿਤ ਹੋਣਾ ਚਾਹੀਦਾ ਹੈ । ਕਿਸੇ ਤਰ੍ਹਾਂ ਦੀ ਸੰਪਤੀ ਦਾ ਘੱਟੋ ਘੱਟ 10 ਲੱਖ ਦੇ ਨੁਕਸਾਨ ਅਨੁਸਾਰ 50 ਲੱਖ ਮੁਆਵਜਾ, ਬੇਘਰ ਅਤੇ ਪੂਨਰਵਾਸ ਲਈ ਘੱਟੋ ਘੱਟ 25 ਲੱਖ ਸਹਾਇਤਾ ਮਿਲਣੀ ਚਾਹੀਦੀ ਹੈ । ਇਹ ਮੁਆਵਜਾ ਸਹਾਇਤਾ 90 ਦਿਨਾਂ ਦੇ ਅੰਦਰ ਅੰਦਰ ਵੰਡਣ ਦਾ ਪ੍ਰਬੰਧ ਹੋਣਾ ਚਾਹੀਦਾ ਹੈ । ਇਹ ਵੰਡਣ ਵਾਲਾ ਬੋਰਡ ਜਾਂ ਕਮੇਟੀ ਕੇਦਰੀ ਗ੍ਰਹਿ ਵਿਜਾਰਤ ਦੁਆਰਾ ਗਠਿਤ ਹੋਵੇ । ਅਜਿਹੇ ਪੀੜਤ ਜਾਂ ਦੁੱਖੀ ਪਰਿਵਾਰਾਂ ਨੂੰ ਸਟੇਟ ਪੱਧਰ ਦੇ ਸਮਿਖਿਆ ਬੋਰਡ ਕੋਲ ਅਪੀਲ ਕਰਨ ਦਾ ਅਧਿਕਾਰ ਹੋਵੇ ਅਤੇ ਅਜਿਹੇ ਪਰਿਵਾਰਾਂ ਨੂੰ ਆਪਣੇ ਕੇਸ ਲਈ ਮੁਫਤ ਕਾਨੂੰਨੀ ਸਾਹਇਤਾ ਸਰਕਾਰ ਵੱਲੋ ਮਿਲੇ । ਇਹ ਨੁਕਸਾਨ ਮੁਆਵਜਾ ਫੰਡ ਦੇ ਬੋਰਡ ਦੀ ਸਥਾਪਨਾ ਰੱਖਿਆ ਅਤੇ ਗ੍ਰਹਿ ਵਿਜਾਰਤਾ ਦੁਆਰਾ ਸਾਂਝੇ ਤੌਰ ਤੇ ਕੀਤਾ ਜਾਵੇ । ਉਨ੍ਹਾਂ ਇਸ ਪ੍ਰੈਸ ਬਿਆਨ ਨੂੰ ਰੀਲੀਜ ਕਰਦੇ ਹੋਏ ਪਾਰਲੀਮੈਂਟ ਦੇ ਸਮੁੱਚੇ ਮੈਬਰਾਂ ਨੂੰ ਇਹ ਅਪੀਲ ਕੀਤੀ ਕਿ ਉਹ ਇਸ ਗੰਭੀਰ ਵਿਸੇ ਉਤੇ ਗਰੁੱਪ ਦੇ ਤੌਰ ਤੇ ਜਾਂ ਸਮੂਹਿਕ ਤੌਰ ਤੇ ਸਾਂਝੀਆ ਵਿਚਾਰਾਂ ਕਰਦੇ ਹੋਏ ਪਾਰਲੀਮੈਂਟ ਵਿਚ ਬਿੱਲ ਰੱਖਕੇ ਇਸਦਾ ਕਾਨੂੰਨ ਬਣਾਉਣ ਦੀ ਜਿੰਮੇਵਾਰੀ ਨਿਭਾਉਣ ਤਾਂ ਕਿ ਕਿਸੇ ਵੀ ਹਾਲਤ ਵਿਚ ਜੰਗ ਲੱਗਣ ਦੌਰਾਨ ਜਾਨੀ, ਮਾਲੀ ਪਰਿਵਾਰਿਕ ਅਤੇ ਜਾਇਦਾਦ ਤੌਰ ਤੇ ਨੁਕਸਾਨੇ ਗਏ ਸਰੀਰ ਜਾਂ ਜਾਇਦਾਦ ਦਾ ਮੁਆਵਜਾ ਪ੍ਰਦਾਨ ਕਰਨ ਲਈ ਫੌਰੀ ਕਾਨੂੰਨ ਨੂੰ ਹੋਂਦ ਵਿਚ ਲਿਆਂਦਾ ਜਾਵੇ । ਜੇਕਰ ਪਾਰਲੀਮੈਂਟ ਮੈਬਰ ਇਹ ਮਨੁੱਖਤਾ ਪੱਖੀ ਉਦਮ ਕਰ ਦੇਣ ਤਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਜਿਹੇ ਸੁਹਿਰਦ ਮੈਬਰਾਂ ਦਾ ਧੰਨਵਾਦੀ ਹੋਵੇਗਾ।

# ਇੱਕ ਨਜ਼ਰ...



## ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਕੰਧ ਸਾਹਿਬ ਬਟਾਲਾ ਵਿਖੇ ਵੱਖ-ਵੱਖ ਕਾਰਜਾਂ ਦੀ ਹੋਈ ਆਰੰਭਤਾ

ਨਵੀਂ ਦਿੱਲੀ, 15 ਮਈ (ਮਨਪ੍ਰੀਤ ਸਿੰਘ ਖਾਲਸਾ): – ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਨਾਲ ਸੰਬੰਧਿਤ ਇਤਿਹਾਸਕ ਗੁਰਦੁਆਰਾ ਕੰਧ ਸਾਹਿਬ ਬਟਾਲਾ ਵਿਖੇ ਅੱਜ ਅਰਦਾਸ ਉਪਰੰਤ ਵੱਖ–ਵੱਖ ਕਾਰਜਾਂ ਦੀ ਟੱਪ ਲਗਾ ਕੇ ਸ਼ੁਰੂਆਤ ਕੀਤੀ ਗਈ। ਕਾਰਸੇਵਾ ਦੀ ਆਰੰਭਤਾ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਪਦਮਸ੍ਰੀ ਬਾਬਾ ਸੇਵਾ ਸਿੰਘ ਕਾਰਸੇਵਾ ਖਡੂਰ ਸਾਹਿਬ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸੰਗਤ ਦੀਆਂ ਭਾਵਨਾਵਾਂ ਅਨੁਸਾਰ ਇਸ ਇਤਿਹਾਸਕ ਅਸਥਾਨ ਦੇ ਵੱਖ–ਵੱਖ ਕਾਰਜਾਂ ਦੀ ਸੇਵਾ ਕਰਵਾਈ ਜਾ ਰਹੀ ਹੈ। ਇਨ੍ਹਾਂ ਕਾਰਜਾਂ ਵਿਚ ਗੁਰਦੁਆਰਾ ਸਾਹਿਬ ਦੇ ਦਰਬਾਰ ਹਾਲ, ਲੰਗਰ ਹਾਲ, ਦੀਵਾਨ ਹਾਲ, ਜੋੜਾ ਘਰ ਅਤੇ ਪਾਰਕਿੰਗ ਆਦਿ ਸ਼ਾਮਲ ਹਨ। ਇਸ ਇਤਿਹਾਸਕ ਅਸਥਾਨ ਦੇ ਮਹੱਤਵ ਨੂੰ ਮੁਖ ਰੱਖਦਿਆਂ ਇਸ ਦੀ ਦਿੱਖ ਹੂਬਹੂ ਰੱਖੀ ਜਾਵੇਗੀ, ਜਿਸ ਲਈ ਮਾਹਿਰਾਂ ਦੀਆਂ ਸੇਵਾਵਾਂ ਵੀ ਲਈਆਂ ਜਾਣਗੀਆਂ। ਐਡਵੋਕੇਟ ਧਾਮੀ ਨੇ ਦੱਸਿਆ ਕਿ ਇਨ੍ਹਾਂ ਵੱਖ–ਵੱਖ ਕਾਰਜਾਂ ਦੀ ਕਾਰਸੇਵਾ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਨੂੰ ਸੌਂਪੀ ਗਈ ਹੈ। ਉਨ੍ਹਾਂ ਸੰਗਤਾਂ ਨੂੰ ਤਨ ਮਨ ਧੰਨ ਕਰਕੇ ਚੱਲ ਰਹੀਆਂ ਸੇਵਾਵਾਂ ਵਿਚ ਸਹਿਯੋਗ ਬਣਨ ਦੀ ਅਪੀਲ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਭਾਈ ਰਾਜਿੰਦਰ ਸਿੰਘ ਮਹਿਤਾ, ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ, ਸ. ਗੁਰਨਾਮ ਸਿੰਘ ਜੱਸਲ, ਬੀਬੀ ਜਸਬੀਰ ਕੌਰ ਜਫਰਵਾਲ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਐਕਸੀਅਨ ਸ. ਜਤਿੰਦਰਪਾਲ ਸਿੰਘ, ਸੀਨੀਅਰ ਅਕਾਲੀ ਆਗੂ ਸ. ਗੁਰਇਕਬਾਲ ਸਿੰਘ ਮਾਹਲ, ਸ. ਸੁਖਬੀਰ ਸਿੰਘ ਵਾਹਲਾ, ਸ. ਰਾਜਨਬੀਰ ਸਿੰਘ ਘੁਮਾਣ, ਸ. ਸ਼ਮਸ਼ੇਰ ਸਿੰਘ, ਪ੍ਰੋ. ਧਿਆਨ ਸਿੰਘ ਬਟਾਲਾ, ਸ. ਅਮਰਜੀਤ ਸਿੰਘ ਸੇਖਵਾਂ, ਸ. ਪ੍ਰੇਮ ਸਿੰਘ ਜੈਤੂਸਰਜਾ, ਮਾਸਟਰ ਜੋਗਿੰਦਰ ਸਿੰਘ ਅਚਲੀ ਗੇਟ, ਸ. ਰਾਜਿੰਦਰ ਸਿੰਘ ਪਦਮ, ਸ. ਪਲਵਿੰਦਰ ਸਿੰਘ ਲੰਬੜਦਾਰ, ਸ. ਹੰਸਪਾਲ ਸਿੰਘ, ਮਾਸਟਰ ਪ੍ਰਵੀਨ ਸਿੰਘ, ਸ੍ਰੀ ਨਰੇਸ਼ ਮਹਾਜਨ, ਐਸਡੀਓ ਸ. ਸੁਖਬੀਰ ਸਿੰਘ, ਐਲਏ ਸ. ਸੁਖਬੀਰ ਸਿੰਘ, ਜੇਈ ਸ. ਰਘਬੀਰ ਸਿੰਘ, ਸੁਪਰਵਾਈਜ਼ਰ ਸ. ਸੁਖਜਿੰਦਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੀਤ ਮੈਨੇਜਰ ਸ. ਗੁਰਤਿੰਦਰਪਾਲ ਸਿੰਘ, ਮੈਨੇਜਰ ਸ. ਜਤਿੰਦਰ ਸਿੰਘ, ਸ. ਸਰਬਜੀਤ ਸਿੰਘ, ਸ. ਰਣਜੀਤ ਸਿੰਘ ਕਲਿਆਣਪੁਰ, ਸ. ਸਤਨਾਮ ਸਿੰਘ, ਸ. ਮਨਜੀਤ ਸਿੰਘ, ਸ. ਦਵਿੰਦਰ ਸਿੰਘ, ਸ਼੍ਰੋਮਣੀ ਕਮੇਟੀ ਅਧਿਕਾਰੀ, ਪ੍ਰਮੁੱਖ ਸਿੱਖ ਸ਼ਖ਼ਸੀਅਤਾਂ ਅਤੇ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।

## ਯੂ.ਪੀ.ਐਸ.ਸੀ ਦੀ ਵੱਡੀ ਸੰਸਥਾਂ ਦੇ ਚੇਅਰਮੈਨ ਦੇ ਅਹੁਦੇ ਉਤੇ ਸਾਬਕਾ ਰੱਖਿਆ ਸਕੱਤਰ ਅਜੇ ਕੁਮਾਰ ਨੂੰ ਲਗਾਉਣਾ ਨਵੇ ਨੌਜਵਾਨ ਅਫਸਰਾਂ ਨਾਲ ਵੱਡੀ ਬੇਇਨਸਾਫ਼ੀ : ਮਾਨ

ਫ਼ਤਹਿਗੜ੍ਹ ਸਾਹਿਬ, 15 ਮਈ ( ਰਣਜੀਤ ਸਿੰਘ ਪੇਧਨੀ ) "ਇੰਡੀਆਂ ਦੀ ਅਫਸਰਾਂ ਦੀ ਭਰਤੀ ਕਰਨ ਵਾਲੀ ਵੱਡੀ ਸੰਸਥਾਂ ਯੂਨੀਅਨ ਪਬਲਿਕ ਸਰਵਿਸ ਕਮਿਸਨ ਦੇ ਚੇਅਰਮੈਨ ਦੇ ਅਹੁਦੇ ਉਤੇ ਬਿਰਾਜਮਾਨ ਬੀਬੀ ਪ੍ਰੀਤੀ ਸੂਦਨ ਦੀ ਮਿਆਦ 29 ਅਪ੍ਰੈਲ ਨੂੰ ਖਤਮ ਹੋ ਚੁੱਕੀ ਹੈ, ਇਸ ਅਹੁਦੇ ਉਤੇ ਨਵੇ ਆਈ.ਏ.ਐਸ ਅਫਸਰਾਨ ਵਿਚੋ ਇਸ ਅਹੁਦੇ ਉਤੇ ਕਿਸੇ ਨੂੰ ਬਿਰਾਜਮਾਨ ਕਰਨ ਜਾਂ ਕਿਸੇ ਸੂਝਵਾਨ ਸਿੱਖ ਆਈ.ਏ.ਐਸ ਅਫਸਰ ਨੂੰ ਇਹ ਜਿੰਮੇਵਾਰੀ ਸੌਪਣ ਦੀ




ਬਜਾਇ ਸਾਬਕਾ ਰੱਖਿਆ ਸਕੱਤਰ ਸ੍ਰੀ ਅਜੇ ਕੁਮਾਰ ਨੂੰ ਤਾਇਨਾਤ ਕਰਨ ਦੇ ਅਮਲ ਕੇਵਲ ਨਵੀ ਆਈ.ਏ.ਐਸ ਅਫਸਰਾਂ ਦੀ ਭਰਤੀ ਜਾਂ ਆਈ.ਏ.ਐਸ ਅਫਸਰਾਂ ਵਿਚੋ ਤਰੱਕੀ ਦੇਣ ਦੇ ਨਿਯਮਾਂ, ਅਸੂਲਾਂ ਦੀ ਉਲੰਘਣਾ ਹੀ ਨਹੀ ਬਲਕਿ ਹਕੂਮਤੀ ਪ੍ਰਣਾਲੀ ਵਿਚ ਸਾਹਿਯੋਗ ਕਰਨ ਵਾਲੀ ਅਫਸਰਾਨ ਨੂੰ ਲਗਾਕੇ ਇਸ ਪ੍ਰਣਾਲੀ ਨੂੰ ਹੋਰ ਗੰਧਲਾ ਕੀਤਾ ਜਾ ਰਿਹਾ ਹੈ ਜੋ ਅਫਸੋਸਨਾਕ ਹੈ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਯੂਨੀਅਨ ਪਬਲਿਕ ਸਰਵਿਸ ਕਮਿਸਨ ਦੇ ਅਹੁਦੇ ਉਤੇ ਸਰਵਿਸ ਤੋ ਰਿਟਾਇਰ ਹੋ ਚੁੱਕੇ ਸ੍ਰੀ ਅਜੇ ਕੁਮਾਰ ਨੂੰ ਲਗਾਕੇ ਨਵੀ ਭਰਤੀ ਤੇ ਹੋਰ ਸੂਝਵਾਨ ਅਫਸਰਸਾਹੀ ਨਾਲ ਜ਼ਬਰ ਕਰਨ ਦੇ ਅਮਲਾਂ ਦੀ ਨਿੰਦਾ ਕਰਦੇ ਹੋਏ ਅਤੇ ਸਿੱਖ ਕੌਮ ਦੇ ਲਿਆਕਤਮੰਦਾ ਨੂੰ ਨਿਰੰਤਰ ਨਜਰਅੰਦਾਜ ਕਰਨ ਉਤੇ ਗਹਿਰਾ ਦੁੱਖ ਜਾਹਰ ਕਰਦੇ ਹੋਏ ਪ੍ਰਗਟ ਕੀਤੇ ।ਉਨ੍ਹਾਂ ਕਿਹਾ ਕਿ ਇਹ ਅਮਲ ਘੱਟ ਗਿਣਤੀਆਂ ਦੇ ਹੱਕ ਹਕੂਕਾ ਦਾ ਘਾਣ ਕਰਨ ਵਾਲੇ ਵੀ ਹਨ ।ਇਸ ਲਈ ਅਸੀ ਇਸ ਹੋ ਰਹੀ ਜਿਆਦਤੀ ਅਤੇ ਗੈਰ ਨਿਯਮਾਂ ਦੀ ਘੱਟ ਗਿਣਤੀ ਕਮਿਸਨ ਦੇ ਚੇਅਰਮੈਨ ਸ. ਇਕਬਾਲ ਸਿੰਘ ਲਾਲਪੁਰਾ ਦੇ ਧਿਆਨ ਵਿਚ ਲਿਆਉਦੇ ਹੋਏ ਬੇਨਤੀ ਕਰਨੀ ਚਾਹਵਾਂਗੇ ਕਿ ਜਦੋ ਉਹ ਘੱਟ ਗਿਣਤੀ ਕੌਮਾਂ ਦੇ ਕਮਿਸਨ ਦੇ ਅਹਿਮ ਅਹੁਦੇ ਉਤੇ ਬਿਰਾਜਮਾਨ ਹਨ ਤਾਂ ਉਨ੍ਹਾਂ ਨੂੰ ਉਪਰੋਕਤ ਹੋਈ ਗੈਰ ਨਿਯਮੀ ਨਿਯੁਕਤੀ ਉਤੇ ਸਹੀ ਦਿਸ਼ਾ ਵੱਲ ਸਟੈਡ ਲੈਕੇ ਕਿਸੇ ਘੱਟ ਗਿਣਤੀ ਕੌਮਾਂ ਜਾਂ ਸਿੱਖ ਕੌਮ ਵਿਚੋ ਆਈ.ਏ.ਐਸ. ਅਹੁਦੇ ਦੇ ਇਨਸਾਨ ਨੂੰ ਲਗਾਉਣ ਲਈ ਆਪਣੀ ਸਰਕਾਰ ਉਤੇ ਜੋਰ ਪਾਉਣਾ ਚਾਹੀਦਾ ਹੈ ਤਾਂ ਕਿ ਘੱਟ ਗਿਣਤੀ ਕੌਮਾਂ ਨਾਲ ਹੋ ਰਹੀ ਬੇਇਨਸਾਫ਼ੀ ਦੂਰ ਹੋ ਸਕੇ ਅਤੇ ਸਾਬਕਾ ਆਈ.ਏ.ਐਸ ਅਫਸਰਾਂ ਨੂੰ ਵਾਰ–ਵਾਰ ਅਜਿਹੇ ਅਹੁਦਿਆ ਤੇ ਲਗਾਕੇ ਪ੍ਰਬੰਧ ਵਿਚ ਜੋ ਪਾਰਦਰਸ਼ੀ ਢੰਗ ਨੂੰ ਨਜਰਅੰਦਾਜ ਕੀਤਾ ਜਾ ਰਿਹਾ ਹੈ, ਉਹ ਸਹੀ ਦਿਸ਼ਾ ਵੱਲ ਪੂਰਨ ਹੋ ਸਕੇ। ਉਨ੍ਹਾਂ ਸਿੱਖ ਕੌਮ ਨਾਲ ਕੀਤੇ ਜਾ ਰਹੇ ਵਿਤਕਰੇ ਦਾ ਜਿਕਰ ਕਰਦੇ ਹੋਏ ਕਿਹਾ ਕਿ ਬੀਤੇ ਸਮੇ ਵਿਚ ਸੈਟਰ ਦੀ ਹਕੂਮਤ ਦੇ ਪ੍ਰਮੁੱਖ ਚਾਰ ਵਿਭਾਗ ਰੱਖਿਆ, ਵਿੱਤ, ਗ੍ਰਹਿ ਅਤੇ ਵਿਦੇਸ ਵਿਭਾਗ ਵਿਚੋ ਇਕ ਵਿਭਾਗ ਸਿੱਖ ਕੌਮ ਨੂੰ ਸਤਿਕਾਰ ਵੱਜੋ ਦਿੱਤਾ ਜਾਂਦਾ ਸੀ ਜਿਸ ਨੂੰ ਇਨ੍ਹਾਂ ਨੇ ਲੰਮੇ ਸਮੇ ਤੋ ਬੰਦ ਕੀਤਾ ਹੋਇਆ ਹੈ ।ਇਹੀ ਵਜਹ ਹੈ ਕਿ ਇਸ ਸਮੇ ਕੋਈ ਵੀ ਸਿੱਖ ਨਾ ਕੈਬਨਿਟ ਸਕੱਤਰ, ਨਾ ਚੀਫ ਜਸਟਿਸ ਸੁਪਰੀਮ ਕੋਰਟ, ਚੀਫ ਜਸਟਿਸ ਹਾਈਕੋਰਟ, ਇਲੈਕਸਨ ਕਮਿਸਨ, ਨਾ ਕੋਈ ਗਵਰਨਰ, ਨਾ ਸਫੀਰ ਜਿਸ ਤੋ ਪ੍ਰਤੱਖ ਹੋ ਜਾਂਦਾ ਹੈ ਕਿ ਹੁਕਮਰਾਨ ਘੱਟ ਗਿਣਤੀ ਕੌਮਾਂ ਵਿਸੇਸ ਤੌਰ ਤੇ ਸਿੱਖ ਕੌਮ ਨਾਲ ਅੱਜ ਵੀ ਜਿਆਦਤੀਆ ਜ਼ਬਰ ਕਰਦੇ ਆ ਰਹੇ ਹਨ ਜੋ ਬੰਦ ਹੋਣਾ ਚਾਹੀਦਾ ਹੈ।

## 84 ਦੇ ਤੀਸਰੇ ਘੱਲੂਘਾਰੇ ਦੌਰਾਨ ਹੋਏ ਸ਼ਹੀਦਾਂ ਸਿੰਘਾਂ, ਸਿੰਘਣੀਆਂ, ਭੁਜੰਗੀਆਂ ਦੀ ਯਾਦ ਵਿੱਚ ਦਮਦਮੀ ਟਕਸਾਲ ਵੱਲੋਂ ਪਿੰਡ ਚੌਣੇ ਵਿਖੇ ਦੀਵਾਨ ਸਜਾਏ











ਚੌਕ ਮਹਿਤਾ, 15 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)–ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਜੂਨ '84 ਦੇ ਤੀਸਰਾ ਘੱਲੂਘਾਰਾ ਦੌਰਾਨ ਸ਼ਹੀਦ ਹੋਏ ਸਿੰਘਾਂ–ਸਿੰਘਣੀਆਂ ਤੇ ਭੁਚੰਗੀਆਂ ਦੀ ਯਾਦ ਨੂੰ ਸਮਰਪਿਤ ਵੱਖ ਵੱਖ ਨਗਰਾਂ ਵਿਚ ਕਥਾ–ਕੀਰਤਨ ਸਮਾਗਮ ਕੀਤੇ ਜਾ ਰਹੇ ਹਨ। ਜਿਸ ਦੇ ਚਲਦਿਆਂ ਅੱਜ ਪਿੰਡ ਚੌਣੇ ਦੇ ਗੁਰਦੁਆਰੇ ਸਾਹਿਬ ਵਿਖੇ ਸ਼ਾਮ ਵੇਲੇ ਦਾ ਧਾਰਮਿਕ ਦੀਵਾਨ ਸਜਾਇਆ ਗਿਆ। ਜਿਸ ਵਿਚ ਦਮਦਮੀ ਟਕਸਾਲ ਦੇ ਹਜੂਰੀ ਰਾਗੀ ਤੰਤੀ ਸਾਜਾ ਨਾਲ ਰਾਗਾ ਵਿੱਚ ਜਥੇ ਨੇ ਇਲਾਹੀ ਬਾਣੀ ਦਾ ਕੀਰਤਨ ਸਰਵਣ ਕਰਵਾਇਆ। ਉਪਰੰਤ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਵੱਡੀ ਗਿਣਤੀ ਵਿਚ ਜੁੜ ਬੈਠੀਆ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਉਪਰੰਤ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਗਵਾਲੀਅਰ ਦੇ ਕਿਲੇ ਦਾ ਇਤਹਾਸ ਪਵਿੱਤਰ ਪਾਵਨ ਗ੍ਰੰਥ ਸੂਰਜ ਪਰਕਾਸ਼ ਵਿੱਚੋਂ ਸੰਗਤਾਂ ਨੂੰ ਸਰਵਨ ਕਰਾਇਆ। ਪੋਥੀ ਸਾਹਿਬ ਜੀ ਦਾ ਜਾਪੁ ਭਾਈ ਸਤਨਾਮ ਸਿੰਘ ਖਾਲਸਾ ਨੇ ਕੀਤਾ,ਦੀਵਾਨ ਦੀ ਸਮਾਪਤੀ ਮੌਕੇ ਪ੍ਰਬੰਧਕਾਂ ਦੇ ਵੱਲੋਂ ਵਿਸ਼ੇਸ਼ ਰੂਪ ਵਿਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦਾ ਸਨਮਾਨ ਕੀਤਾ ਗਿਆ। ਇਸ ਸਮੇਂ ਗਿਆਨੀ ਖਾਲਸਾ ਨੇ ਸੰਗਤ ਨੂੰ ਖਾਸ ਕਰਕੇ ਨੌਜਵਾਨਾਂ ਨੂੰ ਦਾੜ੍ਹੀ ਕੇਸ ਰੱਖਣ, ਅੰਮ੍ਰਿਤ ਛੱਕਣ ਤੇ ਸਿੰਘ ਸੱਜਣ ਲਈ ਪ੍ਰੇਰਿਤ ਕੀਤਾ। ਜਿਕਰਯੋਗ ਹੈ ਕਿ ਹਰ ਸਾਲ ਦੀ ਤਰਾਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਯੋਗ ਅਗਵਾਈ ਵਿਚ ਜੂਨ 1984 ਦਾ ਤੀਸਰੇ ਘੱਲੂਘਾਰੇ ਦੇ ਸ਼ਹੀਦਾਂ ਦੀ ਮਿੱਠੀ ਯਾਦ ਨੂੰ ਸਮਰਪਿਤ 41ਵਾਂ ਮਹਾਨ ਸ਼ਹੀਦੀ ਸਮਾਗਮ ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾ ਰਿਹਾ ਹੈ। ਜਿਸ ਤਹਿਤ 1 ਮਈ ਤੋਂ 31 ਮਈ ਤਕ ਰੋਜਾਨਾ ਵੱਖ ਵੱਖ ਨਗਰਾਂ ਵਿਚ ਸ਼ਹੀਦੀ ਦੀਵਾਨ ਸਜਾਏ ਜਾ ਰਹੇ ਹਨ। ਇਸ ਸਮੇਂ ਮੰਚ ਸੰਚਾਲਨ ਦੀ ਸੇਵਾ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਵੱਲੋਂ ਨਿਭਾਈ ਗਈ। ਇਸ ਦੌਰਾਨ ਬਹੁਤ ਗਿਣਤੀ ਵਿੱਚ ਸੰਗਤਾਂ ਨੇ ਹਾਜਰੀਆ ਭਰੀਆਂ, ਇਸ ਮੌਕੇ ਤੇ ਚੌਣੇ ਪਿੰਡ ਦੀ ਪੰਚਾਇਤ, ਗੁਰਦੁਆਰਾ ਸਾਹਿਬ ਦੀ ਪ੍ਰਬੰਦਕ ਕਮੇਟੀ ਹੈਡ ਗਰੰਥੀ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਅਤੇ ਸਮੂਹ ਮੈਬਰ ਅਤੇ ਸੰਗਤਾਂ ਨੇ ਹਾਜਰੀਆ ਭਰੀਆਂ। ਇਸ ਮੌਕੇ ਤੇ ਸੰਤ ਬਾਬਾ ਗੁਰਮੀਤ ਸਿੰਘ ਵੈਦ ਬਦੋਵਾਲ, ਹੈਡ ਗਰੰਥੀ ਗਿਆਨੀ ਗੁਰਦੀਪ ਸਿੰਘ, ਸਾਬਕਾ ਚੇਅਰਮੈਨ ਤਰਲੋਕ ਸਿੰਘ ਬਾਠ, ਸਾਬਕਾ ਮੰਤਰੀ ਬਲਵੀਰ ਸਿੰਘ ਬਾਠ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ) ਜਥੇਦਾਰ ਬਾਬਾ ਬੋਹੜ ਸਿੰਘ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ, ਪਰੋਫੈਸਰ ਜੋਬਨਜੀਤ ਸਿੰਘ ਦਮਦਮੀ ਟਕਸਾਲ, ਭਾਈ ਭਾਗ ਸਿੰਘ ਦਮਦਮੀ ਟਕਸਾਲ, ਤਰਨਾ ਦੱਲ ਮਹਿਤਾ ਦੇ ਮੁੱਖੀ ਜਥੇਦਾਰ ਅਜੀਤ ਸਿੰਘ, ਹੈਡ ਗਰੰਥੀ ਗਿਆਨੀ ਗੁਰਦੀਪ ਸਿੰਘ ਦਮਦਮੀ ਟਕਸਾਲ,ਸਰਪੰਚ ਕਸ਼ਮੀਰ ਸਿੰਘ ਕਾਲ੍ਹਾ, ਸਰਪੰਚ ਹਰਜਿੰਦਰ ਸਿੰਘ ਜੱਜ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।

## ਦਿੱਲੀ ਕਮੇਟੀ ਦੀਆਂ ਕੌਮੀ ਜਾਇਦਾਦਾਂ ਵੇਚਣ ਲਈ ਜੀਕੇ ਤੇ ਸਰਨਾ ਦੋਵੇਂ ਉਤਾਵਲੇ, ਅਸੀਂ ਕੌਮ ਦੇ ਹਿੱਤਾਂ ਦੀ ਰਾਖੀ ਕਰਾਂਗੇ: ਕਾਲਕਾ, ਕਾਹਲੋਂ



ਨਵੀਂ ਦਿੱਲੀ, 15 ਮਈ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਕਮੇਟੀ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀ.ਕੇ. ਉਹਨਾਂ ਖਿਲਾਫ ਦਰਜ ਭ੍ਰਿਸ਼ਟਾਚਾਰ ਦੇ ਚਾਰ ਕੇਸਾਂ ਵਿਚ ਚਾਰਜਸ਼ੀਟ ਦਾਖਲ ਹੋਣ ਤੋਂ ਬੌਖਲਾ ਗਏ ਹਨ ਤੇ ਜੀ.ਕੇ. ਤੇ ਪਰਮਜੀਤ ਸਿੰਘ ਸਰਨਾ ਮਿਲ ਕੇ ਕਮੇਟੀ ਦੀਆਂ ਕੌਮ ਦੀਆਂ ਜਾਇਦਾਦਾਂ ਵੇਚਣ ਲਈ ਉਤਾਵਲੇ ਹਨ ਪਰ ਕਮੇਟੀ ਦੀ ਮੌਜੂਦਾ ਟੀਮ ਕੌਮ ਦੀਆਂ ਜਾਇਦਾਦਾਂ ਦੀ ਰਾਖਵਾਲੀ ਹਰ ਕੀਮਤ 'ਤੇ ਕਰੇਗੀ। ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਕਮੇਟੀ ਦੇ ਖ਼ਾਤਿਆਂ ਵਿਚੋਂ 10 ਲੱਖ ਰੁਪਏ ਦੀ ਨਗਦ ਅਦਾਇਗੀ ਕਰਨ, 1 ਲੱਖ ਕੈਨੇਡੀਅਨ ਡਾਲਰਾਂ ਦੀ ਹੇਰਾ ਫੇਰੀ ਕਰਨ ਅਤੇ ਆਪਣੀ ਧੀ ਤੇ ਜਵਾਈ ਦੀ ਕੰਪਨੀ ਦੇ ਨਾਂ 'ਤੇ ਕਮੇਟੀ ਨਾਲ ਵਪਾਰ ਕਰਨ ਸਮੇਤ 4 ਕੇਸਾਂ ਵਿਚ ਮਨਜੀਤ ਸਿੰਘ ਜੀ.ਕੇ. ਦੇ ਖਿਲਾਫ ਚਾਰਜਸ਼ੀਟਾਂ ਦਾਇਰ ਹੋ ਗਈਆਂ ਹਨ ਤੇ ਕੇਸਾਂ ਦੀ ਸੁਣਵਾਈ ਸ਼ੁਰੂ ਹੋ ਗਈ ਹੈ ਜਿਹਨਾਂ ਵਿਚ ਇਹਨਾਂ ਨੂੰ ਸਜ਼ਾ ਹੋਣੀ ਤੈਅ ਹੈ। ਉਹਨਾਂ ਕਿਹਾ ਕਿ ਇਸ ਕਾਰਵਾਈ ਤੋਂ ਬੌਖਲਾਏ ਮਨਜੀਤ ਸਿੰਘ ਜੀ.ਕੇ. ਤੇ ਉਹਨਾਂ ਦੇ ਨਵੇਂ ਬਣੇ ਸਾਥੀ ਪਰਮਜੀਤ ਸਿੰਘ ਸਰਨਾ ਘਬਰਾਹਟ ਵਿਚ ਹਨ ਤੇ ਕਮੇਟੀ ਨੂੰ ਬਦਨਾਮ ਕਰਨ ਵਾਸਤੇ ਹਰ ਵੇਲੇ ਉਤਾਵਲੇ ਰਹਿੰਦੇ ਹਨ। ਉਹਨਾਂ ਦੱਸਿਆ ਕਿ ਕਿਵੇਂ ਇਕ ਪਟੀਸ਼ਨ ਵਿਚ ਅਦਾਲਤ ਵਿਚ ਮੰਗ ਕੀਤੀ ਗਈ ਕਿ ਕਮੇਟੀ ਦੀਆਂ ਜਾਇਦਾਦਾਂ ਵੇਚੀਆਂ ਜਾਣ ਤਾਂ ਉਸ 'ਤੇ ਮਨਜੀਤ ਸਿੰਘ ਜੀ.ਕੇ. ਤੇ ਪਰਮਜੀਤ ਸਿੰਘ ਸਰਨਾ ਦੇ ਵਕੀਲਾਂ ਨੇ ਕੋਈ ਵਿਰੋਧ ਕਰਨ ਦੀ ਥਾਂ ਉਲਟਾ ਉਸ ਬਾਰੇ ਸਹਿਮਤੀ ਦਿੱਤੀ ਤੇ ਚੁੱਪੀ ਵੱਟੀ ਰੱਖੀ। ਉਹਨਾਂ ਕਿਹਾ ਕਿ ਕਮੇਟੀ ਦੀ ਮੌਜੂਦਾ ਟੀਮ ਤੇ ਸਾਬਕਾ ਪ੍ਰਧਾਨ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੇ ਅਦਾਲਤ ਵਿਚ ਵੀ ਆਪੋ ਆਪਣੇ ਹਲਫੀਆ ਬਿਆਨ ਦਾਇਰ ਕੀਤੇ ਹਨ ਤੇ ਸਪਸ਼ਟ ਕੀਤਾ ਕਿ ਅਸੀ ਕੌਮ ਦੀਆਂ ਜਾਇਦਾਦਾਂ ਦਾ ਕਿਸੇ ਵੀ ਕੀਮਤ 'ਤੇ ਨੁਕਸਾਨ ਨਹੀਂ ਹੋਣ ਦੇਵਾਂਗੇ। ਉਹਨਾਂ ਕਿਹਾ ਕਿ ਜਿਹਨਾਂ ਨੇ ਕਮੇਟੀ ਦੀਆਂ ਗੋਲਕਾਂ ਦੀ ਦੁਰਵਰਤੋਂ ਕੀਤੀ ਹੈ, ਉਹਨਾਂ ਨੂੰ ਆਪਣੇ ਕੀਤੇ ਕੰਮਾਂ ਦਾ ਨੁਕਸਾਨ ਭੁਗਤਣਾ ਪਵੇਗਾ ਤੇ ਅਦਾਲਤਾਂ ਵਿਚ ਕਾਨੂੰਨ ਰਾਹੀਂ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਹੋ ਕੇ ਰਹੇਗਾ। ਉਹਨਾਂ ਕਿਹਾ ਕਿ ਦਿੱਲੀ ਦੀਆਂ ਸੰਗਤਾਂ ਆਪ ਵੇਖ ਰਹੀਆਂ ਹਨ ਕਿ ਕਿਵੇਂ ਮਨਜੀਤ ਸਿੰਘ ਜੀ.ਕੇ. ਤੇ ਪਰਮਜੀਤ ਸਿੰਘ ਸਰਨਾ ਦੇ ਝੂਠ ਤੇ ਕੁਫਰ ਤੋਂ ਤੰਗ ਹੋ ਕੇ ਕੌਮ ਹਿਤੈਸ਼ੀ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਨਾਲ ਜੁੜ ਰਹੇ ਹਨ ਤੇ ਇਹਨਾਂ ਝੂਠੇ ਤੇ ਬੇਈਮਾਨ ਆਗੂਆਂ ਨੂੰ ਛੱਡ ਰਹੇ ਹਨ। ਉਹਨਾਂ ਕਿਹਾ ਕਿ ਸੰਗਤਾਂ ਨੇ ਪਹਿਲਾਂ ਵੀ ਇਹਨਾਂ ਨੂੰ ਨਕਾਰਿਆ ਸੀ ਤੇ ਹੁਣ ਵੀ ਨਕਾਰ ਦੇਣ ਵਾਸਤੇ ਤਿਆਰ ਬਰ ਤਿਆਰ ਹਨ। ਸਵਾਲਾਂ ਦੇ ਜਵਾਬ ਦਿੰਦਿਆਂ ਉਹਨਾਂ ਕਿਹਾ ਕਿ ਮਨਜੀਤ ਸਿੰਘ ਜੀ.ਕੇ. ਅਤੇ ਪਰਮਜੀਤ ਸਿੰਘ ਸਰਨਾ ਹਮੇਸ਼ਾ ਸ੍ਰੀ ਅਕਾਲ ਤਖਤ ਸਾਹਿਬ ਅਤੇ ਪੰਥਕ ਮਰਿਆਦਾ ਨੂੰ ਢਾਹ ਲਾਉਂਦੇ ਆਏ ਹਨ। ਹੁਣ ਇਹਨਾਂ ਨੇ ਦਿੱਲੀ ਦੇ ਗੁਰੂ ਘਰਾਂ ਨੂੰ ਬਦਨਾਮ ਕਰਨ ਵਾਸਤੇ ਨਵਾਂ ਤਰੀਕਾ ਲੱਭ ਲਿਆ ਹੈ। ਗੁਰਦੁਆਰਾ ਰਕਾਬਗੰਜ ਸਾਹਿਬ ਦੇ ਜਿਸ ਮਾਮਲੇ ਦੀ ਗੱਲ ਕਰ ਇਹ ਮੌਜੂਦਾ ਕਮੇਟੀ ਨੂੰ ਬਦਨਾਮ ਕਰ ਰਹੇ ਹਨ, ਅਸੀਂ ਦਸਣਾ ਚਾਹੁੰਦੇ ਹਾਂ ਜਿਵੇਂ ਹੀ ਸਾਡੇ ਧਿਆਨ ਵਿਚ ਇਹ ਮਾਮਲਾ ਆਇਆ ਤਾਂ ਅਸੀਂ ਤੁਰੰਤ ਕਾਰਵਾਈ ਕਰਦਿਆਂ ਮੁਲਜ਼ਮਾਂ ਨੂੰ ਸਸਪੈਂਡ ਕੀਤਾ ਹੈ ਅਤੇ ਜਾਂਚ ਕਮੇਟੀ ਬਣਾ ਦਿੱਤੀ ਹੈ ਜਿਸਦੀ ਰਿਪੋਰਟ ਆਉਣ 'ਤੇ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਇੱਕ ਨਜ਼ਰ ...



### ਆਪ ਸਰਕਾਰ ਵੱਲੋਂ ਪੰਜਾਬ ਦੇ ਪਿੰਡਾਂ ਦੀ ਨੁਹਾਰ ਬਦਲਣ ਦਾ ਨਵਾਂ ਅਧਿਆਏ ਲਿਖਿਆ

## ਪੰਜਾਬ ਸਰਕਾਰ ਦਾ ਸੂਬੇ ਦੇ ਸਾਰੇ ਪਿੰਡਾਂ ਚ ਖੇਡ ਮੈਦਾਨ ਬਣਾਉਣ ਜਾਂ ਮੌਜੂਦਾ ਨੂੰ ਅੱਪਗ੍ਰੇਡ ਕਰਨ ਦਾ ਟੀਚਾ:ਤਰੁਨਪ੍ਰੀਤ ਸੌਂਦ

ਰਾਜਪੁਰਾ, 15 ਮਈ (ਆਵਾਜ਼ਿ ਕੌਮ ਬਿਊਰੋ): ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਦੇ ਪਿੰਡਾਂ ਦੀ ਨੁਹਾਰ ਤੇ ਮੂੰਹ ਮੁਹਾਂਦਰਾ ਸੰਵਾਰਨ ਵਿੱਚ ਇੱਕ ਨਵਾਂ ਅਧਿਆਏ ਲਿਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਲਈ ਕੀਤੇ 'ਆਪ ਸਰਕਾਰ' ਦੇ ਕੰਮਾਂ ਨੂੰ ਲੰਬੇ ਸਮੇਂ ਤੱਕ ਯਾਦ ਰੱਖਿਆ ਜਾਵੇਗਾ। ਸੌਂਦ ਨੇ ਕਿਹਾ ਕਿ ਪੰਜਾਬ ਦੇ ਪਿੰਡਾਂ ਦੇ 15000 ਛੱਪੜਾਂ ਦੀ ਸਾਫ-ਸਫਾਈ ਤੇ 13000 ਪੇਂਡੂ ਖੇਡ ਮੈਦਾਨਾਂ ਦੀ ਸ਼ਾਨਦਾਰ ਪਹਿਲਕਦਮੀ ਨਾਲ ਪਿੰਡਾਂ ਦੀ ਕਾਇਆ ਕਲਪ ਹੋਵੇਗੀ ਤੇ ਪਿੰਡ ਵਾਸੀਆਂ ਦਾ ਜੀਵਨ ਪੱਧਰ ਉੱਚਾ ਹੋਵੇਗਾ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਨਾਲਾਇਕੀ ਕਾਰਣ ਨਾ ਤਾਂ ਪਿੰਡਾਂ ਦੇ ਨੌਜਵਾਨਾਂ ਲਈ ਖੇਡ ਮੈਦਾਨਾਂ ਵੱਲ ਕੋਈ ਧਿਆਨ ਦਿੱਤਾ ਗਿਆ ਤੇ ਨਾ ਹੀ ਛੱਪੜਾਂ ਦੀ ਸਾਫ ਸਫਾਈ ਦੀ ਸਾਰ ਲਈ ਗਈ। ਰਾਜਪੁਰਾ ਬਲਾਕ ਦੇ ਪਿੰਡ ਖਿਜਰਗੜ੍ਹ (ਬਨੂੜ) ਵਿਖੇ ਵਿਧਾਇਕਾ ਨੀਨਾ ਮਿੱਤਲ ਦੀ ਅਗਵਾਈ ਵਿੱਚ ਪੇਂਡੂ ਖੇਡ ਮੈਦਾਨ ਦਾ ਮੁਆਇਨਾ ਕੀਤਾ।ਇਸ ਮੌਕੇ ਸੌਂਦ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਹਰੇਕ ਪਿੰਡ ਲਈ ਦੋ ਸਥਾਨ ਬਹੁਤ ਖਾਸ ਹੁੰਦੇ ਹਨ। ਇੱਕ ਪਿੰਡ ਦਾ ਖੇਡ ਮੈਦਾਨ ਅਤੇ ਦੂਜਾ ਪਿੰਡ ਦਾ ਛੱਪੜ। ਇਨ੍ਹਾਂ ਦੋਹਾਂ ਤੋਂ ਪਿੰਡ ਦੀ ਖੁਸ਼ਹਾਲੀ ਤੇ ਪਿੰਡ ਦੀ ਜਵਾਨੀ ਬਾਰੇ ਪਤਾ ਚੱਲ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਨੇ ਪੰਜਾਬ ਦੇ ਸਾਰੇ ਪਿੰਡਾਂ ਵਿੱਚ ਖੇਡ ਮੈਦਾਨ ਬਣਾਉਣ ਜਾਂ ਮੌਜੂਦਾ ਖੇਡ ਮੈਦਾਨ ਨੂੰ ਅੱਪਗ੍ਰੇਡ ਕਰਨ ਦਾ ਟੀਚਾ ਮਿੱਥਿਆ ਹੈ ਅਤੇ ਸਾਰੇ ਪੰਜਾਬ ਦੇ ਛੱਪੜਾਂ ਦੀ ਸਫਾਈ ਦਾ ਬੀੜਾ ਚੁੱਕਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਪੇਂਡੂ ਪੁਨਰ ਸੁਰਜੀਤੀ ਮਿਸ਼ਨ ਦੇ ਹਿੱਸੇ ਵਜੋਂ, ਪੰਜਾਬ ਸਰਕਾਰ ਸੂਬੇ ਭਰ ਦੇ ਪਿੰਡਾਂ ਵਿੱਚ 13000 ਤੋਂ ਵੱਧ ਖੇਡ ਮੈਦਾਨ ਬਣਾਉਣ ਜਾਂ ਅੱਪਗ੍ਰੇਡ ਕਰ ਰਹੀ ਹੈ। ਇਹ ਇੱਕ ਅਜਿਹਾ ਕਦਮ ਹੈ ਜੋ ਪਿੰਡਾਂ 'ਚ ਵੱਸਦੇ ਨੌਜਵਾਨਾਂ ਦੇ ਭਵਿੱਖ ਪ੍ਰਤੀ ਸਰਕਾਰ ਦੀ ਡੂੰਘੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਖੇਡ ਮੈਦਾਨ ਸਰਕਾਰ ਦੇ 'ਨਸ਼ਾ-ਮੁਕਤ ਪੰਜਾਬ' ਦੇ ਦ੍ਰਿਸ਼ਟੀਕੋਣ ਨਾਲ ਸਿੱਧੇ ਤੌਰ ਉੱਤੇ ਜੁੜਕੇ, ਨੌਜਵਾਨਾਂ ਦੀ ਸ਼ਮੂਲੀਅਤ ਅਤੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਵਿਰੁੱਧ ਰੋਕਥਾਮ ਵਿੱਚ ਅਹਿਮ ਭੂਮਿਕਾ ਅਦਾ ਕਰਨਗੇ। ਉਨ੍ਹਾਂ ਦੱਸਿਆ ਕਿ ਪੇਂਡੂ ਖੇਡ ਮੈਦਾਨਾਂ ਦੀ ਸਕੀਮ ਸਾਰੇ 154 ਬਲਾਕਾਂ ਵਿੱਚ ਲਾਗੂ ਕੀਤੀ ਜਾ ਰਹੀ ਹੈ। ਪਿੰਡਾਂ ਦੀ ਨੁਹਾਰ ਬਦਲਣ ਲਈ 3,500 ਕਰੋੜ ਰੁਪਏ ਦੇ ਬਜਟ ਫੰਡਾਂ ਦੀ ਵਰਤੋਂ ਦੇ ਨਾਲ ਨਾਲ ਮਨਰੇਗਾ ਅਤੇ ਵਿੱਤ ਕਮਿਸ਼ਨ ਦੀਆਂ ਗ੍ਰਾਂਟਾਂ ਵਰਗੀਆਂ ਸਕੀਮਾਂ ਦੀ ਵਰਤੋਂ ਕੀਤੀ ਜਾਵੇਗੀ ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਭਰ ਵਿੱਚ 3,000 ਮਾਡਲ ਖੇਡ ਦੇ ਮੈਦਾਨ ਬਣਾਏ ਜਾ ਰਹੇ ਹਨ ਜਿਸ ਵਿੱਚ ਸਥਾਨਕ ਤੌਰ 'ਤੇ ਪ੍ਰਸਿੱਧ ਖੇਡਾਂ ਨੂੰ ਉਤਸ਼ਾਹਿਤ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਸੂਬੇ ਵਿਚਲੇ 4300 ਮੌਜੂਦਾ ਖੇਡ ਮੈਦਾਨਾਂ ਨੂੰ ਵੀ ਅੱਪਗ੍ਰੇਡ ਕੀਤਾ ਜਾ ਰਿਹਾ ਹੈ ਤੇ ਕਈ ਪਿੰਡਾਂ ਵਿੱਚ ਨਵੇਂ ਖੇਡ ਮੈਦਾਨਾਂ ਦੀ ਉਸਾਰੀ ਜਾਰੀ ਹੈ। ਉਨ੍ਹਾਂ ਇਸ ਗੱਲ 'ਤੇ ਚਿੰਤਾ ਜਤਾਈ ਕਿ ਬਹੁਤ ਸਾਰੇ ਪੇਂਡੂ ਬੱਚੇ ਖੇਡ ਦੇ ਮੈਦਾਨਾਂ ਜਾਂ ਖੇਡ ਸਹੂਲਤਾਂ ਤੱਕ ਪਹੁੰਚ ਤੋਂ ਬਿਨਾਂ ਵੱਡੇ ਹੁੰਦੇ ਹਨ। ਉਨ੍ਹਾਂ ਦੱਸਿਆ ਕਿ ਦਹਾਕਿਆਂ ਵਿੱਚ ਪਹਿਲੀ ਵਾਰ ਪੰਜਾਬ ਦੇ ਸਾਰੇ ਛੱਪੜਾਂ ਵਿੱਚ ਵੱਡੇ ਪੱਧਰ 'ਤੇ ਡੀ-ਵਾਟਰਿੰਗ ਅਤੇ ਡੀ-ਸਿਲਟਿੰਗ ਕੀਤੀ ਜਾ ਰਹੀ ਹੈ ਜਿਸ ਨਾਲ ਗੰਦੇ ਪਾਣੀ ਨੂੰ ਸਾਫ਼ ਕਰਕੇ ਪਾਣੀ ਦੀ ਸਟੋਰੇਜ ਸਮਰੱਥਾ ਅਤੇ ਕੁਦਰਤੀ ਵਹਾਅ ਨੂੰ ਮਹੱਤਵਪੂਰਨ ਢੰਗ ਨਾਲ ਵਧਾਇਆ ਜਾ ਰਿਹਾ ਹੈ। ਇਸ ਮੌਕੇ ਏਡੀਸੀ ਦਿਹਾਤੀ ਵਿਕਾਸ ਅਮਰਿੰਦਰ ਸਿੰਘ ਟਿਵਾਣਾ, ਐਸ ਡੀ ਐਮ ਰਾਜਪੁਰਾ ਅਵਿਕੇਸ਼ ਗੁਪਤਾ, ਬੀਡੀਪੀਓ ਬਨਦੀਪ ਸਿੰਘ ਗਿੱਲ ਅਤੇ ਨੇੜਲੇ ਪਿੰਡਾਂ ਦੇ ਸਰਪੰਚ ਪੰਚ ਅਤੇ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀ ਮੌਜੂਦ ਸਨ।

## ਗੁ: ਸਾਹਿਬ ਪਾਤਸ਼ਾਹੀ ਨੌਵੀਂ ਆਕੜ ਵਿਖੇ ਆਪ ਆਗੂ ਸਤਨਾਮ ਸਿੰਘ ਆਕੜ ਨੇ ਕੈਮਰੇ ਲਗਾਉਣ ਲਈ 1 ਦੀ ਰਾਸ਼ੀ ਦਾ ਚੈੱਕ ਕੀਤਾ ਭੇਂਟ



ਰਾਜਪੁਰਾ, 15 ਮਈ (ਆਵਾਜ਼ਿ ਕੌਮ ਬਿਊਰੋ):ਇਥੋਂ ਨੇੜਲੇ ਪਿੰਡ ਆਕੜ ਵਿਖੇ ਸਥਿਤ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਵਿਖੇ ਮੈਨੇਜਰ ਮਨਜੀਤ ਸਿੰਘ ਦੀ ਅਗਵਾਈ ਵਿੱਚ ਸਮਾਰੋਹ ਕਰਵਾਇਆ ਗਿਆ। ਜਿਸ ਵਿੱਚ ਵਿਸ਼ੇਸ਼ ਤੌਰ ਉੱਤੇ ਆਮ ਆਦਮੀ ਪਾਰਟੀ ਹਲਕਾ ਘਨੌਰ ਦੇ ਸੀਨੀਅਰ ਆਗੂ ਸਤਨਾਮ ਸਿੰਘ ਸਾਬਕਾ ਸਰਪੰਚ, ਸੁਖਜੀਤ ਕੌਰ ਸਰਪੰਚ ਪਿੰਡ ਆਕੜ, ਜਸਕਰਨ ਸਿੰਘ ਐਮਡੀ ਕਰਨ ਫਿਲਿੰਗ ਸਟੇਸ਼ਨ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਕੇ ਆਪਣੇ ਵੱਲੋਂ ਨਿੱਜੀ ਤੌਰ ਉੱਤੇ ਗੁਰਦੁਆਰਾ ਸਾਹਿਬ ਵਿਖੇ ਡਿਜੀਟਲ ਕੈਮਰੇ ਲਗਵਾਉਣ ਦੇ ਲਈ 1 ਲੱਖ ਰੁਪਏ ਦੀ ਰਾਸ਼ੀ ਭੇਂਟ ਕੀਤੀ ਗਈ। ਇਸ ਦੌਰਾਨ ਗੁਰਦੁਆਰਾ ਸਾਹਿਬ ਦੇ ਮੈਨੇਜਰ ਮਨਜੀਤ ਸਿੰਘ ਅਤੇ ਹੈਡ ਗ੍ਰੰਥੀ ਬਿਕਰਮ ਸਿੰਘ ਵੱਲੋਂ ਆਪ ਆਗੂ ਸਤਨਾਮ ਸਿੰਘ ਆਕੜ ਅਤੇ ਸਰਪੰਚ ਸੁਖਜੀਤ ਕੌਰ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕਰਦਿਆਂ ਦਿੱਤੀ ਗਈ ਰਾਸ਼ੀ ਬਦਲੇ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਸਤਨਾਮ ਸਿੰਘ ਆਕੜ ਪਿਛਲੇ ਲੰਮੇ ਸਮੇਂ ਤੋਂ ਗੁਰਦੁਆਰਾ ਸਾਹਿਬ ਦੀ ਸੇਵਾ ਦੇ ਵਿੱਚ ਜੁੜੇ ਹੋਏ ਹਨ।

# ਪੰਥ ਅਤੇ ਪੰਜਾਬ ਦੇ ਮੁੱਦਿਆਂ ਬਾਰੇ ਪੰਜਆਬ ਮੈਗਜ਼ੀਨ, ਵੈੱਬਸਾਈਟ ਅਤੇ ਐਪ ਜਾਰੀ



ਅੰਮ੍ਰਿਤਸਰ, 15 ਮਈ ( ਆਵਾਜ਼ਿ ਕੌਮ ਬਿਊਰੋ): ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਦੇ ਹਾਲ ਗੇਟ ਨੇੜੇ ਪੰਥ ਅਤੇ ਪੰਜਾਬ ਦੇ ਮੁੱਦਿਆਂ ਬਾਬਤ ਆਗੂਆਂ ਵੱਲੋਂ ਪ੍ਰੈੱਸ ਕਾਨਫਰੰਸ ਕੀਤੀ ਗਈ ਜਿਸ ਵਿੱਚ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਅਤੇ ਪੰਥਕ ਲੇਖਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਪੰਜਆਬ ਮੈਗਜ਼ੀਨ ਦੇ ਮੁੱਖ ਸੰਪਾਦਕ ਭਾਈ ਮਨਜੀਤ ਸਿੰਘ ਭੋਗਲ ਜਰਮਨੀ, ਖ਼ਾਲਸਾ ਫ਼ਤਹਿਨਾਮਾ ਦੇ ਮੁੱਖ ਸੰਪਾਦਕ ਸ. ਰਣਜੀਤ ਸਿੰਘ, ਪੀਘਾਂ ਸੋਚ ਦੀਆਂ ਸਾਹਿਤ ਮੰਚ ਦੇ ਸੰਚਾਲਕ ਬੀਬੀ ਰਸ਼ਿਪੰਦਰ ਕੌਰ ਗਿੱਲ, ਫੈਡਰੇਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ ਅਤੇ ਜਨਰਲ ਸਕੱਤਰ ਭਾਈ ਗਗਨਦੀਪ ਸਿੰਘ ਸੁਲਤਾਨਵਿੰਡ ਨੇ ਵਿਚਾਰ ਪ੍ਰਗਟਾਏ। ਇਸ ਮੌਕੇ ਇਹਨਾਂ ਆਗੂਆਂ ਵੱਲੋਂ ਪੰਜਆਬ ਮੈਗਜ਼ੀਨ, ਪੰਜਆਬ ਅਖ਼ਬਾਰ, ਪੰਜਆਬ ਵੈੱਬਸਾਈਟ ਅਤੇ ਪੰਜਆਬ ਐਪ ਵੀ ਜਾਰੀ ਕੀਤੀ ਗਈ। ਪੱਤਰਕਾਰਾਂ ਨੂੰ ਸੰਬੋਧਨ ਹੁੰਦਿਆਂ ਪੰਜਆਬ ਮੈਗਜ਼ੀਨ ਅਤੇ ਅਖ਼ਬਾਰ ਦੇ ਮੁੱਖ ਸੰਪਾਦਕ ਭਾਈ ਮਨਜੀਤ ਸਿੰਘ ਭੋਗਲ ਜਰਮਨੀ ਨੇ ਕਿਹਾ ਕਿ ਪੰਥ ਅਤੇ ਪੰਜਾਬ ਦੀ ਅਜੋਕੀ ਪੀੜ੍ਹੀ ਨੂੰ ਆਪਣੇ ਇਤਿਹਾਸ ਅਤੇ ਵਿਰਸੇ ਨਾਲ ਜੋੜਨ ਲਈ ਜਰਮਨ ਤੋਂ ਇਹ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਅਸੀਂ ਆਪਣੀ ਲੋਕਾਈ ਤੱਕ ਸਹੀ ਜਾਣਕਾਰੀ ਪਹੁੰਚਾ ਸਕੀਏ ਅਤੇ ਪੰਜਾਬ ਵਿਰੋਧੀ ਸਰਕਾਰੀ ਬਿਰਤਾਂਤ ਨੂੰ ਤੋੜ ਸਕੀਏ। ਉਹਨਾਂ ਕਿਹਾ ਕਿ ਵਿਦੇਸ਼ਾਂ ਵਿੱਚ ਬੈਠੇ ਹੋਏ ਵੀ ਅਸੀਂ ਪੰਥ ਅਤੇ ਪੰਜਾਬ ਪ੍ਰਤੀ ਚਿੰਤਤ ਰਹਿੰਦੇ ਹਾਂ ਅਤੇ ਪੰਜਾਬ ਦਾ ਸੁਨਹਿਰੀ ਭਵਿੱਖ ਵੇਖਣਾ ਚਾਹੁੰਦੇ ਹਾਂ। ਉਹਨਾਂ ਕਿਹਾ ਕਿ ਪੰਜਆਬ ਮੈਗਜ਼ੀਨ ਨੂੰ ਅਸੀਂ ਹਰ ਘਰ ਅਤੇ ਪਿੰਡ ਵਿੱਚ ਪਹੁੰਚਾਉਣ ਲਈ ਯਤਨਸ਼ੀਲ ਹਾਂ ਜਿਸ ਵਿੱਚ ਖ਼ਾਸ ਕਰਕੇ ਸਿੱਖ ਸੰਘਰਸ਼, ਪੰਥ ਅਤੇ ਪੰਜਾਬ ਦੇ ਮੁੱਦੇ ਅਤੇ ਸਿੱਖ ਇਤਿਹਾਸ ਬਾਰੇ ਸੰਬੰਧਤ ਲੇਖ ਹੁੰਦੇ ਹਨ ਅਤੇ ਅਖ਼ਬਾਰ ਤੇ ਵੈੱਬਸਾਈਟ ਉੱਤੇ ਸੰਗਤਾਂ ਆਨਲਾਈਨ ਖ਼ਬਰਾਂ ਪੜ੍ਹ ਸਕਦੀਆਂ ਹਨ। ਉਹਨਾਂ ਕਿਹਾ ਕਿ ਇਸ ਕਾਰਜ ਵਿੱਚ ਪੰਜਆਬ ਮੈਗਜ਼ੀਨ ਦੇ ਸਹਿ ਸੰਪਾਦਕ ਅਤੇ ਨਾਮਵਰ ਲੇਖਕ ਡਾ. ਸੁਰਜੀਤ ਸਿੰਘ ਜਰਮਨੀ ਅਹਿਮ ਭੂਮਿਕਾ ਨਿਭਾ ਰਹੇ ਹਨ। ਫੈਡਰੇਸ਼ਨ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸੰਨ 2005 ਤੋਂ ਚੱਲ ਰਿਹਾ ਪੰਥਕ ਮੈਗਜ਼ੀਨ ਖ਼ਾਲਸਾ ਫ਼ਤਹਿਨਾਮਾ ਜੋ ਭਾਰਤੀ ਹਕੂਮਤ, ਮੋਦੀ ਸਰਕਾਰ ਅਤੇ ਫ਼ਿਰਕੂ ਹਿੰਦੂਤਵੀਆਂ ਵੱਲੋਂ ਸਰਕਾਰੀ ਚਾਲਾਂ ਚੱਲ ਕੇ ਪਿਛਲੇ ਸਾਲ ਸੰਨ 2024 'ਚ ਬੰਦ ਕਰਵਾ ਦਿੱਤਾ ਗਿਆ ਸੀ ਜਿਸ ਤੋਂ ਬਾਅਦ ਭਾਈ ਮਨਜੀਤ ਸਿੰਘ ਭੋਗਲ ਜਰਮਨੀ ਤੇ ਡਾਕਟਰ ਸੁਰਜੀਤ ਸਿੰਘ ਜਰਮਨੀ ਨੇ ਵਿਸ਼ੇਸ਼ ਉਪਰਾਲਾ ਕਰਦਿਆਂ ਪੰਜਆਬ ਮੈਗਜ਼ੀਨ ਨੂੰ ਸੰਗਤਾਂ ਵਿੱਚ ਪੇਸ਼ ਕੀਤਾ ਹੈ ਜੋ ਹਰ ਮਹੀਨੇ ਨਿਸ਼ਕਾਮ ਹੀ ਸੰਗਤਾਂ ਵਿੱਚ ਵੰਡਿਆ ਜਾਂਦਾ ਹੈ। ਪੰਜਆਬ ਰਸਾਲਾ ਪੰਥ ਅਤੇ ਪੰਜਾਬ ਦੀ ਆਵਾਜ਼ ਬਣੇਗਾ ਤੇ ਪੰਜਾਬ ਦੇ ਲੋਕਾਂ ਵਿੱਚ ਜਾਗ੍ਰਿਤੀ ਪੈਦਾ ਕਰੇਗਾ। ਖ਼ਾਲਸਾ ਫ਼ਤਹਿਨਾਮਾ ਦੇ ਮੁੱਖ ਸੰਪਾਦਕ ਸ. ਰਣਜੀਤ ਸਿੰਘ ਨੇ ਕਿਹਾ ਕਿ ਸੋਸ਼ਲ ਮੀਡੀਆ ਵਰਤਣ ਵਾਲੇ ਨੌਜਵਾਨਾਂ ਨੂੰ ਵੀ ਗੁਰਬਾਣੀ ਦੀਆਂ ਪੋਥੀਆਂ, ਇਤਿਹਾਸ ਦੀਆਂ ਕਿਤਾਬਾਂ ਅਤੇ ਪੰਥਕ ਰਸਾਲਿਆਂ ਤੋਂ ਦੂਰ ਨਹੀਂ ਹੋਣਾ ਚਾਹੀਦਾ ਤੇ ਉਹਨਾਂ ਵਿੱਚ ਪੜ੍ਹਨ ਦੀ ਚੇਟਕ ਜ਼ਰੂਰੀ ਹੋਣੀ ਚਾਹੀਦੀ ਹੈ। ਪੀਘਾਂ ਸੋਚ ਦੀਆਂ ਮੈਗਜ਼ੀਨ ਦੇ ਸੰਪਾਦਕ ਬੀਬੀ ਰਸ਼ਿਪੰਦਰ ਕੌਰ ਗਿੱਲ ਨੇ ਕਿਹਾ ਕਿ ਪੰਜਆਬ ਰਸਾਲਾ ਅਤੇ ਪੰਜਾਬ ਅਖ਼ਬਾਰ ਨਾਲ ਲੇਖਕਾਂ ਤੇ ਪੱਤਰਕਾਰਾਂ ਨੂੰ ਇੱਕ ਹੋਰ ਮੰਚ ਮਿਲੇਗਾ। ਫੈਡਰੇਸ਼ਨ ਦੇ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ ਨੇ ਕਿਹਾ ਕਿ ਅਸੀਂ ਆਪਣੀ ਅਸੀਂ ਆਪਣੇ ਲੋਕਾਂ ਨੂੰ ਪੰਥ ਅਤੇ ਪੰਜਾਬ ਦੇ ਹੱਕਾਂ ਅਤੇ ਆਜ਼ਾਦੀ ਲਈ ਜਾਗਰੂਕ ਕਰਦੇ ਰਹਾਂਗੇ। ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਅਤੇ ਪੀਘਾਂ ਸੋਚ ਦੀਆਂ ਸਾਹਿਤ ਮੰਚ ਵੱਲੋਂ ਭਾਈ ਮਨਜੀਤ ਸਿੰਘ ਭੋਗਲ ਜਰਮਨੀ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

# 2 ਜੂਨ ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਸਬੰਧ ਵਿੱਚ ਸੰਗਤਾਂ ਵਿੱਚ ਭਾਰੀ ਉਤਸਾਹ

### ਜਥੇਬੰਦੀ ਦੇ ਐਕਟਿੰਗ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਨਾਲ ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਅਤੇ ਜ਼ਿਲ੍ਹਾ ਤਰਨਤਾਰਨ ਦੇ ਪ੍ਰਧਾਨ ਸ੍ਹਾਬ ਨਾਲ ਮੀਟਿੰਗ



**ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ**

ਇੰਟਰਨੈਸ਼ਨਲ ਪੰਥਕ ਦਲ ਦੇ ਐਕਟਿੰਗ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਨਾਲ ਜਿਲਾ ਸ਼੍ਰੀ ਅੰਮ੍ਰਿਤਸਰ ਦੇ ਕਿਸਾਨ ਬਚਾਓ ਮੋਰਚੇ ਦੇ ਪ੍ਰਧਾਨ ਭਾਈ ਸਤਨਾਮ ਸਿੰਘ ਜੀ ਸਪੁੱਤਰ ਭਾਈ ਗੁਰਪਾਲ ਸਿੰਘ ਜੀ ਸੈਦੋਲੇਹਲ ਅਤੇ ਜ਼ਿਲ੍ਹਾ ਤਰਨ ਤਾਰਨ ਦੇ ਪ੍ਰਧਾਨ ਭਾਈ ਗੁਰਭੇਜ ਸਿੰਘ ਜੀ ਸਪੁੱਤਰ ਜੱਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਮਿਲਣ ਲਈ ਪਹੁੰਚੇ। ਜੋ ਸ੍ਰੀਮਾਨ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦਾ ਜਨਮ ਦਿਹਾੜਾ 2 ਜੂਨ ਨੂੰ ਪਿੰਡ ਰੋਡੇ ਵਿਖੇ ਮਨਾਇਆ ਜਾ ਰਿਹਾ ਹੈ ਇਸ ਸਬੰਧ ਵਿੱਚ ਜ਼ਿਲ੍ਹਾ ਪ੍ਰਧਾਨ ਅਤੇ ਜਥੇਬੰਦੀ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨਾਲ ਮੀਟਿੰਗ ਕੀਤੀ ਗਈ। ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਨੇ ਦੱਸਿਆ ਕਿ 2 ਜੂਨ ਨੂੰ ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ ਪਿੰਡ ਰੋਡੇ ਵਿਖੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੇ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਉਦਮ ਸਦਕਾ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ। ਇਸ ਸਬੰਧ ਵਿੱਚ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਵੱਲੋਂ ਜਿਲਾ ਪ੍ਰਧਾਨਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਅਸਟਰੀਆ ਯੂਰਪ ਦੇ ਪ੍ਰਧਾਨ ਜੱਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਨਾਲ ਫੋਨ ਰਾਹੀਂ 2 ਜੂਨ ਦੇ ਸਬੰਧ ਵਿੱਚ ਗੱਲਬਾਤ ਕੀਤੀ ਗਈ।ਨਾਲ਼ ਭਾਈ ਰਜਿੰਦਰ ਸਿੰਘ ਜੀ ਰਾਜਾ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ ਵੱਲੋਂ ਭਾਈ ਗਗਨਦੀਪ ਸਿੰਘ ਜੀ ਅਤੇ ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ ਪ੍ਰੈਸ ਸਕੱਤਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243